ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 20 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੮ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਯੂ. ਏ. ਈ. 'ਚ ਆਏ ਹੜ੍ਹਾਂ ਕਾਰਨ ਭਾਰਤੀ ਦੂਤਾਵਾਸ ਨੇ ਜਾਰੀ ਕੀਤੀ ਐਡਵਾਈਜ਼ਰੀ, ਗ਼ੈਰ ਜ਼ਰੂਰੀ ਯਾਤਰਾ ਨਾ ਕਰਨ ਦੀ ਦਿੱਤੀ ਸਲਾਹ

**ਦੁਬਈ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੰਯੁਕਤ ਅਰਬ ਅਮੀਰਾਤ ਵਿੱਚ ਭਾਰਤੀ ਦੂਤਾਵਾਸ ਨੇ ਦੁਬਈ ਇੰਟਰਨੈਸ਼ਨਲ ਏਅਰਪੋਰਟ ਤੋਂ ਯਾਤਰਾ ਕਰਨ ਜਾਂ ਇਸ ਰਾਹੀਂ ਜਾਣ ਵਾਲੇ ਭਾਰਤੀ ਯਾਤਰੀਆਂ ਨੂੰ ਸਲਾਹ ਦਿੱਤੀ ਹੈ ਕਿ ਉਹ ਦੇਸ਼ ਵਿੱਚ ਪਏ ਮੀਂਹ ਤੋਂ ਬਾਅਦ ਵਿਗੜੇ ਹਲਾਤਾਂ ਕਾਰਨ ਆਪਣੀ ਗੈ਼ਰ ਜ਼ਰੂਰੀ ਯਾਤਰਾ ਨੂੰ ਕੁਝ ਸਮੇਂ ਲਈ ਟਾਲ ਦੇਣ। ਸ਼ੁੱਕਰਵਾਰ ਨੂੰ ਇਹ "ਮਹੱਤਵਪੂਰਨ ਸਲਾਹ" ਉਦੋਂ ਆਈ ਹੈ ਜਦੋਂ ਸੰਯੁਕਤ ਅਰਬ ਅਮੀਰਾਤ (ਯੂਏਈ) ਇਸ ਹਫ਼ਤੇ ਪਏ ਬੇਮਿਸਾਲਮ ਮੀਂਹ ਤੋਂ ਬਾਅਦ ਮੁੜ ਪਟੜੀ ਉੱਤੇ ਆ ਰਿਹਾ ਹੈ। ਦੁਬਈ ਤੇ ਨੇੜਲੇ ਇਲਾਕਿਆਂ ਵਿੱਚ ਪਏ ਮੀਂਹ ਨਾਲ ਹੜ੍ਹ ਵਰਗੇ ਹਲਾਤ ਬਣ ਗਏ ਸਨ। ਐਡਵਾਈਜ਼ਰੀ ਵਿੱਚ ਦੂਤਾਵਾਸ ਨੇ ਕਿਹਾ ਕਿ ਜਦੋਂ ਕਿ ਸੰਯੁਕਤ ਅਰਬ ਅਮੀਰਾਤ ਦੇ ਅਧਿਕਾਰੀ ਸੰਚਾਲਨ ਨੂੰ ਆਮ ਬਣਾਉਣ ਲਈ 24 ਘੰਟੇ ਕੰਮ ਕਰ ਰਹੇ ਹਨ, ਹਵਾਈ ਅੱਡੇ ਦੇ ਅਧਿਕਾਰੀਆਂ ਨੇ ਸਲਾਹ ਦਿੱਤੀ ਹੈ ਕਿ ਯਾਤਰੀ ਹਵਾਈ ਅੱਡੇ ਤੋਂ ਉਡਾਣ ਦੀ ਮਿਤੀ ਅਤੇ ਸਮੇਂ ਬਾਰੇ ਸਬੰਧਤ ਏਅਰਲਾਈਨਾਂ ਤੋਂ ਅੰਤਿਮ ਪੁਸ਼ਟੀ ਹੋਣ ਤੋਂ ਬਾਅਦ ਹੀ ਯਾਤਰਾ ਕਰ ਸਕਦੇ ਹਨ। ਇਸ ਹਫ਼ਤੇ ਦੇ ਸ਼ੁਰੂ ਵਿੱਚ ਯੂਏਈ ਵਿੱਚ ਬੇਮਿਸਾਲ ਮੌਸਮੀ ਸਥਿਤੀਆਂ ਕਾਰਨ ਹੋਏ ਵਿਘਨ ਦੇ ਕਾਰਨ, ਦੁਬਈ ਅੰਤਰਰਾਸ਼ਟਰੀ ਹਵਾਈ ਅੱਡੇ ਨੇ ਅਸਥਾਈ ਤੌਰ 'ਤੇ ਆਉਣ ਵਾਲੀਆਂ ਉਡਾਣਾਂ ਦੀ ਗਿਣਤੀ ਨੂੰ ਸੀਮਤ ਕਰ ਦਿੱਤਾ ਹੈ, ਭਾਰਤੀ ਦੂਤਾਵਾਸ ਨੇ ਸਲਾਹ ਦਿੰਦਿਆਂ ਕਿਹਾ ਹੈ ਕਿ ਦੁਬਈ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਯਾਤਰਾ ਕਰਨ ਵਾਲੇ ਜਾਂ ਇਸ ਤੋਂ ਲੰਘਣ ਵਾਲੇ ਭਾਰਤੀ ਯਾਤਰੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਜਦੋਂ ਤੱਕ ਸੰਚਾਲਨ ਆਮ ਨਹੀਂ ਹੁੰਦਾ, ਉਦੋਂ ਤੱਕ ਗੈਰ-ਜ਼ਰੂਰੀ ਯਾਤਰਾ ਨੂੰ ਟਾਲ ਦਿੱਤਾ ਜਾਵੇ।

## ਸ਼ਹਿਰੀਆਂ ਲਈ ਰਾਹਤ ਤੇ ਕਿਸਾਨਾਂ ਲਈ ਆਫ਼ਤ ਦੇ ਬੱਦਲ !

# ਝੱਖੜ ਤੇ ਮੀਂਹ ਨੇ ਸੁੱਕਣੇ ਪਾਏ ਕਿਸਾਨ



**ਚੰਡੀਗੜ੍ਹ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਸ਼ੁੱਕਰਵਾਰ ਬਾਅਦ ਦੁਪਹਿਰ ਮੌਸਮ ਬਦਲ ਗਿਆ। ਕਈ ਜ਼ਿਲ੍ਹਿਆਂ ਵਿੱਚ ਤੇਜ਼ ਹਨੇਰੀ ਨਾਲ ਮੀਂਹ ਸ਼ੁਰੂ ਹੋ ਗਿਆ ਹੈ। ਇਸ ਮੌਕੇ ਕਈ ਥਾਵਾਂ ਉੱਤੇ ਗੜ੍ਹੇਮਾਰੀ ਵੀ ਹੋਈ ਹੈ। ਇਸ ਨਾਲ ਲੋਕਾਂ ਨੂੰ ਗਰਮੀ ਤੋਂ ਰਾਹਤ ਤਾਂ ਜ਼ਰੂਰ ਮਿਲੀ ਹੈ ਪਰ ਇਸ ਨੇ ਕਿਸਾਨਾਂ ਦੇ ਸਾਹ ਵੀ ਸੂਤ ਦਿੱਤੇ ਹਨ। ਸੂਬੇ ਵਿੱਚ ਇਸ ਵੇਲੇ ਕਣਕ ਦੀ ਵਾਢੀ ਪੂਰੇ ਜੋਬਨ ਉੱਤੇ ਹੈ ਤੇ ਅਜਿਹੇ ਵਿੱਚ ਮੀਂਹ ਨੇ ਕਿਸਾਨਾਂ ਦੇ ਹੱਸਦੇ ਚਿਹਰਿਆਂ ਉੱਤੇ ਚਿੰਤਾਵਾਂ ਦੀਆਂ ਝੁਰੜੀਆਂ ਪਾ ਦਿੱਤੀਆਂ ਹਨ। ਦੱਸ ਦਈਏ ਕਿ ਗੁਰਦਾਸਪੁਰ 'ਚ ਵੀ ਹਨੇਰੀ ਦੇ ਨਾਲ ਮੀਂਹ ਪਿਆ। ਕਪੂਰਥਲਾ 'ਚ ਤੇਜ਼ ਹਨੇਰੀ ਤੋਂ ਬਾਅਦ ਕੁਝ ਸਮੇਂ ਲਈ ਮੀਂਹ ਪਿਆ। ਜਲੰਧਰ 'ਚ ਤੇਜ਼ ਹਵਾਵਾਂ ਦੇ ਨਾਲ ਮੀਂਹ ਪਿਆ ਹੈ। ਪਟਿਆਲਾ ਵਿੱਚ ਵੀ ਮੌਸਮ ਬਦਲ ਗਿਆ ਹੈ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਜੋ ਗੜ੍ਹੇਮਾਰੀ ਹੋਈ ਹੈ ਇਹ ਕੋਈ ਫ਼ਾਇਦੇਮੰਦ ਮੀਂਹ ਨਹੀਂ ਹੈ ਕਿਉਂਕਿ ਫ਼ਸਲਾਂ ਪੱਕੀਆਂ ਹੋਈਆਂ ਹਨ। ਜੇ ਪੱਕੀ ਫ਼ਸਲ ਉੱਤੇ ਮੀਂਹ ਪੈ ਜਾਵੇ ਤਾਂ ਕਵੀਲਦਾਰੀਆਂ ਲੀਹ ਤੋਂ ਲਹਿ ਜਾਂਦੀਆਂ ਹਨ। ਇਸ ਮੌਕੇ ਮੁੱਖ ਮੰਤਰੀ ਮਾਨ ਨੇ ਭਰੋਸਾ ਦਿੱਤਾ ਕਿ ਕਿਸਾਨਾਂ ਦੀ ਖ਼ਰਾਬ ਹੋਈ ਫ਼ਸਲ ਦੇ ਇੱਕ ਇੱਕ ਦਾਣੇ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ। ਮਾਨ ਨੇ ਕਿਹਾ ਕਿ ਕੁਦਰਤ ਉੱਤੇ ਕਿਸੇ ਦਾ ਜ਼ੋਰ ਨਹੀਂ ਚਲਦਾ ਪਰ ਪੰਜਾਬ ਸਰਕਾਰ ਤੁਹਾਡੇ ਨਾਲ ਖੜ੍ਹੀ ਹੈ।

## ਮੀਂਹ ਨਾਲ ਖ਼ਰਾਬ ਹੋਏ ਇੱਕ-ਇੱਕ ਦਾਣੇ ਦੀ ਭਰਪਾਈ ਕਰੇਗੀ ਸਰਕਾਰ, ਵਰ੍ਹਦੇ ਮੀਂਹ ਨੇ ਮੁੱਖ ਮੰਤਰੀ ਮਾਨ ਨੇ ਕੀਤਾ ਐਲਾਨ



**ਚੰਡੀਗੜ੍ਹ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ 19 ਅਪ੍ਰੈਲ ਨੂੰ ਦੁਪਿਹਰ ਤੋਂ ਬਾਅਦ ਮੌਸਮ ਦਾ ਮਜਾਜ਼ ਇੱਕਦਮ ਬਦਲ ਗਿਆ। ਪੰਜਾਬ ਵਿੱਚ ਜ਼ਿਆਦਤਰ ਥਾਵਾਂ ਉੱਤੇ ਝੱਖੜ, ਮੀਂਹ ਤੇ ਗੜ੍ਹੇਮਾਰੀ ਹੋਈ ਹੈ ਜਿਸ ਨਾਲ ਬੇਸ਼ੱਕ ਗਰਮੀ ਤੋਂ ਰਾਹਤ ਮਿਲੀ ਹੈ ਪਰ ਇਸ ਨੇ ਕਿਸਾਨਾਂ ਦੀ ਚਿਹਰਿਆਂ ਉੱਤੇ ਚਿੰਤਾਵਾਂ ਦੀਆਂ ਲਕੀਰਾਂ ਪਾ ਦਿੱਤੀਆਂ ਹਨ। ਇਸ ਨਾਲ ਕਿਸਾਨਾਂ ਦੀ ਫ਼ਸਲ ਦਾ ਵੱਡੇ ਪੱਧਰ ਉੱਤੇ ਨੁਕਸਾਨ ਹੋਣ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ। ਇਸ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਹੈ ਕਿ ਸਰਕਾਰ ਉਨ੍ਹਾਂ ਦੇ ਨੁਕਸਾਨ ਦੀ ਭਰਪਾਈ ਕਰੇਗੀ। ਦੱਸ ਦਈਏ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਫ਼ਤਿਹਗੜ੍ਹ ਸਾਹਿਬ ਵਿੱਚ ਚੁਣਾਵੀ ਰੈਲੀ ਨੂੰ ਸੰਬੋਧਨ ਕਰ ਰਹੇ ਸਨ ਜਿਸ ਦੌਰਾਨ ਉੱਥੇ ਮੀਂਹ ਤੇ ਗੜ੍ਹੇਮਾਰੀ ਹੋਈ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਜੋ ਗੜ੍ਹੇਮਾਰੀ ਹੋਈ ਹੈ ਇਹ ਕੋਈ ਫ਼ਾਇਦੇਮੰਦ ਮੀਂਹ ਨਹੀਂ ਹੈ ਕਿਉਂਕਿ ਫ਼ਸਲਾਂ ਪੱਕੀਆਂ ਹੋਈਆਂ ਹਨ। ਜੇ ਪੱਕੀ ਫ਼ਸਲ ਉੱਤੇ ਮੀਂਹ ਪੈ ਜਾਵੇ ਤਾਂ ਕਵੀਲਦਾਰੀਆਂ ਲੀਹ ਤੋਂ ਲਹਿ ਜਾਂਦੀਆਂ ਹਨ। ਇਸ ਮੌਕੇ ਮੁੱਖ ਮੰਤਰੀ ਮਾਨ ਨੇ ਭਰੋਸਾ ਦਿੱਤਾ ਕਿ ਕਿਸਾਨਾਂ ਦੀ ਖ਼ਰਾਬ ਹੋਈ ਫ਼ਸਲ ਦੇ ਇੱਕ ਇੱਕ ਦਾਣੇ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ। ਮਾਨ ਨੇ ਕਿਹਾ ਕਿ ਕੁਦਰਤ ਉੱਤੇ ਕਿਸੇ ਦਾ ਜ਼ੋਰ ਨਹੀਂ ਚਲਦਾ ਪਰ ਪੰਜਾਬ ਸਰਕਾਰ ਤੁਹਾਡੇ ਨਾਲ ਖੜ੍ਹੀ ਹੈ। ਮਾਨ ਨੇ ਕਿਹਾ ਕਿ ਅੱਜ ਇੱਕ ਗੱਲ ਸਾਫ਼ ਹੋ ਗਈ ਕਿ ਭਾਂਵੇ ਮੀਂਹ ਆਵੇ, ਝੱਖੜ ਆਵੇ, ਗੜ੍ਹੇ ਪੈਣ ਭਗਵੰਤ ਮਾਨ ਥੋਡੇ ਨਾਲ ਖੜ੍ਹਾ ਰਹੇਗਾ। ਕੋਈ ਹੋਰ ਹੁੰਦਾ ਤਾਂ ਉਹਨੂੰ ਸੁਰੱਖਿਆ ਆਲੇ ਬੁਲਟ ਪਰੂਫ ਗੱਡੀ ਵਿੱਚ ਬਿਠਾ ਕੇ ਲੈ ਜਾਂਦੇ ਵੀ ਇੱਥੇ ਖ਼ਤਰਾ ਹੈ। ਮਾਨ ਨੇ ਕਿਹਾ ਕਿ ਜਦੋਂ ਤੁਸੀਂ ਮੇਰੇ ਕਰਕੇ ਖੜ੍ਹੇ ਹੋ ਮੈਂ ਵੀ ਤੁਹਾਡੇ ਨਾਲ ਖੜ੍ਹਾ ਹਾਂ।

## ਗੁਰਮੁਖ ਪਿਆਰੇ ਗਿਆਨੀ ਪ੍ਰੀਤਮ ਸਿੰਘ ਜੀ ਨੂੰ ਸ਼ਰਧਾਂਜਲੀਆਂ ਭੇਂਟ ਕਰਦਿਆਂ ਵਿਸ਼ੇਸ਼ ਅੰਕ ਮੰਗਲਵਾਰ 23 ਅਪ੍ਰੈਲ ਨੂੰ

ਗੁਰਮੁਖ ਪਿਆਰੇ ਗਿਆਨੀ ਪ੍ਰੀਤਮ ਸਿੰਘ ਜੀ, ਜੋ ਕਿ ਬੀਤੀ 15 ਅਪ੍ਰੈਲ ਨੂੰ ਗੁਰੂ ਚਰਨਾਂ 'ਚ ਜਾ ਬਿਰਾਜੇ ਸਨ, ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਂਟ ਕਰਦਿਆਂ ਆਵਾਜ਼ਿ ਕੌਮ ਯੂ. ਕੇ. ਵੱਲੋਂ ਵਿਸ਼ੇਸ਼ ਅੰਕ ਮੰਗਲਵਾਰ 23 ਅਪ੍ਰੈਲ ਨੂੰ ਪ੍ਰਕਾਸ਼ਿਤ ਕੀਤਾ ਜਾ ਰਿਹਾ ਹੈ। ਇਸ ਮੌਕੇ ਪ੍ਰਕਾਸ਼ਿਤ ਹਿਤ ਸਮੱਗਰੀ ਤੇ ਸ਼ੋਕ ਸੰਦੇਸ਼ 22 ਅਪ੍ਰੈਲ ਤੱਕ ਭੇਜੇ ਜਾ ਸਕਦੇ ਹਨ।

ਰਘਵੀਰ ਸਿੰਘ ਵਾਲਸਾਲ
-ਮੁੱਖ ਸੰਪਾਦਕ

ਆਵਾਜ਼ਿ ਕੌਮ AWAZE QAUM International Newspaper & WEB TV



## ਦਮਦਮੀ ਟਕਸਾਲ ਮਹਿਤਾ ਵੱਲੋਂ 40ਵੇਂ ਘੱਲੂਘਾਰਾ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮਾਂ ਦੀ ਆਰੰਭਤਾ 1 ਮਈ ਤੋਂ



**ਚੌਂਕ ਮਹਿਤਾ18 ਅਪ੍ਰੈਲ(ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ '84 ਤੀਸਰੇ ਘੱਲੂਘਾਰੇ ਦੀ ਯਾਦ 'ਚ ਹਰ ਸਾਲ 6 ਜੂਨ ਨੂੰ ਸ਼ਹੀਦੀ ਸਮਾਗਮ ਕੀਤੇ ਜਾਂਦੇ ਹਨ,ਜਿਸ

### ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ 6 ਜੂਨ ਤੱਕ ਹੋਣ ਵਾਲੇ ਸ਼ਹੀਦੀ ਸਮਾਗਮਾਂ ਦੀ ਸੂਚੀ ਕੀਤੀ ਜਾਰੀ

ਦੌਰਾਨ ਇਸ ਘੱਲੂਘਾਰੇ ਅੰਦਰ ਸ਼ਹੀਦ ਹੋਏ ਕੌਮੀ ਯੋਧੇ ਦਮਦਮੀ ਟਕਸਾਲ ਦੇ ਚੌਧਵੇਂ ਮੁਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਤੇ ਉਨ੍ਹਾਂ ਨਾਲ ਸ਼ਹਾਦਤ ਦਾ ਜਾਮ ਪੀਣ ਵਾਲੇ ਜਥੇਦਾਰ ਅਮਰੀਕ ਸਿੰਘ, ਜਰਨਲ ਸੁਬੇਗ ਸਿੰਘ ਤੇ ਬਾਬਾ ਠਾਹਰਾ ਸਿੰਘ ਸਮੇਤ ਸ਼ਹੀਦ ਹੋਏ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਨੂੰ ਸ਼ਰਧਾਂ ਦੇ ਫੁੱਲ ਅਰਪਿਤ ਕੀਤੇ ਜਾਂਦੇ ਹਨ ।ਇਸ ਵਾਰ ਇਸ ਘੱਲੂਘਾਰੇ ਨੂੰ 40 ਸਾਲ ਸੰਪੂਰਨ ਹੋਣ 'ਤੇ ਦਮਦਮੀ ਟਕਸਾਲ ਵਿਖੇ 40ਵਾਂ ਘੱਲੂਘਾਰਾ ਦਿਵਸ ਵੱਡੇ ਪੱਧਰ 'ਤੇ ਤੇ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ,ਜਿਸ ਵਿੱਚ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਗਿਣਤੀ 'ਚ ਸੰਗਤਾਂ ਹਾਜ਼ਰੀ ਭਰਨਗੀਆਂ ।ਇਸ 40ਵੇਂ ਸ਼ਹੀਦੀ ਜੋੜ ਮੇਲੇ ਦੇ ਸਮਾਗਮਾਂ ਦੀ ਆਰੰਭਤਾ 1 ਮਈ ਤੋਂ ਹੋਣ ਜਾ ਰਹੀ ਹੈ, ਜਿਸ ਦੌਰਾਨ ਦਮਦਮੀ ਟਕਸਾਲ ਵੱਲੋਂ ਵੱਖ ਵੱਖ ਨਗਰਾਂ 'ਚ ਸ਼ਾਮ ਨੂੰ ਗੁਰਮਤਿ ਸਮਾਗਮ ਕੀਤੇ ਜਾਣਗੇ ।ਇੰਨ੍ਹਾਂ ਸਮਾਗਮਾਂ 'ਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਕੀਰਤਨ ਕਰਨ ਉਪਰੰਤ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਸੰਗਤਾਂ ਨੂੰ ਕਥਾ ਸਰਵਨ ਕਰਾਈ ਜਾਵੇਗੀ ।ਦਮਦਮੀ ਟਕਸਾਲ ਵੱਲੋਂ ਜਾਰੀ ਇਸ ਸੂਚੀ ਅਨੁਸਾਰ ਪਹਿਲਾਂ ਗੁਰਮਤਿ ਸਮਾਗਮ 1 ਮਈ ਨੂੰ ਪਿੰਡ ਜੱਬੋਵਾਲ ਵਿਖੇ ਹੋਵੇਗਾ ਉਪਰੰਤ 2 ਮਈ ਨੂੰ ਜੱਫਰਵਾਲ, 3 ਮਈ ਨੂੰ ਸਹਾਇਪੁਰ, 4 ਮਈ ਨੂੰ ਮੁਰਾਦਪੁਰ, 5 ਮਈ ਨੂੰ ਗੁਰੂ ਕੀ ਬੇਰ, 6 ਮਈ ਨੂੰ ਕਾਹਲਵਾ, 7 ਮਈ ਨੂੰ ਉਦੋਨੰਗਲ, 8 ਮਈ ਨੂੰ ਬਾਬੋਵਾਲ, 9 ਮਈ ਨੂੰ ਧਰਦਿਉ, 11 ਮਈ ਨੂੰ ਬਾਬਾ ਪੱਲਾ ਜੀ ਬੁਤਾਲਾ, 12 ਮਈ ਨੂੰ ਸਦਾਰੰਗ, 13 ਮਈ ਨੂੰ ਸੂਸਾ, 14 ਮਈ ਨੂੰ ਤਲਵੰਡੀ ਵੀਲਾ, 15 ਮਈ ਨੂੰ ਭਾਮ, 16 ਮਈ ਨੂੰ ਭਲਾਈਪੁਰ ਪੂਰਬਾ, 17 ਮਈ ਨੂੰ ਨਿੱਕੇ ਘੁੰਮਣ, 18 ਮਈ ਨੂੰ ਕੰਧ ਸਾਹਿਬ ਬਟਾਲਾ, 19 ਮਈ ਨੂੰ ਫੇਰੂਮਾਨ, 20 ਮਈ ਨੂੰ ਲੀਲ ਕਲਾਂ, 21 ਮਈ ਨੂੰ ਚੌਧਰੀਵਾਲ, 22 ਮਈ ਨੂੰ ਸ੍ਰੀ ਦਰਬਾਰ ਸਾਹਿਬ ਬਾਬਾ ਬਕਾਲਾ ਸਾਹਿਬ, 23 ਮਈ ਨੂੰ ਤਾਹਰਪੁਰ, 24 ਮਈ ਨੂੰ ਬਾਸਰਪੁਰ, 25 ਮਈ ਨੂੰ ਖੱਬੇ ਰਾਜਪੂਤਾਂ, 26 ਮਈ ਨੂੰ ਭੀਲੋਵਾਲ, 27 ਮਈ ਨੂੰ ਜੇਠੂਵਾਲ, 28 ਮਈ ਨੂੰ ਰਾਮ ਥੰਮਣ,29 ਮਈ ਨੂੰ ਮੈਹਣੀਆ ਕੁਹਾਰਾ, 30 ਮਈ ਨੂੰ ਜਲਾਲਉਸਮਾਂ ਤੇ 31 ਮਈ ਦੇ ਸਮਾਗਮ ਮਹਿਤਾ ਚੌਂਕ ਵਿਖੇ ਹੋਣਗੇ ।ਇਸਤੋਂ ਬਾਅਦ ਸ਼ਹੀਦੀ ਹਫਤਾ ਸ਼ੁਰੂ ਹੋਵਗਾ,ਜਿਸ ਅੰਦਰ 1 ਜੂਨ ਤੋਂ 5 ਜੂਨ ਤੱਕ ਸ਼ਾਮ ਦੇ ਦੀਵਾਨ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸਜਾਏ ਜਾਣਗੇ ।ਇੰਨ੍ਹਾਂ ਦੀਵਾਨਾਂ ਅੰਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਸ਼ਬਦ ਕੀਰਤਨ ਕਰਨਗੇ ,ਜਿਸ ਦੌਰਾਨ ਮਨਾਏ ਜਾਣ ਵਾਲੇ ਸ਼ਹੀਦੀ ਜੋੜ ਮੇਲੇ ਅੰਦਰ ਵੱਡਾ ਪੰਥਕ ਇਕੱਠ ਕੀਤਾ ਜਾਵੇਗਾ ਤੇ ਪੰਥ ਪ੍ਰਸਿੱਧ ਸ਼ਖਸ਼ੀਅਤਾਂ ਹਾਜ਼ਰੀ ਭਰਨਗੀਆਂ ਤੇ ਘੱਲੂਘਾਰੇ 'ਚ ਸ਼ਹੀਦ ਹੋਏ ਸਮੂਹ ਸ਼ਹੀਦਾਂ ਨੂੰ ਯਾਦ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ (ਇਸ ਤੋਂ ਇਲਾਵਾ ਇੱਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖੋਜ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਦਸਵੰਧ ਕੱਢ ਕੇ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £650,000 ਦੀ ਹੈ ਆਪ ਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਉਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |


ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵਜੋਂ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk

DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net


# ਪੀੜ੍ਹਤ ਪਰਿਵਾਰਾਂ ਵੱਲੋਂ ਨਗਰ ਸੁਧਾਰ ਟਰੱਸਟ ਵਿਰੁੱਧ ਕੀਤਾ ਰੋਸ਼ ਪ੍ਰਦਰਸ਼ਨ

ਚੌਂਕ ਮਹਿਤਾ19 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )ਨਗਰ ਸੁਧਾਰ ਟਰੱਸਟ ਵੱਲੋਂ 26 ਪਰਿਵਾਰਾਂ ਨੂੰ ਜਹਾਜਗੜ੍ਹ ਵਿਖੇ ਉਜਾੜਨ ਅਤੇ ਉਨ੍ਹਾਂ ਦੀ ਪ੍ਰੋਪਰਟੀ ਨੂੰ ਤਾਲੇ ਮਾਰਨ ਤੋਂ ਬਾਅਦ ਨਾ ਕੋਈ ਮੁਆਵਜ਼ਾ ਅਤੇ ਨਾ ਹੀ ਹੋਰ ਕੀਤੇ ਜਗ੍ਹਾ ਅਲਾਟ ਨਾ ਕਰਨ ਦੇ ਵਿਰੋਧ ਵਿੱਚ 26 ਉਜਾੜੇ ਗਏ ਪਰਿਵਾਰਾਂ ਦੇ ਮੈਂਬਰਾਂ ਨੇ ਉਘੇ ਸਮਾਜ ਸੇਵੀਂ ਅਤੇ ਖੁਦ ਪੀੜਤ ਅਮਰਜੀਤ ਸਿੰਘ ਸੋਹਲ ਦੀ ਅਗਵਾਈ ਵਿੱਚ ਜਹਾਜਗੜ੍ਹ ਜੀ.ਟੀ ਰੋਡ ਵਿਖੇ ਨਗਰ ਸੁਧਾਰ ਟਰੱਸਟ ਦੇ ਵਿਰੁੱਧ ਰੋਸ਼ ਪ੍ਰਦਰਸ਼ਨ ਕੀਤਾ ਅਤੇ ਨਾਅਰੇਬਾਜੀ ਕੀਤੀ ਗਈ.ਇਸ ਮੌਕੇ ਸੋਹਲ ਨੇ ਦੱਸਿਆ ਕਿ 26 ਪਰਿਵਾਰ ਜਹਾਜਗੜ੍ਹ (ਸਕੀਮ ਟਰੱਕ ਕਟੋਂਡ) ਵਿਖੇ 1959 ਤੋਂ ਰਹਿ ਰਹੇ ਸਨ 19 ਅਗਸਤ 2019 ਵਿੱਚ ਨਗਰ ਸੁਧਾਰ ਟਰੱਸਟ ਵੱਲੋਂ ਬਿਨ੍ਹਾਂ ਕਿਸੇ ਰਾਹਤ ਦੇ ਬਿਨ੍ਹਾਂ ਕਿਸੇ ਨੋਟਿਸ ਅਤੇ ਪੱਖ ਸੁਣੇ ਅਤੇ ਕੋਰਟ ਦੇ ਹੁਕਮਾਂ ਦੀ ਪਰਵਾਹ ਨਾ ਕਰਦੇ ਹੋਏ ਇੰਨ੍ਹਾਂ ਪਰਿਵਾਰਾਂ ਨੂੰ ਇਥੋ ਉਠਾ ਦਿੱਤਾ ਅਤੇ ਇੰਨ੍ਹਾਂ ਸਾਰਿਆਂ ਦੀ ਜਗ੍ਹਾਂ ਤੇ ਤਾਲੇ ਲਗਾ ਦਿੱਤੇ ਜਿਸ ਕਾਰਨ ਇੰਨ੍ਹਾਂ ਪਰਿਵਾਰਾਂ ਦੀ ਹਾਲਤ ਬਹੁਤ ਮਾੜੀ ਹੋ ਗਈ ਹੈ ਅਤੇ ਇੰਨ੍ਹਾਂ ਨੂੰ ਰੋਟੀ ਦੇ ਲਾਲੇ ਪੈ ਗਏ ਹਨ ਅਤੇ ਕਈਆਂ ਦੀ ਮੁਆਵਜ਼ੇ ਅਤੇ ਪਲਾਟ ਮਿਲਣ ਵਿੱਚ ਹੋ ਰਹੀ ਦੇਰੀ ਦੇ ਕਾਰਨ ਮੌਤ ਵੀ ਹੋ ਗਈ ਹੈ ਉਨ੍ਹਾਂ ਦੱਸਿਆ ਕਿ ਇੰਨ੍ਹਾਂ ਪਰਿਵਾਰਾਂ ਵੱਲੋਂ ਕੋਰਟ ਵਿੱਚ ਕੀਤੇ ਗਏ ਕੇਸ ਦੌਰਾਨ ਕੋਰਟ ਵੱਲੋਂ ਵੀ ਹਦਾਇਤ ਜਾਰੀ ਕੀਤੀ ਗਈ ਸੀ ਕਿ ਨਗਰ ਸੁਧਾਰ ਟਰੱਸਟ ਪਹਿਲਾਂ ਲੋਕਾਂ ਨੂੰ ਬਦਲਵੀਂ ਜਗ੍ਹਾਂ ਅਤੇ ਮੁਆਵਜ਼ਾ ਦੇਵੇ ਫਿਰ ਇੰਨ੍ਹਾ ਦੀ ਪ੍ਰੋਪਰਟੀ ਤੇ ਤਾਲਾ ਲਗਾਏ।ਪੀੜਤ ਪਰਿਵਾਰਾਂ ਨੇ ਪੰਜਾਬ ਸਰਕਾਰ ਅਤੇ ਨਗਰ ਸੁਧਾਰ ਟਰੱਸਟ ਪਾਸੋਂ ਮੰਗ ਕੀਤੀ ਕਿ ਇੰਨ੍ਹਾਂ 26 ਪਰਿਵਾਰਾਂ ਨੂੰ ਕਿਸੇ ਹੋਰ ਜਗ੍ਹਾਂ ਪਲਾਟ ਅਲਾਟ ਕੀਤੇ ਜਾਣ ਅਤੇ ਇੰਨ੍ਹਾਂ ਨੂੰ ਮੁਆਵਜ਼ਾ ਦਿੱਤਾ ਜਾਵੇ ਤਾਂ ਕਿ ਇਹ ਅਪਣੀ ਜ਼ਿੰਦਗੀ ਸੁਖਾਲੀ ਜੀਅ ਸਕਣ ਅਤੇ ਅਪਣੇ ਕਰਜ਼ੇ ਨੂੰ ਲਾ ਸਕਣ ਅਤੇ ਅਪਣੀ ਰੋਜ਼ੀ ਰੋਟੀ ਦਾ ਪ੍ਰਬੰਧ ਕਰ ਸਕਣ।ਪੀੜ੍ਹਤ ਪਰਿਵਾਰ ਦੇ ਮੈਬਰਾਂ ਨੇ ਕਿਹਾ ਕਿ ਜੇਕਰ ਨਗਰ ਸੁਧਾਰ ਟਰੱਸਟ ਨੇ ਉਨ੍ਹਾਂ ਨੂੰ ਬਣਦਾ ਮੁਆਵਜ਼ਾ ਨਾ ਦਿੱਤਾ ਤਾਂ ਉਹ ਸੰਘਰਸ਼ ਨੂੰ ਤੇਜ਼ ਕਰਨ ਲਈ ਮਜ਼ਬੂਰ ਹੋਣਗੇ ਅਤੇ ਹੋਰ ਸਮਾਜ ਸੇਵੀਂ ਜਥਬੰਦੀਆਂ ਨੂੰ ਨਾਲ ਲੈ ਕੇ ਨਗਰ ਸੁਧਾਰ ਟਰੱਸਟ ਅਤੇ ਡੀ.ਸੀ ਦਫਤਰ ਦੇ ਬਾਹਰ ਰੋਸ਼ ਪ੍ਰਦਰਸ਼ਨ ਕਰਨਗੇ।ਇਸ ਮੌਕੇ ਬਾਬਾ ਬਲਵਿੰਦਰ ਸਿੰਘ, ਅਮਰਜੀਤ ਸਿੰਘ ਸੋਹਲ, ਜਗਤਾਰ ਸਿੰਘ ਢੋਟ, ਦਿਲਦਾਰ ਸਿੰਘ, ਹਰਜੀਤ ਸਿੰਘ, ਮਹਿੰਦਰ ਸਿੰਘ ਬਬਲਾ, ਪ੍ਰਿਥੀਪਾਲ ਸਿੰਘ, ਤਰਸੇਮ ਸਿੰਘ, ਹਰਦੀਪ ਸਿੰਘ, ਹਰਜੀਤ ਸਿੰਘ, ਕਵਲਜੀਤ ਕੌਰ, ਬਲਜੀਤ ਕੌਰ, ਸਰਬਜੀਤ ਕੌਰ, ਮਨਜੀਤ ਕੌਰ ਤੋਂ ਇਲਾਵਾ ਹੋਰ ਪੀੜ੍ਹਤ ਪਰਿਵਾਰ ਹਾਜ਼ਰ ਸਨ।





ਆਵਾਜ਼ਿ ਕੌਮ AWAZE QAUM
International Newspaper & WEB TV

24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ   ਾ ਕੰਨਾ   ਿ ਸਿਹਾਰੀ   ੀ ਬਿਹਾਰੀ
ੁ ਔਂਕੜ   ੂ ਦੁਲੈਂਕੜ   ੇ ਲਾਂ   ੈ ਦੁਲਾਵਾਂ
ੋ ਹੋੜਾ   ੌ ਕਨੌੜਾ   ੱ ਟਿੱਪੀ   ਾਂ ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI

# ਐੱਸ.ਐੱਸ.ਪੀ. ਗੁਰਦਾਸਪੁਰ ਹਰੀਸ਼ ਦਾਯਮਾ ਦੀ ਅਗਵਾਈ ਹੇਠ ਪੰਜਾਬ ਪੁਲਿਸ ਤੇ ਅਰਧ ਸੈਨਿਕ ਬਲਾਂ ਦੇ ਜਵਾਨਾਂ ਵੱਲੋਂ ਗੁਰਦਾਸਪੁਰ ਵਿਖੇ ਫਲੈਗ ਮਾਰਚ

## ਲੋਕ ਸਭਾ ਚੋਣਾਂ ਪੂਰੀ ਤਰ੍ਹਾਂ ਅਜ਼ਾਦ, ਸ਼ਾਂਤਮਈ ਅਤੇ ਨਿਰਪੱਖ ਮਹੌਲ ਵਿੱਚ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪੁਲਿਸ ਪੂਰੀ ਤਰ੍ਹਾਂ ਤਿਆਰ - ਐੱਸ.ਐੱਸ.ਪੀ. ਹਰੀਸ਼ ਦਾਯਮਾ



**ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ, 19 ਅਪ੍ਰੈਲ ( ਕੁਲਜੀਤ ਸਿੰਘ ਖੋਖਰ)** -ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਦੇ ਮਕਸਦ ਤਹਿਤ ਐੱਸ.ਐੱਸ.ਪੀ. ਗੁਰਦਾਸਪੁਰ ਹਰੀਸ਼ ਦਾਯਮਾ ਦੀ ਅਗਵਾਈ ਹੇਠ ਅੱਜ ਪੰਜਾਬ ਪੁਲਿਸ, ਬੀ.ਐੱਸ.ਐੱਫ. ਅਤੇ ਏ.ਆਰ.ਪੀ. ਦੇ ਜਵਾਨਾਂ ਵੱਲੋਂ ਗੁਰਦਾਸਪੁਰ ਸ਼ਹਿਰ ਵਿਖੇ ਫਲੈਗ ਮਾਰਚ ਕੱਢਿਆ ਗਿਆ। ਇਹ ਫਲੈਗ ਮਾਰਚ ਪੁਲਿਸ ਲਾਈਨ ਤੋਂ ਸ਼ੁਰੂ ਹੋ ਕੇ ਹਨੂਮਾਨ ਚੌਂਕ, ਗੀਤਾ ਭਵਨ ਚੌਂਕ, ਪੈਟਰੋਲ ਪੰਪ ਸਮੇਤ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿੱਚੋਂ ਹੁੰਦਾ ਵਾਪਸ ਪੁਲਿਸ ਲਾਈਨ ਵਿਖੇ ਪਹੁੰਚ ਕੇ ਸਮਾਪਤ ਹੋਇਆ। ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ ਨੇ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਪੁਲਿਸ ਵਿਭਾਗ ਅਤੇ ਅਰਧ ਸੈਨਿਕ ਬਲਾਂ ਦੀ ਸਮੁੱਚੀ ਟੀਮ ਇਨ੍ਹਾਂ ਚੋਣਾਂ ਨੂੰ ਨਿਰਪੱਖ ਢੰਗ ਨਾਲ ਕਰਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਕਿਸੇ ਤੋਂ ਵੀ ਡਰਨ ਜਾਂ ਦਬਾਅ ਵਿੱਚ ਆਉਣ ਦੀ ਬਿਲਕੁਲ ਵੀ ਜ਼ਰੂਰਤ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਫਲੈਗ ਮਾਰਚ ਰਾਹੀਂ ਸਮਾਜ ਵਿਰੋਧੀ ਅਨਸਰਾਂ ਨੂੰ ਵੀ ਇਹ ਸੁਨੇਹਾ ਦਿੱਤਾ ਗਿਆ ਹੈ ਕਿ ਉਹ ਚੋਣਾਂ ਦੌਰਾਨ ਡਰ ਜਾਂ ਭੈਅ ਦਾ ਮਹੌਲ ਬਣਾਉਣ ਬਾਰੇ ਸੋਚਣ ਵੀ ਨਾ ਕਿਉਂਕਿ ਪੁਲਿਸ ਵਿਭਾਗ ਅਤੇ ਸਾਡੀਆਂ ਸੁਰੱਖਿਆ ਫੋਰਸਾਂ ਅਜਿਹੇ ਅਨਸਰਾਂ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹਨ। ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ ਨੇ ਅੱਗੇ ਕਿਹਾ ਕਿ ਵੋਟ ਪਾਉਣਾ ਸਾਰੇ ਵੋਟਰਾਂ ਦਾ ਸੰਵਿਧਾਨਿਕ ਹੱਕ ਅਤੇ ਵੋਟਰ ਬਿਨਾਂ ਕਿਸੇ ਡਰ, ਭੈਅ ਦੇ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਪੋਲਿੰਗ ਬੂਥਾਂ ਉੱਪਰ ਪਹੁੰਚਣ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਤੇ ਹੋਰ ਸੁਰੱਖਿਆ ਬਲ ਦਿਨ-ਰਾਤ ਲੋਕਾਂ ਦੀ ਸੁਰੱਖਿਆ ਲਈ ਹਾਜ਼ਰ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।



✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# ਅੰਤਿਮ ਸੰਸਕਾਰ 24 ਅਪ੍ਰੈਲ, 12.00 ਵਜੇ

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ।
ਸਚੀ ਦਰਗਹ ਜਾਇ ਸਚਾ ਪਿੜ ਮਲਿਆ।



## ਗਿਆਨੀ ਪ੍ਰੀਤਮ ਸਿੰਘ ਜੀ ਲਿਖਾਰੀ
## Giani Pritam Singh Ji Likhari

**ਦਮਦਮੀ ਟਕਸਾਲ ਜਥਾ ਭਿੰਡਰਾਂ**
Damdami Taksal Jatha Bhindran

(1934 - 15/04/2024)

### Funeral Service - Wednesday 24th April 2024

9:15am **ਅੰਤਿਮ ਦਰਸ਼ਨ**
*Arrival of Cortege at*
Sri Guru Singh Sabha Southall, Guru Nanak Road, UB2 4NP

11:15am **ਅੰਤਿਮ ਯਾਤਰਾ**
*Departure of Cortege*

12:00pm **ਅੰਤਿਮ ਸੰਸਕਾਰ**
Antim Sanskaar
South West Middlesex Crematorium, Hounslow Road, TW13 5JH

2:00pm **ਅਲਾਹਣੀਆ ਦਾ ਪਾਠ, ਸ੍ਰੀ ਸਹਿਜ ਪਾਠ ਭੋਗ, ਅਰਦਾਸ**
*Alahniya Da Paath, Sri Sehaj Paath Bhog, Ardas*
Sri Guru Singh Sabha Southall, Guru Nanak Road, UB2 4NP

Live stream on YouTube.com/DGNSounds




# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ

# ਪਿੰਡ ਰੋਡੇ

## ਵਿਖੇ ਉਨ੍ਹਾਂ ਦੇ ਜਨਮ ਅਸਥਾਨ 'ਤੇ 2 ਜੂਨ ਨੂੰ ਮਨਾਇਆ ਜਾਵੇਗਾ

## ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਬੇਨਤੀ



### ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ

ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਬੇਨਤੀ ਹੈ ਕਿ ਜਥੇਬੰਦੀ ਦੀ ਮੀਟਿੰਗ ਵੀਹਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਜੀ ਦੀ ਪ੍ਰਧਾਨਗੀ ਹੇਠ ਮਿਤੀ 20-04-2024 ਦਿਨ ਸਨੀਵਾਰ ਨੂੰ ਬਾਅਦ ਦੁਪਹਿਰ ਇੱਕ ਵਜੇ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਹੋ ਰਹੀ ਹੈ ਜਿਸ ਵਿੱਚ ਜਥੇਬੰਦੀ ਦੇ ਆਗੂਆਂ ਅਤੇ ਵਰਕਰਾਂ ਦਾ ਪਹੁੰਚਣਾ ਬਹੁਤ ਜਰੂਰੀ ਹੈ ਕਿਉਂਕਿ ਇਸ ਮੀਟਿੰਗ ਵਿੱਚ ਕੁੱਝ ਨਵੇਂ ਮੈਂਬਰਾਂ ਦੀ ਜੁਆਇਨਗ ਅਤੇ ਪੁਰਾਣੇ ਅਹੁਦੇਦਾਰਾਂ ਦੀ ਰੱਦੋਬਦਲ ਵੀ ਕੀਤੀ ਜਾ ਸਕਦੀ ਹੈ ਅਤੇ ਲੋਕ ਸਭਾ ਚੋਣਾਂ ਲਈ ਵੀ ਵਿਚਾਰ ਵਟਾਂਦਰਾ ਕੀਤਾ ਜਾਣਾ ਹੈ।

--* ਬੇਨਤੀ ਕਰਤਾ *--

## ਜਥੇਦਾਰ ਹਰਚੰਦ ਸਿੰਘ ਚਕਰ

ਪੰਜਾਬ ਪ੍ਰਧਾਨ

ਇੰਟਰਨੈਸ਼ਨਲ ਪੰਥਕ ਦਲ

ਸੰਪਰਕ : 98727 25438



ਆਵਾਜ਼ਿ ਕੌਮ AWAZE QAUM
International Newspaper & WEB TV

# ਸੰਮਤ ੫੫੬ ਨਾਨਕਸ਼ਾਹੀ ਕੈਲੰਡਰ




## ਚੇਤ (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

## ਵੈਸਾਖ (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

## ਜੇਠ (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

## ਹਾੜ (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

## ਸਾਵਣ (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

## ਭਾਦੋਂ (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

## ਅੱਸੂ (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

## ਕੱਤਕ (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

## ਮੱਘਰ (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

## ਪੋਹ (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

## ਮਾਘ (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

## ਫੱਗਣ (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

[illegible]

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

## Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਧਾਰਮਿਕ ਸਮਾਗਮ

## 21 ਅਪ੍ਰੈਲ ਦਿਨ ਐਤਵਾਰ

### ★ ਪ੍ਰੋਗਰਾਮ ★

21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।

### ★ ਪ੍ਰਬੰਧਕ ਕਮੇਟੀ ★



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

## ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ

**2-20 Tunbridge Street, Preston, Lancashire PR1 5YP**
**Contact : 01772-798 395/07958 683 500**

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ




# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ

# ਪਿੰਡ ਰੋਡੇ ਵਿਖੇ ਉਨ੍ਹਾਂ ਦੇ ਜਨਮ ਅਸਥਾਨ 'ਤੇ

# 2 ਜੂਨ ਨੂੰ ਮਨਾਇਆ ਜਾਵੇਗਾ

ਇਸ ਸਬੰਧੀ ਅਤੇ ਹੋਰ ਪੰਥਕ ਵਿਚਾਰਾਂ ਕਰਨ ਲਈ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ 20 **ਅਪ੍ਰੈਲ** ਦਿਨ ਸ਼ਨਿੱਚਰਵਾਰ ਨੂੰ ਗੁਰਦੁਆਰਾ ਸੰਤ ਖਾਲਸਾ ਰੋਡੇ ਵਿਖੇ 1.00 ਵਜੇ ਬੁਲਾਈ ਗਈ ਹੈ।



--✶ ਬੇਨਤੀ ਕਰਤਾ ✶--

## ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂਵਾਲੇ

ਮੈਂਬਰ ਸ਼੍ਰੋਮਣੀ ਕਮੇਟੀ, ਸ੍ਰੀ ਅੰਮ੍ਰਿਤਸਰ ਅਤੇ

ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ



THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ
ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ਉ A अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਗੁਰਮਤਿ ਸਮਾਗਮ

ਜਨਮ ਦਿਹਾੜਾ ਸ਼੍ਰੋਮਣੀ ਭਗਤ ਧੰਨਾ ਜੱਟ ਧੂਆ ਕਲਾਂ ਜ਼ਿਲ੍ਹਾ ਟਾਂਕ ਰਾਜਸਥਾਨ ਅਤੇ ਜਨਮ ਦਿਹਾੜਾ ਸ਼ਹੀਦ ਭਾਈ ਮਨੀ ਸਿੰਘ ਪਟਿਆਲਾ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



**ਸ਼ਨੀਵਾਰ 20 ਅਪ੍ਰੈਲ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

ਐਤਵਾਰ 21 ਅਪ੍ਰੈਲ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਅਰੰਭਤਾ ਹੋਵੇਗੀ 9: 30 ਵਜੇ ਭੋਗ ਪੈਣਗੇ।ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਹਜ਼ੂਰੀ ਰਾਗੀ ਭਾਈ ਗੁਰਪ੍ਰਤਾਪ ਸਿੰਘ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਾਲੇ ਕੀਰਤਨ ਰਾਹੀਂ ਗੁਰਬਾਣੀ ਕੀਰਤਨ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778



ਪ੍ਰਣਾਮ ਸ਼ਹੀਦਾਂ ਨੂੰ
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ
ਸ਼ੁਭ ਕਰਮਨ ਤੇ ਕਬਹੂੰ ਨ ਟਰੋਂ
ਸਿੱਖ ਕੌਮ ਦੀ ਚੜ੍ਹਦੀ ਕਲਾ ਅਤੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ
33ਵਾਂ ਸ਼ਹੀਦ ਭਾਈ ਸੁਭਾਸ਼ ਸਿੰਘ ਬੱਬਰ ਖਾਲਸਾ ਇੰਟਰਨੈਸ਼ਨਲ ਜੇਠੂਵਾਲ ਸ਼ਹੀਦੀ ਸਮਾਗਮ
ਬਾਬੇ ਸ਼ਹੀਦਾ ਦੇ ਪਵਿੱਤਰ ਸਥਾਨ ਜੇਠੂਵਾਲ ਵਿਖੇ-ਸ਼ਰਧਾ ਅਤੇ ਭਾਵਨਾ ਨਾਲ
21-4-24 ਦਿਨ ਐਤਵਾਰ ਨੂੰ ਮਨਾਇਆ ਜਾ ਰਿਹਾ ਹੈ।
ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗਿ. ਹਰਨਾਮ ਸਿੰਘ ਖਾਲਸਾ
ਮੁਖੀ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ
ਬੰਦੀ ਸਿੰਘ ਰਿਹਾ ਕਰੋ
ਬੰਦੀ ਸਿੰਘ ਰਿਹਾ ਕਰੋ
ਸ੍ਰੀ ਅਖੰਡ ਪਾਠ ਦੇ ਭੋਗ ਪਾਏ ਜਾਣਗੇ। ਢਾਡੀ ਰਾਗੀ ਗੁਰੂ ਜਸ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਸ਼ਹੀਦਾ ਦੇ ਪਰਿਵਾਰਾ ਨੂੰ ਸਮਾਨਿਤ ਕੀਤਾ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁਧ ਮੋਰਚੇ ਦੌਰਾਨ ਸ਼ਹੀਦ ਹੋਏ ਸਿੰਘਾਂ ਸਿੰਘਣੀਆ ਦੀ ਯਾਦ ਨੂੰ ਸਮਰਪਿਤ ਪੰਜਾਬ ਪੁਲਿਸ ਵੱਲੋਂ ਜਸਵੰਤ ਸਿੰਘ ਖਾਲੜਾ ਸਮੇਤ 28000 ਸਿੱਖ ਨੌਜਵਾਨਾ ਨੂੰ ਚੱਕ ਕੇ ਝੂਠੇ ਪੁਲਿਸ ਮੁਕਾਬਲਿਆ ਦੌਰਾਨ ਸ਼ਹੀਦ ਕੀਤੇ ਗਏ ਨੌਜਵਾਨਾ ਦੇ ਪਰਿਵਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਹਰ ਪਿੰਡ-ਪਿੰਡ ਵਿੱਚ ਸ਼ਹੀਦੀ ਸਮਾਗਮ ਕਰਵਾਏ ਜਾਣ।
ਸ਼੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁੱਧ ਮੋਰਚੇ ਦੌਰਾਨ ਪੰਜਾਬ ਪੁਲਿਸ ਵੱਲੋਂ ਘਰਾਂ ਤੋਂ ਚੁੱਕ ਕੇ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰ ਮੁਕਾਏ ਨੌਜਵਾਨਾ ਦੇ ਪਰਿਵਾਰਾਂ ਨੂੰ ਬੇਨਤੀ ਹੈ ਕਿ ਪੁਲਿਸ ਵੱਲੋਂ ਚੁੱਕੇ ਨੌਜਵਾਨਾ ਦੇ ਘਰ ਆਉਣ ਦੀ ਆਸ ਨੂੰ ਛੱਡ ਕੇ ਪਿੰਡ-ਪਿੰਡ ਸ਼ਹੀਦੀ ਸਮਾਗਮ ਕਰਵਾਉਣ ਲਈ ਸਿੱਖ ਕੌਮ ਦਾ ਸਹਿਯੋਗ ਦਿਉ ਜੀ।
ਜਥੇਦਾਰ ਭਰਾਵਾਂ ਬਲਵਿੰਦਰ ਸਿੰਘ, ਨਿਰਮਲ ਸਿੰਘ ਜੇਠੂਵਾਲ (M) 99148-13471, 98157-25280, 62394-24387
ਲਵਾਰਸਾ ਦੇ ਵਾਰਸ
ਵੱਲੋਂ:- ਜੋਧਪੁਰ ਨਜ਼ਰਬੰਦ ਡਿਟੇਨ ਐਕਸ਼ਨ ਕਮੇਟੀ ਭਿੰਡਰਾਂਵਾਲੇ ਅਤੇ ਲੋਕਲ ਕਮੇਟੀ ਗ੍ਰਾਮ ਪੰਚਾਇਤ। ਜੇਠੂਵਾਲ, ਬਟਾਲਾ
ਮਾਨਯੋਗ ਸੁਪਰੀਮ ਕੋਰਟ ਨੂੰ ਅਪੀਲ ਹੈ ਕਿ ਸੂਹੋ ਮੋਟੋ ਐਕਸ਼ਨ ਲੈ ਕੇ ਤੁਰੰਤ ਭਾਈ ਖਾਲੜਾ ਸਮੇਤ ਭਾਈ ਸ਼ੁਭਾਸ਼ ਸਿੰਘ ਜੇਠੂਵਾਲ ਅਤੇ 28000 ਲਾਵਾਰਸਾਂ ਸਬੰਧੀ ਵਾਰਸਾਂ ਨੂੰ ਨਿਆ ਦਿੱਤਾ ਜਾਵੇ।
ਬੇਨਤੀ ਕਰਤਾ: ਨੇਤਾ ਜੀ ਸ਼ੁਭਾਸ ਸਿੰਘ ਸ਼ਹੀਦ ਬੱਬਰ ਖਾਲਸਾ ਟਰੱਸਟ ਜੇਠੂਵਾਲ, ਜਥੇਦਾਰ ਭਰਾਵਾਂ ਬਲਵਿੰਦਰ ਸਿੰਘ ਜੇਠੂਵਾਲ ਨਿਰਮਲ ਸਿੰਘ ਜੇਠੂਵਾਲ




ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਮੌਂਟਰੀਅਲ: ਸਥਾਨਕ ਸਾਹਿਤਕ ਸੰਸਥਾ 'ਪੰਜਾਬੀ ਕਲਮ ਕੇਂਦਰ' ਮੌਂਟਰੀਅਲ,ਕਨੇਡਾ ਵੱਲੋਂ ਸਰਦ ਰੁੱਤ ਦੇ ਖਤਮ ਹੁੰਦਿਆਂ 'ਬਹਾਰ' ਦੀ ਆਮਦ ਨੂੰ ਖੁਸ਼ਆਮਦੀਦ ਕਹਿਣ ਲਈ ਮਿਤੀ 20/04/2024 ਦਿਨ ਸ਼ਨੀਵਾਰ ਦੀ ਸ਼ਾਮ 3:00 ਤੋਂ 5:45 ਵਜੇ "ਕਾਵਿ–ਸੰਗਮ" ਕਵੀ ਦਰਬਾਰ, ਲੇਕ–ਰੈਜੀਡੈਂਸ, ਲੇਕ ਰੀਊ, ਡੀ ਡੀ ਓ ਮੌਂਟਰੀਅਲ ਵਿਖੇ ਕਰਵਾਇਆ ਜਾ ਰਿਹਾ ਹੈ ।ਇਸ ਕਵੀ ਦਰਬਾਰ 'ਚ ਸਥਾਨਕ ਕਵੀਆਂ ਤੋਂ ਇਲਾਵਾ ਜਿੱਥੇ ਆਸ ਪਾਸ ਦੇ ਨਗਰਾਂ ਤੋਂ ਕਵੀ ਪਹੁੰਚ ਰਹੇ ਹਨ ਉੱਥੇ ਭਾਰਤ ਤੋਂ ਆਏ ਹੋਏ ਕਵੀ ਵੀ ਉਚੇਚੇ ਤੌਰ ਤੇ ਸ਼ਿਰਕਤ ਕਰਨਗੇ ।ਇਸ ਮੌਕੇ ਪੰਜਾਬੀ ਕਲਮ ਕੇਂਦਰ ਦੇ ਕਾਰਜ ਕਰਤਾ ਸ਼ਾਇਰ ਹਰਜਿੰਦਰ ਸਿੰਘ ਪੱਤੜ ਨੇ ਜਾਣਕਾਰੀ ਦਿੰਦਿਆਂ ਕਹਿ ਹੈ ਕਿ ਕਨੇਡਾ ਦੀ ਅਤੀ ਰੁਝੇਵਿਆਂ ਭਰੀ ਜੀਵਨ ਸ਼ੈਲੀ ਵਿਚ ਰੂਹ ਦੀ ਖੁਰਾਕ ਵਜੋਂ ਸਾਹਿਤਕ ਧਾਰਾ ਨਾਲ ਜੁੜਨਾ ਤੇ ਜੋੜਨਾ ਬੇਹੱਦ ਜਰੂਰੀ ਹੈ। ਪੰਜਾਬੀ ਕਲਮ ਕੇਂਦਰ ਮੌਂਟਰੀਅਲ ਦਾ ਨਿਸ਼ਾਨਾ ਆਉਣ ਵਾਲੀ ਪੀੜੀ ਨੂੰ ਪੰਜਾਬੀ ਸਾਹਿਤ– ਸੱਭਿਆਚਾਰ ਨਾਲ ਜੋੜੀ ਰੱਖਣਾ ਤੇ ਮਨੁੱਖੀ ਕਦਰਾਂ ਕੀਮਤਾਂ ਨੂੰ ਬਰਕਰਾਰ ਰਖਣਾ ਹੈ। ਜੋ ਕਿ ਪੰਜਾਬੀ ਕਲਮ ਕੇਂਦਰ,ਮੌਂਟਰੀਅਲ ਅਜਿਹੇ ਮੌਕਿਆਂ ਤੇ ਕਵੀਆਂ ਦਰਬਾਰਾਂ ,ਸਾਹਿਤਕ ਗੋਸ਼ਟੀਆਂ ਅਤੇ ਸਾਹਿਤਕ ਇਕੱਤਰਤਾਵਾਂ ਦੇ ਰੂਪ ਵਿਚ ਨਿਰੰਤਰ ਜਾਰੀ ਰੱਖ ਰਿਹਾ ਹੈ। ਇਹ ਕਵੀ ਦਰਬਾਰ ਵੀ ਇਹਨਾਂ ਯਤਨਾਂ ਦੀ ਕੜੀ ਵਜੋਂ ਹੀ ਆਯੋਜਿਤ ਕੀਤਾ ਜਾ ਰਿਹਾ ਹੈ ।ਇਸ ਮੌਕੇ ਪੰਜਾਬ ਤੋਂ ਸ਼ਾਇਰ ਅਮਰਜੀਤ ਸਿੰਘ ਜੀਤ ਗ.ਜ਼ਲਗੋ,ਕੌਰਨਵਾਲ ਤੋਂ ਸ਼ਾਇਰ ਸ਼ੋਏਬ ,ਸੁਰਜੀਤ ਸਿੰਘ ਪਾਹਵਾ,ਉੱਘੇ ਚਿੱਤਰਕਾਰ ਮਨਜੀਤ ਚਾਤ੍ਰਿਕ , ਬਹੁਭਾਸ਼ਾਈ ਨਾਮਵਰ ਸ਼ਾਇਰ ਸੁਖਵਿੰਦਰ ਜੁਤਲਾ,ਨੌਜਵਾਨ ਸ਼ਾਇਰ ਮੋਹਨ ਪ੍ਰੀਤ ਪੱਤੜ , ਅਮਨਦੀਪ , ਹਰਜਿੰਦਰ ਸਿੰਘ ਪੁਰਵਾ, ਬਹੁ ਵਿਧਾਵੀ ਸ਼ਾਇਰ ਗੁਰਿੰਦਰ ਜੀਤ,ਸੁਰਿੰਦਰ ਪਾਲ ਸਿੰਘ, ਬਕਾਲਮ ਖਾਸ ਹਰਜਿੰਦਰ ਪੱਤੜ ਅਤੇ ਨਿੱਘੇ ਸੱਦੇ ਤੇ ਪੁੱਜੇ ਸਥਾਨਕ ਕਵੀ ਆਪਣੇ ਕਲਾਮ ਨਾਲ ਰੰਗ ਬੰਨ੍ਹਣਗੇ।

### ਪਿੰਡ ਰਾਜਿਆਣਾ (ਮੋਗਾ) ਸੰਤ ਮੀਹਾਂ ਸਿੰਘ ਜੀ ਰਾਜਾਪੀਰ ਝਿੜੀ ਨਿਰਮਲ ਡੇਰਾ ਵਿਖੇ ਭਾਈ ਜਸਕਰਨ ਸਿੰਘ ਘੋਲੀਆ ਅਤੇ ਭਾਈ ਜੀਵਨ ਸਿੰਘ ਰੋਡੇ ਨੇ

# ਕਥਾਂ ਵਿਚਾਰਾਂ ਨਾਲ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ






**ਮੋਗਾ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਦਮਦਮੀ ਟਕਸਾਲ ਦੇ ਵਿਦਿਆਰਥੀ ਭਾਈ ਜਸਕਰਨ ਸਿੰਘ ਜੀ ਅਤੇ ਭਾਈ ਜੀਵਨ ਸਿੰਘ ਰੋਡੇ ਨੇ ਸੰਤ ਮੀਹਾਂ ਸਿੰਘ ਜੀ ਰਾਜਾਪੀਰ ਝਿੜੀ ਨਿਰਮਲ ਡੇਰਾ ਪਿੰਡ ਰਾਜਿਆਣਾ ਮੋਗਾ ਵਿਖੇ ਗੁਰਮਤਿ ਸਮਾਗਮ ਦੁਰਾਨ ਹਾਜ਼ਰੀ ਭਰਕੇ ਸੰਗਤਾਂ ਨੂੰ ਕਥਾ ਵਿਚਾਰਾਂ ਨਾਲ ਗੁਰੂ ਦੇ ਲੜ ਨਾਲ ਜੋੜਿਆ। ਅਤੇ ਗੁਰਬਾਣੀ ਦੀ ਵਿਆਖਿਆ ਕੀਤੀ ਅਤੇ ਗੁਰੂ ਗ੍ਰੰਥ ਸਾਹਿਬ ਜੀ ਦਾ ਉਪਦੇਸ਼ ਦਿੱਤਾ, ਇਲਾਕੇ ਦੀਆਂ ਸਮੂਹ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਲਾਹੇ ਪ੍ਰਾਪਤ ਕੀਤੇ।ਸਮਾਪਤੀ ਉਪਰੰਤ ਗੁਰੂ ਦਾ ਲੰਗਰ ਅਤੁੱਟ ਵਰਤਿਆ, ਇਸ ਮੌਕੇ ਹਾਜ਼ਰ ਭਾਈ ਸੁਖਪ੍ਰੀਤ ਸਿੰਘ ਜੀ ਮੌਜੂਦਾ ਮੁਖੀ ਰਾਜਾਪੀਰ ਝਿੜੀ, ਅਕਾਸ਼ਦੀਪ ਸਿੰਘ, ਜੱਗਾ ਸਿੰਘ, ਸਤਿਨਾਮ ਸਿੰਘ, ਜੱਥੇਦਾਰ ਬਾਬਾ ਬੂਟਾ ਸਿੰਘ, ਸਮੂਹ ਸੇਵਾਦਾਰਾਂ ਵੀਰ ਹਾਜਰ ਸਨ। ਆਵਾਜ਼ਿ ਕੌਮ ਬਿਊਰੋ ਵੱਲੋਂ ਖਾਸ ਰਿਪੋਰਟ

ਆਵਾਜ਼ਿ ਕੌਮ AWAZE QAUM International Newspaper & WEB TV

### ਰੋਟਰੀ ਕਲੱਬ ਵਲੋਂ

# ਵਿਦਿਆਰਥੀਆਂ ਦੇ ਦੰਦਾਂ ਦਾ ਚੈੱਕਅਪ ਕੈਂਪ ਲਗਾਇਆ



**ਅੰਮ੍ਰਿਤਸਰ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਵੱਲੋਂ ਡੀ.ਏ.ਵੀ ਸਕੂਲ ਯਾਸੀਨ ਰੋਡ ਵਿਖੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ DDHO ਡਾਕਟਰ ਜਗਨਜੋਤ ਦੇ ਸਹਿਯੋਗ ਨਾਲ ਦੰਦਾਂ ਦਾ ਚੈਕਅੱਪ ਕੈਂਪ ਲਗਾਇਆ ਗਿਆ ਡਾ.ਸੰਗੀਤਾ ਅਗਰਵਾਲ ਨੇ ਆਪਣੀ ਟੀਮ ਨਾਲ ਵਿਦਿਆਰਥੀਆਂ ਦੇ ਦੰਦਾਂ ਦਾ ਚੈਕਅੱਪ ਕੀਤਾ ਗਿਆ ਸਾਡੇ ਕਲੱਬ ਦੇ ਪਤਵੰਤੇ ਮੈਂਬਰ-ਪੀਪੀ ਉਪਕਾਰ ਸਿੰਘ ਪੀਪੀ ਰੁਪਿੰਦਰ ਕਟਾਰੀਆ ਵੀਪੀ ਪ੍ਰਭਜੋਤ ਕੌਰ ਸਕੱਤਰ ਡਾ ਅਮਰਜੀਤ ਸਿੰਘ ਸਚਦੇਵਾ ਆਰਟੀਐਨ ਟੀਐਸ ਸੋਖੀ ਆਰਟੀਐਨ ਕਪਿਲ ਮਹਿਰਾ ਆਰਟੀਐਨ ਡਾ ਨਵੀਨ ਪਾਂਧੀ ਆਰ ਟੀ ਐਨ ਜਗਜੀਤ ਸਿੰਘ ਆਰਟੀਐਨ ਐਡਵੋਕੇਟ ਅੰਕੁਰ ਗੁਪਤਾ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਟੁੱਥਪੇਸਟ ਟੂਥਬਰੁਸ਼ ਅਤੇ ਸਾਫਟ ਡਰਿੰਕ ਵੰਡੀ ਗਈ ਵਿਦਿਆਰਥੀਆਂ ਦੇ ਚਿਹਰਿਆਂ 'ਤੇ ਖੁਸ਼ੀ ਵੇਖਣ ਨੂੰ ਮਿਲੀ ਸਾਨੂੰ ਯੋਗ ਵਿਦਿਆਰਥੀਆਂ ਦੀ ਸੇਵਾ ਕਰਨ ਲਈ ਪ੍ਰਿੰਸੀਪਲ ਮੈਡਮ ਤਰੁਣ ਦਾ ਧੰਨਵਾਦ ਕੀਤਾ ਅਤੇ ਭਵਿੱਖ ਦੇ ਰੋਟਰੀ ਪ੍ਰੋਗਰਾਮਾਂ ਵਿੱਚ ਵੀ ਸਾਰੇ ਮੈਂਬਰਾਂ ਤੋਂ ਹੋਰ ਸਹਿਯੋਗ ਦੀ ਉਮੀਦ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV



### ਬਾਰ ਐਸੋਸੀਏਸ਼ਨ ਦੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਾਵਾਂਗਾ - ਤਰਨਜੀਤ ਸਿੰਘ ਸੰਧੂ

## ਸੰਧੂ ਨੇ ਸਤਿਕਾਰ ਅਤੇ ਸਮਰਥਨ ਦੇਣ ਲਈ ਸਮੂਹ ਵਕੀਲ ਸਾਹਿਬਾਨ ਦਾ ਧੰਨਵਾਦ ਕੀਤਾ



**ਅੰਮ੍ਰਿਤਸਰ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਬਾਰ ਐਸੋਸੀਏਸ਼ਨ ਅੰਮ੍ਰਿਤਸਰ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨਾਲ ਮੁਲਾਕਾਤ ਕੀਤੀ ਅਤੇ ਅੰਮ੍ਰਿਤਸਰ ਅਤੇ ਬਾਰ ਐਸੋਸੀਏਸ਼ਨ ਦੇ ਮੁੱਦਿਆਂ ਉੱਤੇ ਚਰਚਾ ਕੀਤੀ। ਅੰਮ੍ਰਿਤਸਰ ਬਾਰ ਐਸੋਸੀਏਸ਼ਨ ਦੇ ਸੱਦੇ 'ਤੇ ਇਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਸ. ਸੰਧੂ ਨੇ ਕਿਹਾ ਕਿ ਸਮਾਜ ਨੂੰ ਸਹੀ ਦਿਸ਼ਾ ਵਿਚ ਚਲਾਉਣ 'ਚ ਵਕੀਲਾਂ ਦੀ ਬਹੁਤ ਵੱਡੀ ਭੂਮਿਕਾ ਹੈ। ਉਨ੍ਹਾਂ ਕਿਹਾ ਕਿ ਮੈਂ ਜਾਣਦਾ ਹਾਂ ਵਕੀਲਾਂ ਅਤੇ ਉਨ੍ਹਾਂ ਦੇ ਮੁਨਸ਼ੀਆਂ ਨੂੰ ਕਈ ਚੁਨੌਤੀਆਂ ਹਨ। ਉਨ੍ਹਾਂ ਦੀ ਹੀ ਨਹੀਂ ਉਨ੍ਹਾਂ ਦੇ ਪਰਿਵਾਰਾਂ ਦੀ ਸੁਰੱਖਿਆ ਇਕ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਹਰੇਕ ਵਕੀਲ ਨੂੰ ਨਵੀਨਤਮ ਕਾਨੂੰਨ ਦੀਆਂ ਬਾਰੀਕੀਆਂ ਨਾਲ ਅੱਪਡੇਟ ਰਹਿਣਾ ਜ਼ਰੂਰੀ ਹੈ। ਉਨ੍ਹਾਂ ਐਸੋਸੀਏਸ਼ਨ ਦੀ ਮੰਗ 'ਤੇ ਕਿਹਾ ਕਿ ਉਹ ਕੇਂਦਰੀ ਲਾਅ ਮਨਿਸਟਰੀ ਨਾਲ ਇਸ ਬਾਰੇ ਗਲ ਕਰਨਗੇ ਕਿ ਅੰਮ੍ਰਿਤਸਰ ਬਾਰ ਐਸੋਸੀਏਸ਼ਨ ਅਤੇ ਲਾਇਬ੍ਰੇਰੀ ਨੂੰ ਉਹ ਲੋੜੀਂਦੀਆਂ ਸਹੂਲਤਾਂ ਦੇਣ ਜਿਸ ਵਿਚ ਨਵੀਨਤਮ ਕਾਨੂੰਨ ਦੀਆਂ ਕਿਤਾਬਾਂ ਅਤੇ ਰਸਾਲੇ ਸ਼ਾਮਿਲ ਹੋਣ ਤਾਂ ਜੋ ਵਕੀਲ ਆਪਣੇ ਆਪ ਨੂੰ ਨਵੀਨਤਮ ਕਾਨੂੰਨਾਂ ਨਾਲ ਅੱਪਡੇਟ ਕਰ ਸਕਣ। ਉਨ੍ਹਾਂ ਡਿਜੀਟਲ ਲਾਇਬ੍ਰੇਰੀਆਂ ਦੀ ਅਹਿਮੀਅਤ ਬਾਰੇ ਕਿਹਾ ਕਿ ਬਾਰ ਦੇ ਕੰਮਾਂ ਨੂੰ ਡਿਜੀਟਲ ਨਾਲ ਜੋੜਦਿਆਂ ਕੰਪਿਊਟਰਾਂ ਅਤੇ ਪ੍ਰਿੰਟਰਾਂ ਨਾਲ ਮੁਕੰਮਲ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਸੁਪਰੀਮ ਕੋਰਟ ਅਤੇ ਹਾਈ ਕੋਰਟ ਦੇ ਨਵੀਨਤਮ ਫ਼ੈਸਲਿਆਂ ਨੂੰ ਹਵਾਲਿਆਂ ਲਈ ਵਰਤੇ ਜਾ ਸਕਣ। ਸ. ਸੰਧੂ ਨੇ ਐਡਵੋਕੇਟ ਅਤੇ ਉਨ੍ਹਾਂ ਦੇ ਕਲਰਕ ਮੁਨਸ਼ੀਆਂ ਨੂੰ ਬੀਮਾ ਯੋਜਨਾ ਅਧੀਨ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਬੀਮਾ ਯੋਜਨਾ ਨਾਲ ਬੀਮਾ ਕਰਵਾਉਂਦੇ ਹਨ ਤਾਂ ਕਿਸੇ ਵੀ ਦੁਰਘਟਨਾ ਦੇ ਮਾਮਲੇ ਵਿੱਚ ਉਨ੍ਹਾਂ ਦੇ ਪਰਿਵਾਰਾਂ ਨੂੰ ਕਵਰ ਮਿਲ ਸਕਦਾ ਹੈ। ਬਾਰ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਦੀਪ ਕੁਮਾਰ ਸੈਣੀ ਨੇ ਵਕੀਲਾਂ ਲਈ ਮਲਟੀ-ਲੈਵਲ ਪਾਰਕਿੰਗ ਦਾ ਮੁੱਦਾ ਉਠਾਇਆ ਕਿ ਵਕੀਲਾਂ ਅਤੇ ਗਾਹਕਾਂ ਲਈ ਅਦਾਲਤ ਦੇ ਆਲ਼ੇ-ਦੁਆਲੇ ਕਿਸੇ ਵੀ ਟਰੈਫ਼ਿਕ ਜਾਮ ਤੋਂ ਬਚਣ ਲਈ ਮਲਟੀ ਲੈਵਲ ਪਾਰਕਿੰਗ ਦੀ ਸੁਵਿਧਾ ਹੋਣੀ ਚਾਹੀਦੀ ਹੈ। ਉਨ੍ਹਾਂ ਵਕੀਲਾਂ ਲਈ ਗੈਂਗਸਟਰਾਂ ਅਤੇ ਹੋਰ ਅਪਰਾਧੀਆਂ ਤੋਂ ਸੁਰੱਖਿਆ ਪ੍ਰਬੰਧ ਦਾ ਮੁੱਦਾ ਵੀ ਉਠਾਇਆ ਅਤੇ ਕਿਹਾ ਕਿ ਜਦੋਂ ਉਹ ਆਪਣੇ ਮੁਕੱਦਮੇ ਲਈ ਅਦਾਲਤੀ ਕੰਪਲੈਕਸ ਵਿੱਚ ਪਹੁੰਚਦੇ ਹਨ , ਉਸ ਵਕਤ ਕੋਰਟ ਕੰਪਲੈਕਸ ਸੁਰੱਖਿਅਤ ਹੋਣਾ ਚਾਹੀਦਾ ਹੈ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਉਨ੍ਹਾਂ ਦੇ ਕੁਝ ਮਸਲੇ ਤਾਂ ਉਹ ਐਮ ਪੀ ਬਣੇ ਖ਼ੁਦ ਹੱਲ ਕਰਨਗੇ ਅਤੇ ਬਾਕੀ ਦੇ ਮਸਲਿਆਂ ਨੂੰ ਉਹ ਕੇਂਦਰੀ ਲਾਅ ਮੰਤਰੀ ਤੋਂ ਹੱਲ ਕਰਵਾਉਣਗੇ। ਅਖੀਰ 'ਚ ਸ. ਸੰਧੂ ਨੇ ਉਨ੍ਹਾਂ ਨੂੰ ਸਤਿਕਾਰ ਅਤੇ ਸਮਰਥਨ ਦੇਣ ਲਈ ਸਮੂਹ ਵਕੀਲ ਸਾਹਿਬਾਨ ਦਾ ਧੰਨਵਾਦ ਕੀਤਾ ਅਤੇ ਵਾਅਦਾ ਕੀਤਾ ਕਿ ਬਾਰ ਐਸੋਸੀਏਸ਼ਨ ਨੇ ਅੱਜ ਜੋ ਵੀ ਮਸਲੇ ਉਠਾਏ ਹਨ ਉਨ੍ਹਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਾਵਾਂਗਾ।

### ਕੇਂਦਰੀ ਸਕੀਮਾਂ ਲੋਕਾਂ ਤਕ ਨਾ ਪਹੁੰਚਣ ਬਾਰੇ ਜਾਂਚ ਕਰਾ ਕੇ

# ਕਸੂਰਵਾਰਾਂ ਤੋਂ ਹਿਸਾਬ ਲਿਆ ਜਾਵੇਗਾ - ਤਰਨਜੀਤ ਸਿੰਘ ਸੰਧੂ ਸਮੁੰਦਰੀ



## ਪ੍ਰਦੀਪ ਸਿੰਘ ਭੁੱਲਰ ਵੱਲੋਂ ਮਜੀਠਾ ਵਿਖੇ ਆਯੋਜਿਤ ਬੂਥ ਸੰਮੇਲਨ ਦੌਰਾਨ ਸੈਂਕੜੇ ਲੋਕਾਂ ਨੇ ਭਾਜਪਾ 'ਚ ਕੀਤੀ ਸ਼ਮੂਲੀਅਤ

**ਅੰਮ੍ਰਿਤਸਰ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਮਜੀਠਾ ਵਿਖੇ ਪ੍ਰਦੀਪ ਸਿੰਘ ਭੁੱਲਰ ਵੱਲੋਂ ਕਰਾਈ ਗਈ ਹਲਕੇ ਦੀ ਬੂਥ ਸੰਮੇਲਨ ਜੋ ਰੈਲੀ ਦਾ ਰੂਪ ਧਾਰਨ ਕਰ ਗਈ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਕੇਂਦਰ ਸਰਕਾਰ ਦੀਆਂ ਸਕੀਮਾਂ ਲੋਕਾਂ ਤਕ ਸਿੱਧੀਆਂ ਪਹੁੰਚਣਗੀਆਂ। ਉਨ੍ਹਾਂ ਕਿਹਾ ਕਿ ਕੇਂਦਰ ਦੀਆਂ ਕਿੰਨੀਆਂ ਸਾਰੀਆਂ ਸਕੀਮਾਂ ਕਣਕ, ਨੀਲੇ ਕਾਰਡ, ਛੱਤਾਂ ਦੀਆਂ ਸਹੂਲਤਾਂ ਦੇਣੀਆਂ ਆਦਿ ਇਹ ਸਾਰੀਆਂ ਸਹੂਲਤਾਂ ਕੇਂਦਰ ਦੀਆਂ ਹਨ, ਪਰ ਇਹ ਸਕੀਮਾਂ ਲੋਕਾਂ ਤੱਕ ਨਹੀਂ ਪਹੁੰਚੀਆਂ ਇਸ ਬਾਰੇ ਚੋਣਾਂ ਤੋਂ ਬਾਅਦ ਇਨਕੁਆਰੀ ਬਿਠਾਈ ਜਾਵੇਗੀ ਤੇ ਦੋਸ਼ੀ ਅਤੇ ਭ੍ਰਿਸ਼ਟਾਚਾਰ ਫੈਲਾਉਣ ਵਾਲੇ ਲੋਕਾਂ ਨੂੰ ਹਿਸਾਬ ਦੇਣਾ ਪਵੇਗਾ। ਉਨ੍ਹਾਂ ਕਿਹਾ ਕਿ ਇਹ ਸਾਰੀਆਂ ਸਹੂਲਤਾਂ ਤੁਹਾਡੇ ਤੱਕ ਪਹੁੰਚਾਈਆਂ ਜਾਣਗੀਆਂ ਇੱਥੋਂ ਚੁਣੇ ਹੋਏ ਐਮਪੀ ਨੇ ਸੱਤ ਸਾਲਾਂ ਵਿੱਚ ਕੀ ਕੀਤਾ ਕੋਈ ਸੁਧਾਰ ਕੀਤਾ ਹੋਵੇ ? ਸੰਧੂ ਨੇ ਕਿਹਾ ਮੈਂ ਸਿਆਸੀ ਨਹੀਂ, ਮੈਂ ਸਿੱਧੀ ਗੱਲ ਕਹਾਂਗਾ ਤੁਹਾਨੂੰ ਪਤਾ ਕੇਂਦਰ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਫਿਰ ਬਣਨੀ ਹੈ। ਤੁਸੀਂ ਕਿਸੇ ਵੀ ਗੱਲ ਤੋਂ ਘਬਰਾਉਣਾ ਨਹੀਂ ਮੈਂ ਤੁਹਾਡੇ ਨਾਲ ਖੜ੍ਹਾ। ਸੰਧੂ ਨੇ ਆਪਣੀ ਗੱਲ ਨੂੰ ਦੁਹਰਾਉਂਦਿਆਂ ਫਿਰ ਕਿਹਾ ਮੈਂ ਤੁਹਾਨੂੰ ਕਹਿੰਦਾ ਹਾਂ ਕਿਸੇ ਤੋਂ ਡਰਨਾ ਨਹੀਂ । ਉਨ੍ਹਾਂ ਕਿਹਾ ਕਿ ਅੱਜ ਭਾਰਤ ਕਿੱਥੇ ਪਹੁੰਚ ਗਿਆ । ਜੋ ਵੀ ਮੈਂ ਕਹਿ ਰਿਹਾ ਪੂਰੀ ਦ੍ਰਿੜ੍ਹਤਾ ਨਾਲ ਕਹਿ ਰਿਹਾ ਹਾਂ, ਇਹ ਸਾਰੇ ਕੰਮ ਹੋਣਗੇ। ਭਾਰਤ ਵਿੱਚ ਜੰਮੂ ਕਸ਼ਮੀਰ ਬਾਰੇ 370 ਧਾਰਾ ਟੁੱਟਣ ਬਾਰੇ ਜਾਂ ਤਿੰਨ ਤਲਾਕ ਦੇ ਖ਼ਤਮ ਹੋਣ ਬਾਰੇ ਕਿਸੇ ਨੇ ਸੋਚਿਆ ਤੱਕ ਨਹੀਂ ਸੀ, ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਦ੍ਰਿੜ੍ਹ ਇੱਛਾ ਸ਼ਕਤੀ ਨੇ ਇਹ ਸਾਰਾ ਕੁਝ ਸੰਭਵ ਕਰ ਵਿਖਾਇਆ ।ਔਰ ਅੰਮ੍ਰਿਤਸਰ ਬਾਰੇ ਵਿਕਾਸ ਦੀਆਂ ਗੱਲਾਂ ਜੋ ਮੈਂ ਕਹੀਆਂ ਹਨ ਇਹ ਸਾਰੀਆਂ ਹੀ ਪੂਰੀਆਂ ਹੋਣਗੀਆਂ ਕਿਉਂਕਿ ਮੈਂ ਇਨ੍ਹਾਂ ਕੰਮਾਂ ਨੂੰ ਕਰਨ ਲਈ ਦ੍ਰਿੜ੍ਹ ਹਾਂ। ਅਸੀਂ ਕਿਸੇ ਵੀ ਕਿਸਾਨ ਦਾ ਨੁਕਸਾਨ ਨਹੀਂ ਹੋਣਾ ਦੇਣਾ ਚਾਹੁੰਦੇ ਰਾਜਨੀਤੀ ਕਰਨ ਵਾਲੇ ਲੋਕ ਕਿਸਾਨਾਂ ਦਾ ਫ਼ਾਇਦਾ ਨਹੀਂ ਨੁਕਸਾਨ ਕਰ ਰਹੇ ਹਨ। ਕੁਝ ਲੋਕ ਕਿਸਾਨਾਂ ਨੂੰ ਗੁਮਰਾਹ ਕਰ ਰਹੇ ਹਨ ਪਰ ਮੈਂ ਕਿਸਾਨਾਂ ਦੀ ਆਮਦਨ ਵਧਾਉਣ ਦੀ ਵਕਾਲਤ ਕਰਦਾ ਹਾਂ। ਮੈਂ ਚਾਹੁੰਦਾ ਕਿਸਾਨਾਂ ਦੀ ਆਮਦਨ ਵਧਣੀ ਚਾਹੀਦੀ ਹੈ ।ਜਿਹੜੇ ਲੋਕ ਅੱਜ ਸਾਡਾ ਵਿਰੋਧ ਕਰ ਰਹੇ ਹਨ ਉਹਨਾਂ ਨੇ ਕਦੇ ਅੰਮ੍ਰਿਤਸਰ 'ਚ ਫ਼ੈਕਟਰੀਆਂ ਲਗਾਉਣ ਦੀ ਮੰਗ ਨਹੀਂ ਕੀਤੀ, ਨਾ ਹੀ ਕਿਤੇ ਕਿਸਾਨਾਂ ਦੀ ਆਮਦਨ ਵਧਾਉਣ ਦੀ ਗੱਲ ਕੀਤੀ ਹੈ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਇਹ ਚੰਗੀ ਗੱਲ ਹੈ ਕਿ ਮੇਰੇ ਸਿਆਸੀ ਵਿਰੋਧੀ ਹੁਣ ਵਿਕਾਸ ਦੀਆਂ ਗੱਲਾਂ ਕਰਨ ਲੱਗ ਪਏ ਹਨ। ਮੈਂ ਸਵਾਗਤ ਕਰਦਾ ਹਾਂ ਕਿ ਇਸ ਵਾਰ ਡਿਬੇਟ ਵਿਕਾਸ ਮੁਖੀ ਹੋ ਰਿਹਾ ਹੈ, ਨਾ ਕਿ ਇੱਕ ਦੂਜੇ 'ਤੇ ਚਿੱਕੜ ਸੁੱਟਣ ਬਾਰੇ। ਪਰ ਕਿਉਂਕਿ ਇਸ ਹਲਕੇ ਦੇ ਵਿੱਚ ਨਸ਼ਾ ਹੈ, ਅਮਨ ਕਾਨੂੰਨ ਦੀ ਸਥਿਤੀ ਖ਼ਰਾਬ ਹੈ, ਇਨ੍ਹਾਂ ਬਾਰੇ ਕੌਣ ਜਵਾਬ ਦੇ ਹੋਏਗਾ। ਜਿਹੜਾ ਬੰਦਾ ਪਿਛਲੇ ਦੋ ਸਾਲਾਂ ਦੇ ਸਰਕਾਰੀ ਕਾਰਗੁਜ਼ਾਰੀ ਨੂੰ ਲੈ ਕੇ ਚੋਣ ਮੈਦਾਨ ਵਿੱਚ ਆਇਆ ਹੈ, ਉਸ ਕੁਲਦੀਪ ਸਿੰਘ ਧਾਰੀਵਾਲ ਨੂੰ ਹੁਣ ਤੱਕ ਕੀਤੇ ਕੰਮਾਂ ਦਾ ਰਿਪੋਰਟ ਕਾਰਡ ਵੀ ਪੇਸ਼ ਕਰਨਾ ਚਾਹੀਦਾ ਹੈ। ਇੱਥੋਂ ਦਾ ਸੰਸਦ ਮੈਂਬਰ ਉਸ ਨੇ ਪਿਛਲੇ ਸੱਤ ਸਾਲਾਂ ਦੌਰਾਨ ਕੀ ਕੀਤਾ ? ਨਸ਼ਾ ਖ਼ਤਮ ਕਰਨ ਦੀ ਕੋਸ਼ਿਸ਼ ਕੀਤੀ ? ਅਮਨ ਕਾਨੂੰਨ ਬਾਰੇ ਕੁਝ ਕੀਤਾ ? ਏਅਰ ਕਾਰਗੋ ਬਾਰੇ ਕੋਈ ਗੱਲ ਕੀਤੀ ? ਨਹੀਂ ਤਾਂ ਮੰਨ ਲਓ ਕਿ ਤੁਸੀਂ ਕੁਝ ਨਹੀਂ ਕੀਤਾ ਨਾ ਹੀ ਕੁਝ ਕਰ ਸਕਿਆ ਹੈ । ਸਾਬਕਾ ਰਾਜ ਸਭਾ ਮੈਂਬਰ ਸ਼ਵੇਤ ਮਲਿਕ ਨੇ ਕਿਹਾ ਕਿ ਤਰਨਜੀਤ ਸਿੰਘ ਸੰਧੂ ਇਕ ਇਮਾਨਦਾਰ ਅਤੇ ਕਾਲਬ ਇਨਸਾਨ ਹਨ, ਜਿਸ ਦੀ ਸਮਰੱਥਾ ਦੇ ਬਰਾਬਰ ਹੋਰ ਕਿਸੇ ਪਾਰਟੀ ਕੋਲ ਉਮੀਦਵਾਰ ਨਹੀਂ ਹੈ। ਉਹ ਜੋ ਵੀ ਪ੍ਰਧਾਨ ਮੰਤਰੀ ਮੋਦੀ ਨਾਲ ਗਲ ਕਰਦੇ ਹਨ ਉਹ ਸਭ ਕੰਮ ਹੋ ਜਾਂਦੇ ਹਨ। ਕਿਉਂਕਿ ਸੰਧੂ ਮੋਦੀ ਦੀ ਟੀਮ ਦਾ ਮਜ਼ਬੂਤ ਮੈਂਬਰ ਹੈ। ਹਲਕਾ ਇੰਚਾਰਜ ਪ੍ਰਦੀਪ ਸਿੰਘ ਭੁੱਲਰ ਨੇ ਕਿਹਾ ਕਿ ਮਜੀਠਾ ਹਲਕੇ 'ਚ ਨਸ਼ਿਆਂ ਦੀ ਬਹੁਤ ਵੱਡੀ ਸਮੱਸਿਆ ਹੈ। ਕੋਈ ਅਜਿਹਾ ਪਿੰਡ ਨਹੀਂ ਜਿੱਥੇ ਕਿਸੇ ਨੌਜਵਾਨ ਦੀ ਨਸ਼ੇ ਨਾਲ ਮੌਤ ਨਾ ਹੋਈ ਹੋਵੇ। ਉਨ੍ਹਾਂ ਕਿਹਾ ਕਿ ਅਮਨ ਕਾਨੂੰਨ ਦੀ ਸਥਿਤੀ ਵੀ ਬਦ ਤੋ ਬਦਤਰ ਹੈ। ਲੁੱਟਾਂ ਖੋਹਾਂ ਦੀ ਇਹ ਸਥਿਤੀ ਹੈ ਕਿ ਇਥੇ 750 ਰੁਪਏ ਖੋਹਣ ਲਈ ਬੰਦਾ ਮਾਰ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਜ਼ਮੀਰ ਦੀ ਅਵਾਜ਼ ਸੁਣਕੇ ਅਕਾਲੀ, ਆਪ ਅਤੇ ਕਾਂਗਰਸੀ ਉਮੀਦਵਾਰਾਂ ਨੂੰ ਚੋਣ ਮੈਦਾਨ ਵਿਚੋਂ ਹੱਟ ਜਾਣਾ ਚਾਹੀਦਾ ਹੈ। ਇਸ ਮੌਕੇਮਨਜੀਤ ਸਿੰਘ ਰਾਏ, ਰਾਜਬੀਰ ਸ਼ਰਮਾ ਅਤੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਪੱਪੂ ਸ਼ਾਹ ਹਲਵਾਈ, ਸੁਖ ਤਲਵੰਡੀ, ਗੁਰਮੇਲ ਸਿੰਘ ਸਰਪੰਚ ਉਦੋਕਾ, ਸੰਮਾ ਪਹਿਲਵਾਨ ਲਹਿਰਕਾ, ਸ਼ਿਵਪ੍ਰੀਤ ਸਿੰਘ ਉਦੋਕੇ, ਦੀਪ ਤਲਵੰਡੀ, ਸੁਖ ਤਲਵੰਡੀ, ਸੁਖ ਭੋਆ, ਅਵਤਾਰ , ਕੁਲਜੀਤ ਸਮੇਤ ਵੱਖ ਵੱਖ ਪਾਰਟੀਆਂ ਨੂੰ ਛੱਡ ਕੇ ਭਾਜਪਾ ਵਿਚ ਸ਼ਮੂਲੀਅਤ ਕਰਨ ਵਾਲਿਆਂ ਨੂੰ ਸੰਧੂ ਨੇ ਸਵਾਗਤ ਕੀਤਾ। ਇਸ ਮੌਕੇ ਪ੍ਰਗਟ ਸਿੰਘ ਸਰਪੰਚ, ਸੁਖਵਿੰਦਰ ਸਿੰਘ ਪ੍ਰਧਾਨ ਮੱਤੇਵਾਲ, ਸੋਨੂੰ ਰਾਮਦਿਵਾਲੀ, ਲਖਬੀਰ ਸਿੱਧਵਾਂ, ਵਿਨੋਦ ਕੁਮਾਰ , ਸੁਖਦੇਵ ਸਿੰਘ ਚਵਿੰਡਾ, ਬਲਾਕ ਸੰਮਤੀ ਮੈਂਬਰ ਜਸਬੀਰ ਸਿੰਘ, ਸਲਾਮਤ ਮਸੀਹ, ਕਵਲ ਨਾਗ, ਦਲਬੀਰ ਸਿੰਘ, ਸੋਨੂੰ ਸੋਹੀਆ, ਰਕੇਸ਼ ਕੁਮਾਰ ਪੱਪਾ, ਸਰਿੰਦਰ ਸਿੰਘ ਲਾਲੀ, ਆਕਾਸ਼ਦੀਪ ਸਿੰਘ ਵੀਰਮ, ਗੁਰਮੁਖ ਸਿੰਘ ਕਾਦਰਾਬਾਦ, ਨੀਰਜ ਸ਼ਰਮਾ ਕੱਥੂਨੰਗਲ, ਲਖਬੀਰ ਸਿੰਘ ਸਿਧਵਾਂ, ਸਿਮਰ ਲੁੱਧਰ ਵੀ ਹਾਜ਼ਰ ਸਨ।

### ਘਰ ਘਰ ਵੋਟਾਂ ਮੰਗਣ ਪਹੁੰਚੇ ਤਰਨਜੀਤ ਸਿੰਘ ਸੰਧੂ ਸਮੁੰਦਰੀ ਦਾ ਲੋਕਾਂ ਨੇ ਕੀਤਾ ਸ਼ਾਨਦਾਰ ਸਵਾਗਤ

# ਸੰਧੂ ਨੇ ਇਸ ਵਾਰ ਸੋਚ ਸਮਝ ਕੇ ਨੁਮਾਇੰਦਾ ਚੁਣਨ ਦਾ ਦਿੱਤਾ ਸੱਦਾ

**ਅੰਮ੍ਰਿਤਸਰ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਆਪਣੇ ਸਮਰਥਕਾਂ ਨਾਲ ਕੇਂਦਰੀ ਵਿਧਾਨ ਸਭਾ ਹਲਕੇ ਗੁਰੂ ਬਜ਼ਾਰ ਅਤੇ ਆਸਪਾਸ ਦੇ ਬਾਜ਼ਾਰਾਂ ਦੀਆਂ ਗਲੀਆਂ ਵਿਚ ਘਰ ਘਰ ਜਾ ਕੇ ਵੋਟਾਂ ਮੰਗਣ ਆਉਣ ਬਾਰੇ ਪਤਾ ਲੱਗਣ 'ਤੇ ਉੱਥੋਂ ਦੇ ਰਹਿਣ ਵਾਲੇ ਲੋਕਾਂ ਅਤੇ ਦੁਕਾਨਦਾਰਾਂ ਵੱਲੋਂ ਇਲਾਕੇ ਨੂੰ ਰੋਸ਼ਨੀ ਨਾਲ ਭਰ ਦਿੱਤਾ ਗਿਆ। ਕੇਂਦਰੀ ਵਿਧਾਨ ਸਭਾ ਹਲਕੇ ਦੇ ਇੰਚਾਰਜ ਡਾ. ਰਾਮ ਚਾਵਲਾ ਵੀ ਸੰਧੂ ਦੇ ਨਾਲ ਮੌਜੂਦ ਸਨ। ਦੁਕਾਨਦਾਰਾਂ ਅਤੇ ਇਲਾਕਾ ਨਿਵਾਸੀਆਂ ਨੇ ਤਰਨਜੀਤ ਸਿੰਘ ਸੰਧੂ ਦਾ ਨਿੱਘਾ ਸਵਾਗਤ ਕੀਤਾ ਅਤੇ ਫੁੱਲਾਂ ਦੇ ਹਾਰ ਪਾ ਕੇ ਸਨਮਾਨਿਤ ਕੀਤਾ। ਇਸ ਦੌਰਾਨ ਮਰਾਠਾ ਅਤੇ ਬੰਗਾਲੀ ਭਾਈਚਾਰੇ ਵਲੋਂ ਸੰਧੂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸੰਧੂ ਪ੍ਰਤੀ ਅੰਮ੍ਰਿਤਸਰ ਵਾਸੀਆਂ ਦਾ ਉਤਸ਼ਾਹ ਅਤੇ ਪਿਆਰ ਦੇਖਣਯੋਗ ਸੀ। ਸੰਧੂ ਦਾ ਕਾਫਲਾ ਟੁੰਡਾ ਤਲਾਬ ਤੋਂ ਸ਼ੁਰੂ ਹੋ ਕੇ ਗੁਰੂ ਬਾਜ਼ਾਰ, ਬਰਤਨਾਂ ਵਾਲਾ ਬਜਾਰ , ਪਟੇਲ ਚੌਂਕ ਵਾਹੀਆਂ ਵਾਲਾ ਬਾਜ਼ਾਰ ਅਤੇ ਲੁਹਾਰਾਂ ਵਾਲਾ ਬਾਜ਼ਾਰ ਹੋ ਕੇ ਘਰ ਘਰ ਫਿਰਿਆ। ਚੋਣ ਪ੍ਰਚਾਰ ਵਿੱਚ ਲੋਕਾਂ ਦੇ ਮਿਲ ਰਹੇ ਸਹਿਯੋਗ ਤੋਂ ਬੇਹੱਦ ਖ਼ੁਸ਼ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਦੇ ਵਿਕਾਸ ਲਈ ਵਸੀਲੇ ਜੁਟਾਏ ਜਾਣਗੇ ਅਤੇ ਗੁਰੂ ਨਗਰੀ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਸੈਂਕੜੇ ਮਰਦ-ਔਰਤਾਂ ਨੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਦੀ ਜਿੱਤ ਵਿੱਚ ਯੋਗਦਾਨ ਪਾਉਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਇਸ ਵਾਰ ਅੰਮ੍ਰਿਤਸਰ ਸੀਟ ਤੋਂ ਤਰਨਜੀਤ ਸਿੰਘ ਸੰਧੂ ਦੀ ਜਿੱਤ ਯਕੀਨੀ ਹੈ। ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਅਣਗਿਣਤ ਨੌਕਰੀਆਂ ਮਿਲਣਗੀਆਂ।ਔਰਤਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇਗਾ ਜਿਸ ਲਈ ਪ੍ਰਸ਼ਾਸਨ ਜ਼ਿੰਮੇਵਾਰੀ ਤੈਅ ਹੋਵੇਗੀ। ਭਾਜਪਾ ਦਾ ਮੁੱਖ ਉਦੇਸ਼ ਸ਼ਹਿਰ ਵਿੱਚ ਕਾਨੂੰਨ ਵਿਵਸਥਾ ਨੂੰ ਇਸ ਹੱਦ ਤੱਕ ਸੁਧਾਰਨਾ ਹੋਵੇਗਾ ਕਿ ਔਰਤਾਂ ਨੂੰ ਦੇਰ ਰਾਤ ਕੰਮ ਤੋਂ ਘਰ ਪਹੁੰਚਣ 'ਤੇ ਕਿਸੇ ਡਰ ਦਾ ਸਾਹਮਣਾ ਨਾ ਕਰਨਾ ਪਵੇ। ਲੋਕਾਂ ਨੇ ਸੰਧੂ ਨੂੰ ਦੱਸਿਆ ਕਿ ਕਦੇ ਵੀ ਕਿਸੇ ਚੁਣੇ ਹੋਏ ਨੁਮਾਇੰਦੇ ਨੇ ਉਨ੍ਹਾਂ ਦੀ ਸਾਰ ਨਹੀਂ ਲਈ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਇੱਥੇ ਸੜਕਾਂ, ਸੀਵਰੇਜ, ਪੀਣ ਵਾਲੇ ਸਾਫ਼ ਪਾਣੀ ਅਤੇ ਸਟਰੀਟ ਲਾਈਟਾਂ ਦਾ ਕੋਈ ਵਧੀਆ ਪ੍ਰਬੰਧ ਨਹੀਂ ਹੈ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਸੀਵਰੇਜ ਦੇ ਗੰਦੇ ਪਾਣੀ ਨਾਲ ਹੋਣ ਵਾਲੇ ਪ੍ਰਦੂਸ਼ਣ ਨੂੰ ਹੱਲ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ।ਉਨ੍ਹਾਂ ਕਿਹਾ ਕਿ ਇਸ ਦੇ ਹੱਲ ਲਈ ਆਧੁਨਿਕ ਤਕਨੀਕ ਦੀ ਵਰਤੋਂ ਕੀਤੀ ਜਾ ਸਕਦੀ ਹੈ।ਉਨ੍ਹਾਂ ਕਿਹਾ ਕਿ ਮੇਰੇ ਸਿਆਸੀ ਵਿਰੋਧੀ ਕਹਿੰਦੇ ਹਨ ਕਿ ਮੈਂ ਵੱਡੀਆਂ-ਵੱਡੀਆਂ ਗੱਲਾਂ ਕਰਦਾ ਹਾਂ, ਪਰ ਉਨ੍ਹਾਂ ਲਈ ਇਹ ਜਾਣਨਾ ਜ਼ਰੂਰੀ ਹੈ ਕਿ ਦੁਨੀਆ ਦੇ ਕਈ ਦੇਸ਼ਾਂ ਅਤੇ ਭਾਰਤ ਦੇ ਬਾਕੀ ਹਿੱਸਿਆਂ 'ਚ ਜਿਸ ਤਰ੍ਹਾਂ ਨਾਲ ਸੀਵਰੇਜ ਦਾ ਪਾਣੀ ਸਾਫ਼ ਪਾਣੀ 'ਚ ਰਲਦਾ ਹੈ, ਇਸ ਸਮੱਸਿਆ ਦੇ ਹੱਲ ਲਈ ਆਧੁਨਿਕ ਤਕਨੀਕ ਦੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਅਜਿਹਾ ਹੋਣਾ ਵੀ ਚਾਹੀਦਾ ਹੈ ਪਰ ਇੱਥੋਂ ਦੇ ਚੁਣੇ ਹੋਏ ਲੋਕਾਂ ਅਤੇ ਸਰਕਾਰ ਨੂੰ ਇਸ ਬਾਰੇ ਸੋਚਣਾ ਚਾਹੀਦਾ ਹੈ।ਮੈਂ ਸਿਰਫ਼ ਇਹੀ ਕਹਾਂਗਾ ਕਿ ਜਦੋਂ ਸੰਸਦੀ ਚੋਣਾਂ ਹੋਣਗੀਆਂ ਤਾਂ ਸੋਚ ਸਮਝ ਕੇ ਵੋਟ ਕਰੋ ਅਤੇ ਜਦੋਂ ਤੁਸੀਂ ਮੈਨੂੰ ਇੱਥੋਂ ਸੰਸਦ ਮੈਂਬਰ ਬਣਾ ਕੇ ਭੇਜੋਗੇ ਤਾਂ ਮੈਂ ਭਾਰਤ ਸਰਕਾਰ ਅਤੇ ਵਿਦੇਸ਼ੀ ਤਕਨੀਕ ਦੀ ਮਦਦ ਨਾਲ ਇਨ੍ਹਾਂ ਸਮੱਸਿਆਵਾਂ ਦਾ ਹੱਲ ਕਰਾਂਗਾ। ਤੁਸੀਂ ਜਾਣਦੇ ਹੋ ਕਿ ਪੰਜਾਬੀ ਭਾਈਚਾਰੇ ਦੇ ਬਹੁਤ ਸਾਰੇ ਲੋਕ ਬਾਹਰ ਬੈਠੇ ਹਨ, ਜਿਨ੍ਹਾਂ ਵਿੱਚ ਚੋਟੀ ਦੀਆਂ ਤਕਨਾਲੋਜੀ ਕੰਪਨੀਆਂ ਦੇ ਸੀ.ਈ.ਓ. ਹਨ ਉਹ ਸਾਡੀ ਮਦਦ ਕਰਨ ਲਈ ਤਿਆਰ ਹਨ। ਇਸ ਮੌਕੇ ਸੰਜੇ ਸ਼ਰਮਾ, ਰਕੇਸ਼ ਵੈਦ, ਸੰਜੀਵ ਵੋਹਰਾ, ਅਤੁਲ ਸੈਣੀ, ਸੋਨੂ ਬਾਦਲ, ਸ਼ਾਮ ਐਡਵੋਕੇਟ, ਅਸ਼ੋਕ ਸੋਨੀ, ਕਰਨ ਵੈਸ਼, ਬੋਬੀ ਚੌਧਰੀ, ਨਰੇਸ਼ ਅਰੋੜਾ, ਵਿਸ਼ਾਲ ਆਰੀਆ, ਇੰਦਰਪਾਲ ਆਰੀਆ, ਵਿਸ਼ਾਲ ਸੂਰ ਤੇ ਅਵਿਨਾਸ਼ ਮਰਾਠਾ ਵੀ ਮੌਜੂਦ ਸਨ।



# ਅਲੀਪੁਰ ਖਾਲਸਾ ਵਿਖੇ ਚੌ-ਪੈਹਿਰਾ ਸਮਾਗਮ 21 ਅਪਰੈਲ ਨੂੰ ਬਾਬਾ ਮਨਪ੍ਰੀਤ ਸਿੰਘ ਅਲੀਪੁਰ



ਧੂਰੀ ( ਰਣਜੀਤ ਸਿੰਘ ਪੇਧਨੀ ) ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰਛਾਇਆ ਹੇਠ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੀ ਯਾਦ ਵਿੱਚ ਪਹਿਲਾ ਚੁਪਿਹਰਾ ਸਮਾਗਮ 21 ਅਪ੍ਰੈਲ ਦਿਨ ਸੋਮਵਾਰ 2024 ਨੂੰ ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ ਪਿੰਡ ਅਲੀਪੁਰ ਖਾਲਸਾ ਵਿਖੇ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲਿਆਂ ਦੀ ਯੋਗ ਅਗਵਾਈ ਹੇਠ ਬੜੀ ਹੀ ਸ਼ਰਧਾ ਭਾਵਨਾ ਨਾਲ ਸੁਰੂ ਕੀਤਾ ਜਾ ਰਿਹਾ ਹੈ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲਿਆਂ ਨੇ ਕਿਹਾ ਕਿ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੀ ਨਿੱਘੀ ਅਤੇ ਮਿਠੀ ਯਾਦ ਨੂੰ ਤਾਜਾ ਕਰਦਿਆ ਚੁਪਿਹਰਾ ਸਮਾਗਮ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਸੰਗਤਾਂ ਵੱਡੀ ਗਿਣਤੀ ਵਿੱਚ ਹਾਜਰੀ ਭਰਨਗੀਆਂ। ਇਹ ਸਮਾਗਮ ਦਾ ਸਮਾਂ ਦੁਪਿਹਰ 12 ਵਜੇ ਤੋਂ ਲੈ ਕੇ ਸਾਮ 4 ਵਜੇ ਤੱਕ ਹੋਵੇਗਾ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

# ਬਟਾਲਾ ਪੁਲਿਸ ਦੇ ਟਰੈਫਿਕ ਸਟਾਫ ਵਲੋਂ ਸੜਕ ਸੁਰੱਖਿਆ ਸਬੰਧੀ ਸੈਮੀਨਾਰ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 19। ਅਪ੍ਰੈਲ ਕੁਲਜੀਤ ਸਿੰਘ ਖੋਖਰ**-ਬਟਾਲਾ ਪੁਲਿਸ ਦੇ ਟਰੈਫਿਕ ਸਟਾਫ਼ ਵੱਲੋਂ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਸੜਕ ਸੁਰੱਖਿਆ ਸਬੰਧੀ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਟਰੈਫਿਕ ਨਿਯਮਾਂ ਦੀ ਪਾਲਣਾ ਅਤੇ ਸੁਰੱਖਿਅਤ ਡਰਾਈਵਿੰਗ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ। ਟਰੈਫਿਕ ਸਟਾਫ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਹੁਣੇ ਤੋਂ ਹੀ ਟਰੈਫਿਕ ਨਿਯਮਾਂ ਸਬੰਧੀ ਜਾਣਕਾਰੀ ਹੋਵੇਗੀ ਤਾਂ ਉਹ ਸੜਕਾਂ 'ਤੇ ਚਲਣ ਸਮੇਂ ਸਾਵਧਾਨੀਆਂ ਦੀ ਵਰਤੋਂ ਕਰਨਗੇ ਤੇ ਸੜਕੀ ਹਾਦਸਿਆਂ ਤੋ ਬਚ ਸਕਣਗੇ। ਉਨ੍ਹਾਂ ਵਿਦਿਆਰਥੀਆਂ ਨੂੰ ਜਾਗਰੂਕ ਕਰਦੇ ਕਿਹਾ ਕਿ ਛੋਟੀ ਉਮਰੇ ਵਹੀਕਲ ਦੀ ਵਰਤੋਂ ਨਹੀਂ ਕਰਨੀ ਚਾਹੀਦੀ, 18 ਸਾਲ ਦੀ ਉਮਰ ਪੂਰੀ ਕਰਨ ਉਪਰੰਤ ਹੀ ਵਹੀਕਲ ਨੂੰ ਚਲਾਉਣਾ ਚਾਹੀਦਾ ਹੈ ਅਤੇ ਲਾਇਸੰਸ ਬਣਾਉਣ ਤੋਂ ਬਾਅਦ ਹੀ ਵਹੀਕਲ ਨੂੰ ਵਰਤੋਂ ਵਿਚ ਲਿਆਉਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਆਪਣੇ ਆਲੇ-ਦੁਆਲੇ, ਮਾਪਿਆਂ, ਰਿਸ਼ਤੇਦਾਰਾਂ ਨੂੰ ਵੀ ਸੜਕੀ ਨਿਯਮਾਂ ਦੀ ਪਾਲਣਾ ਕਰਨ ਬਾਰੇ ਜਾਗਰੂਕ ਕਰਨ।ਉਨ੍ਹਾਂ ਕਿਹਾ ਕਿ ਵਹੀਕਲ ਚਲਾਉਂਦੇ ਸਮੇਂ ਮੋਬਾਈਲ ਦੀ ਵਰਤੋਂ ਨਾ ਕੀਤੀ ਜਾਵੇ। ਇਸ ਤੋਂ ਇਲਾਵਾ ਵਹੀਕਲ ਚਲਾਉਂਦੇ ਸਮੇਂ ਸੀਟ ਬੈਲਟ ਅਤੇ ਹੈਲਮੈਟ ਦੀ ਵਰਤੋਂ ਜ਼ਰੂਰ ਕੀਤੀ ਜਾਵੇ ਤਾਂ ਜੋ ਕਿ ਦੁਰਘਟਨਾ ਹੋਣ 'ਤੇ ਜਾਨ-ਮਾਲ ਤੋਂ ਬਚਿਆ ਜਾ ਸਕੇ।ਸੜਕ ਸੁਰੱਖਿਆ ਮੁਹਿੰਮ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵੀ ਪ੍ਰੇਰਿਤ ਕੀਤਾ ਗਿਆ। ਉਨਾਂ ਵਿਦਿਆਰਥੀ ਵਰਗ ਤੇ ਨੌਜਵਾਨ ਪੀੜ੍ਹੀ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਨਸ਼ਿਆਂ ਤੋਂ ਦੂਰ ਰਹਿਣ ਲਈ ਆਪਣਾ ਧਿਆਨ ਖੇਡਾਂ ਵੱਲ ਲਾਇਆ ਜਾਵੇ। ਉਨ੍ਹਾਂ ਕਿਹਾ ਕਿ ਖੇਡਾਂ ਖੇਡਣ ਨਾਲ ਸਰੀਰਕ ਪੱਖੋਂ ਅਤੇ ਮਾਨਸਿਕ ਪੱਖੋਂ ਮਜਬੂਤੀ ਮਿਲਦੀ ਹੈ ਤੇ ਮਾੜੀਆਂ ਕੁਰੀਤੀਆਂ ਵੱਲ ਜਾਣ ਤੋਂ ਬਚਿਆ ਜਾ ਸਕਦਾ ਹੈ।

# ਸ਼ਾਰਟ ਸਰਕਟ ਹੋਣ ਨਾਲ ਫਰਨੀਚਰ ਹਾਊਸ ਨੂੰ ਲੱਗੀ ਅੱਗ, ਲੱਖਾਂ ਦਾ ਹੋਇਆ ਨੁਕਸਾਨ

## ਅੱਗ ਦੀ ਲਪੇਟ 'ਚ ਆਉਣ ਨਾਲ ਫਰਨੀਚਰ ਮਾਲਕ ਤੇ ਉਸਦੀ ਮਾਤਾ ਗੰਭੀਰ ਜ਼ਖ਼ਮੀ



**ਸ੍ਰੀ ਹਰਗੋਬਿੰਦਪੁਰ ਸਾਹਿਬ 19 ਅਪ੍ਰੈਲ ਕੁਲਜੀਤ ਸਿੰਘ ਖੋਖਰ** -ਅੱਜ ਸ਼੍ਰੀ ਹਰਗੋਬਿੰਦਪੁਰ ਸਾਹਿਬ ਅੰਮ੍ਰਿਤਸਰ ਰੋਡ 'ਤੇ ਸਥਿਤ ਐਚਡੀਐਫਸੀ ਬੈਂਕ ਦੇ ਨਜ਼ਦੀਕ ਵਿਸ਼ਵਕਰਮਾ ਫਰਨੀਚਰ ਹਾਊਸ ਵਿੱਚ ਅੱਗ ਲੱਗਣ ਦਾ ਸਮਾਚਾਰ ਪ੍ਰਾਪਤ ਇਕੱਤਰ ਕੀਤੀ ਜਾਣਕਾਰੀ ਮੁਤਾਬਕ ਅੱਜ ਸਵੇਰੇ ਤਕਰੀਬਨ 10 ਵਜੇ ਸ਼ਾਰਟ ਸਰਕਟ ਹੋਣ ਨਾਲ ਵਿਸ਼ਵਕਰਮਾ ਫਰਨੀਚਰ ਹਾਊਸ ਵਿੱਚ ਤਿੰਨ ਮੰਜ਼ਲਾ ਇਮਾਰਤ ਨੂੰ ਭਿਆਨਕ ਅੱਗ ਲੱਗ ਗਈ। ਤੇ ਐਸ ਐਚ ਓ ਮਨਤੇਜ ਸਿੰਘ ਵੱਲੋਂ ਮੌਕੇ 'ਤੇ ਪੁਲਿਸ ਪਾਰਟੀ ਨੂੰ ਭੇਜਿਆ ਗਿਆ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਗਈ । ਇਸ ਅੱਗ ਵਿੱਚ ਫਰਨੀਚਰ ਹਾਊਸ ਦੇ ਮਾਲਕ ਹਰਦੀਪ ਸਿੰਘ ਅਤੇ ਮਾਤਾ ਮਨਜਿੰਦਰ ਕੌਰ ਅੱਗ ਦੀ ਲਪੇਟ ਵਿੱਚ ਆਉਣ ਕਾਰਨ ਬੁੜੀ ਤਰ੍ਹਾਂ ਝੁਲਸੇ ਗਏ, ਜਿਨਾਂ ਨੂੰ ਅੰਮ੍ਰਿਤਸਰ ਭੇਜਿਆ ਗਿਆ। ਅੱਗ ਲੱਗਣ ਦੀ ਸੂਚਨਾ ਮਿਲਦੇ ਹੀ 30 ਮਿੰਟ ਵਿੱਚ ਫਾਇਰ ਬ੍ਰਿਗੇਡ ਬਟਾਲਾ ਤੋਂ ਦੋ ਗੱਡੀਆਂ ਪਹੁੰਚੀਆਂ ਪਰ ਉਸ ਤੋਂ ਪਹਿਲਾਂ ਲੋਕਾਂ ਦੇ ਸਹਿਯੋਗ ਨਾਲ ਅੱਗ 'ਤੇ ਕਾਬੂ ਪਾਇਆ ਗਿਆ। ਇਸ ਅੱਗ ਵਿੱਚ ਲਗਭਗ ਲੱਖਾਂ ਰੁਪਇਆਂ ਦਾ ਨੁਕਸਾਨ ਹੋ ਗਿਆ, ਇੱਥੇ ਜ਼ਿਕਰਯੋਗ ਹੈ ਕਿ ਨਗਰ ਕੌਂਸਲ ਸ੍ਰੀ ਹਰਗੋਬਿੰਦਪੁਰ ਸਾਹਿਬ ਵਿੱਚ ਫਾਇਰ ਬ੍ਰਿਗੇਡ ਵਾਲੀ ਗੱਡੀ ਨਾ ਹੋਣ ਕਰਕੇ ਪਹਿਲਾਂ ਵੀ ਕਈ ਵਾਰ ਵੱਡੇ ਨੁਕਸਾਨ ਹੋ ਚੁੱਕੇ ਹਨ। ਸ਼ਹਿਰ ਵਾਸੀਆਂ ਅਤੇ ਆਸ ਪਾਸ ਦੇ ਪਿੰਡਾਂ ਦੇ ਲੋਕਾਂ ਨੇ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸ਼੍ਰੀ ਹਰਗੋਬਿੰਦਪੁਰ ਸਾਹਿਬ ਨਗਰ ਕੌਂਸਲ ਨੂੰ ਫਾਇਰ ਬ੍ਰਿਗੇਡ ਗੱਡੀ ਦਿੱਤੀ ਜਾਵੇ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਇਹੋ ਜਿਹੀਆਂ ਅੱਗ ਲੱਗਣ ਦੀਆਂ ਘਟਨਾਵਾਂ 'ਤੇ ਕਾਬੂ ਪਾਇਆ ਜਾ ਸਕੇ।

### ਯਾਦਵਿੰਦਰਾ ਸਾਇੰਸਜ਼ ਵਿਭਾਗ ਵੱਲੋਂ

# ਬਹੁਮੁਖੀ ਪ੍ਰਤਿਭਾ ਉਜਾਗਰ ਕਰਨ ਲਈ ਗਤੀਵਿਧੀਆਂ ਦਾ ਆਯੋਜਨ



ਤਲਵੰਡੀ ਸਾਬੋ, 19 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਕੈਂਪਸ ਦਮਦਮਾ ਸਾਹਿਬ, ਤਲਵੰਡੀ ਸਾਬੋ ਦੇ ਯਾਦਵਿੰਦਰਾ ਸਾਇੰਸਜ਼ ਵਿਭਾਗ ਵੱਲੋਂ ਵਿਦਿਆਰਥੀਆਂ ਦੀ ਬਹੁਮੁਖੀ ਪ੍ਰਤਿਭਾ ਨੂੰ ਨਿਖਾਰਨ ਦੇ ਮੰਤਵ ਨਾਲ ਚਾਰ ਪ੍ਰਤਿਯੋਗਤਾਵਾਂ ਉੱਘੇ ਸਾਇੰਸਦਾਨਾਂ ਤੇ ਭਾਸ਼ਣ ਮੁਕਾਬਲੇ, ਕੁਦਰਤ-ਇੱਕ-ਵਰਦਾਨ ਵਿਸ਼ੇ ਤੇ ਪੋਸਟਰ ਮੁਕਾਬਲੇ, ਕਿਤਾਬ ਸਮੀਖਿਆ ਅਤੇ ਰੰਗੋਲੀ ਮੁਲਾਬਲੇ ਕਰਵਾਏ ਗਏ। ਇਹ ਪ੍ਰਤਿਯੋਗਤਾਵਾਂ ਡਾ ਸੰਜੀਵ ਮਹਿਤਾ, ਡਾ. ਬਲਜਿੰਦਰ ਕੌਰ ਅਤੇ ਮੈਡਮ ਭਾਵਨਾ ਸੁਨਕਾਰੀਆ ਦੀ ਦੇਖ-ਰੇਖ ਅਧੀਨ



ਕਰਵਾਈਆਂ ਗਈਆਂ ਜਿਹਨਾਂ ਵਿੱਚ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਇਹਨਾਂ ਕਿਰਿਆਵਾਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਅਕਾਦਮਿਕ ਸਿੱਖਿਆ ਦੇ ਨਾਲ ਸਖਸ਼ੀਅਤ-ਵਿਕਾਸ ਕਰਨਾ ਹੈ ਜਿਸ ਨਾਲ ਉਹ ਇੱਕ ਚੰਗੇ ਨਾਗਰਿਕ ਸਾਬਤ ਹੋ ਸਕਣ। ਪੁਸਤਕ ਸਮੀਖਿਆ ਵਿੱਚ ਸਾਇੰਸ ਦੇ ਵਿਦਿਆਰਥੀਆਂ ਨੇ ਸਾਹਿਤ ਦੀ ਸੁਹਜ ਪ੍ਰਗਟਾਵਾ ਕਰਦਿਆਂ 'ਜਿੰਦਗੀ ਦੇ ਆਸ਼ਕ', ਲੂਣਾ, ਪਵਿੱਤਰ ਪਾਪੀ, ਅੰਧਵਿਸ਼ਵਾਸ਼ ਦਾ ਸ਼ੁਦਾਅ, ਪਹਿਲਾ ਅਧਿਆਪਕ ਕਿਤਾਬਾਂ ਦੀ ਸਮੀਖਿਆ ਕਰਦਿਆਂ ਸਰੋਤਿਆਂ ਨੂੰ ਪ੍ਰਭਾਵਿਤ ਕੀਤਾ। ਇਸ ਤੋਂ ਇਲਾਵਾ ਭਾਸ਼ਣ ਪ੍ਰਤੀਯੋਗੀਆਂ ਨੇ ਡਾ. ਏ.ਪੀ.ਜੇ. ਕਲਾਮ, ਡਾ. ਹਰਗੋਬਿੰਦ ਖੁਰਾਣਾ, ਡਾ. ਰਿਤੂ ਕਰੀਧਲ, ਸਟੀਫਨ ਹੌਕਿਨਜ਼, ਨਿਕੋਲਾ ਟੈਸਲਾ ਵਰਗੇ ਉੱਘੇ ਵਿਗਿਆਨੀਆਂ 'ਤੇ ਵਿਚਾਰ ਚਰਚਾ ਕਰਦਿਆਂ ਇਹ ਦੱਸਣ ਦੀ ਕੋਸਿਸ਼ ਕੀਤੀ ਕਿ ਜ਼ਿੰਦਗੀ 'ਚ ਉੱਚੇ ਕੀਰਤੀਮਾਨ ਸਥਾਪਤ ਕਰਨ ਲਈ ਵਿਅਕਤੀ ਵਿੱਚ ਸਿਰਫ ਜਜ਼ਬਾ ਹੋਣਾ ਚਾਹੀਦਾ ਹੈ ਅਤੇ ਕਿਸੇ ਵੀ ਤਰਾਂ ਦੇ ਵਸੀਲਿਆਂ ਦੀ ਘਾਟ ਜਾਂ ਸਰੀਰਕ ਅਪਾਹਜਪੁਣਾ ਤਰੱਕੀ ਦੇ ਰਾਹ ਵਿੱਚ ਰੁਕਾਵਟ ਨਹੀਂ ਬਣ ਸਕਦੀ। ਅਖੀਰ ਵਿੱਚ ਵਿਭਾਗ ਮੁਖੀ ਡਾ. ਅੰਜੂ ਸੈਣੀ ਨੇ ਜੇਤੂਆਂ ਨੂੰ ਇਨਾਮ ਤਕਸੀਮ ਕੀਤੇ। ਕੈਂਪਸ ਡਾਇਰੈਕਟਰ ਪ੍ਰੋ. ਕਮਲਜੀਤ ਸਿੰਘ ਨੇ ਇਸ ਪਤੀਯੋਗਤਾ ਦੇ ਆਯੋਜਨ ਤੇ ਵਿਭਾਗ ਦੀ ਸ਼ਲਾਘਾ ਕੀਤੀ।

### * ਸ੍ਰ ਈਮਾਨ ਸਿੰਘ ਮਾਨ ਜਾਮਾਂ ਮਸਜਿਦ ਅੰਮ੍ਰਿਤਸਰ ਵਿਖੇ ਜੁੰਮੇ ਦੀ ਨਮਾਜ਼ ਚ' ਹੋਏ ਸ਼ਾਮਲ ਤੇ ਸ਼ਾਹੀ ਇਮਾਮ ਹਾਮਿਦ ਹੁਸੈਨ ਜੀ ਨੂੰ ਮਿਲੇ

# ਬੀ ਜੇ ਪੀ ਅਤੇ ਕਾਂਗਰਸ ਨੇ ਮਿੱਥ ਕੇ ਸਿੱਖਾਂ ਤੇ ਮੁਸਲਮਾਨਾਂ ਦੇ ਧਾਰਮਿਕ ਸਥਾਨ ਨੂੰ ਨਿਸ਼ਾਨਾਂ ਬਣਾਇਆ





**ਅੰਮ੍ਰਿਤਸਰ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੱਜ ਸ਼੍ਰੋਮਣੀ ਅਕਾਲੀ ਦਲ ਦੇ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਉਮੀਦਵਾਰ ਸ੍ਰ ਈਮਾਨ ਸਿੰਘ ਜੀ ਮਾਨ ਸਮੁੱਚੀ ਜਿਲਾ ਜਥੇਬੰਦੀ ਨਾਲ ਅੰਮ੍ਰਿਤਸਰ ਹਾਲ ਬਜਾਰ ਵਿਖੇ ਸਥਿਤ ਜਾਮਾਂ ਮਸਜਿਦ ਵਿਖੇ ਜੁੰਮੇ ਦੀ ਨਮਾਜ਼ ਵਿੱਚ ਸ਼ਾਮਲ ਹੋਏ ਅਤੇ ਭਾਈਚਾਰਕ ਸਾਂਝ ਦਾ ਸੁਨੇਹਾ ਦਿੱਤਾ। ਇਸ ਮੌਕੇ ਸ੍ਰ ਈਮਾਨ ਸਿੰਘ ਜੀ ਮਾਨ ਦੇ ਨਾਲ ਸ੍ਰ ਉਪਕਾਰ ਸਿੰਘ ਸੰਧੂ ਕੌਮੀ ਜਰਨਲ ਸਕੱਤਰ, ਸ੍ਰ ਅਮਰੀਕ ਸਿੰਘ ਜੀ ਨੰਗਲ ਜਥੇਬੰਦਕ ਸਕੱਤਰ ਮਾਝਾ ਜੋਨ, ਸ੍ਰ ਦਵਿੰਦਰ ਸਿੰਘ ਜੀ ਫ਼ਤਾਹਪੁਰ ਪ੍ਰਧਾਨ ਅੰਮ੍ਰਿਤਸਰ ਸ਼ਹਿਰੀ, ਸ੍ਰ ਸ਼ਮਸ਼ੇਰ ਸਿੰਘ ਪੱਧਰੀ ਜਿਲਾ ਪ੍ਰੈਸ ਸਕੱਤਰ, ਸ੍ਰ ਕੁਲਵੰਤ ਸਿੰਘ ਜੀ ਮਜੀਠਾ, ਸ੍ਰ ਕੁਲਵੰਤ ਸਿੰਘ ਜੀ ਮਝੈਲ, ਸ੍ਰ ਰਵੀਸ਼ੇਰ ਸਿੰਘ ਜੀ ਯੂਥ ਆਗੂ, ਸ੍ਰ ਸਿਮਰਨਜੀਤ ਸਿੰਘ ਜੀ, ਸ੍ਰ ਚਮਨਜੀਤ ਸਿੰਘ, ਸ੍ਰ ਸੁਖਬੀਰ ਸਿੰਘ ਚੀਮਾ, ਭਾਈ ਹਰਦੀਪ ਸਿੰਘ ਜੀ, ਸ੍ਰ ਮਨਜੀਤ ਸਿੰਘ ਜੀ, ਸ੍ਰ ਜਸਕਰਨ ਸਿੰਘ ਜੀ ਨੰਗਲ, ਦਾਨਿਸ਼ ਮੁਹੰਮਦ ਜੀ, ਯੂਸਫ਼ ਮੁਹੰਮਦ ਜੀ, ਫਾਰੂਖ਼ ਸ਼ੇਖ ਜੀ ਅਤੇ ਤਾਰਿਕ ਮੁਹੰਮਦ ਜੀ ਵੀ ਹਾਜ਼ਰ ਸਨ। ਸ੍ਰ ਈਮਾਨ ਸਿੰਘ ਮਾਨ ਨੇ ਮਸਜਿਦ ਪਹੁੰਚ ਕੇ ਜਿੱਥੇ ਭਾਈਚਾਰਕ ਸਾਂਝ ਨੂੰ ਅੱਗੇ ਵਧਾਇਆ ਉਥੇ ਜਾਮਾਂ ਮਸਜਿਦ ਦੇ ਸ਼ਾਹੀ ਇਮਾਮ ਹਾਮਿਦ ਹੁਸੈਨ ਜੀ ਮਿਲਕੇ ਧਾਰਮਿਕ ਸਾਂਝ ਦਾ ਏਤਮਾਤ ਦਵਾਇਆ ਤੇ ਮੁਸਲਿਮ ਭਾਈਚਾਰੇ ਨੂੰ ਗਲੇ ਮਿਲ ਕੇ ਮੂੰਹ ਮਿੱਠਾ ਕਰਵਾਇਆ, ਇਸ ਮੌਕੇ ਸ਼ਾਹੀ ਇਮਾਮ ਹਾਮਿਦ ਹੁਸੈਨ ਜੀ ਵੱਲੋਂ ਸ੍ਰ ਈਮਾਨ ਸਿੰਘ ਜੀ ਮਾਨ ਨੂੰ ਸਿਰੋਪਾਓ ਦੇਕੇ ਸਨਮਾਨਿਤ ਕੀਤਾ ਗਿਆ। ਇਸਤੋਂ ਬਾਅਦ ਮਸਜਿਦ ਦੇ ਬਾਹਰ ਇਕੱਤਰ ਹੋਈ ਪ੍ਰੈਸ ਨੂੰ ਸਬੰਧੋਨ ਕਰਦਿਆਂ ਸ੍ਰ ਈਮਾਨ ਸਿੰਘ ਮਾਨ ਕਿਹਾ ਕਿ ਸਿੱਖਾਂ ਦਾ ਮੁਸਲਮਾਨ ਭਾਈਚਾਰੇ ਨਾਲ ਇਕ ਮੁਕੱਦਸ ਰਿਸ਼ਤਾ ਹੈ ਜਿਸਨੂੰ ਕਦੇ ਵੀ ਤੋੜਿਆ ਨਹੀਂ ਜਾ ਸਕਦਾ ਅਤੇ ਇਹ ਸਾਡੇ ਗੁਰੂ ਸਾਹਿਬਾਨਾਂ ਤੋਂ ਲਗਾਤਾਰ ਚੱਲਦਾ ਆ ਰਿਹਾ ਹੈ ਤੇ ਚਲਦਾ ਰਹੇਗਾ। ਉਹਨਾਂ ਕਿਹਾ ਕਿ ਜੇ ਦੂਸਰੇ ਪਾਸੇ ਝਾਤ ਮਾਰੀ ਜਾਵੇ ਤਾਂ ਸਾਡੇ ਦੇਸ਼ ਦੀਆਂ ਦੋਨੋ ਨੈਸ਼ਨਲ ਪਾਰਟੀਆਂ ਬੀ ਜੇ ਪੀ ਅਤੇ ਕਾਂਗਰਸ ਨੇ ਇਹਨਾਂ ਵਿਲੱਖਣ ਧਰਮਾਂ ਦੇ ਮੁਲਕ ਵਿੱਚ ਹਮੇਸ਼ਾਂ ਧਾਰਮਿਕ ਪਾੜੇ ਪਾਕੇ ਰਾਜ ਕਰਨ ਦੀ ਰਾਜਨੀਤੀ ਖੇਡੀ ਹੈ ਅਤੇ ਆਪਣੇ ਸੌੜੇ ਹਿੱਤਾਂ ਨੂੰ ਮੁੱਖ ਰੱਖਕੇ ਸਿੱਖਾਂ ਅਤੇ ਮੁਸਲਮਾਨਾਂ ਦੇ ਧਾਰਮਿਕ ਸਥਾਨਾਂ ਨੂੰ ਮਿੱਥ ਕੇ ਨਿਸ਼ਾਨਾਂ ਬਣਾਇਆ ਤੇ ਉਹਨਾਂ ਨੂੰ ਢਾਹ ਕੇ ਖੋਜ਼ ਖੁਰਾ ਮਿਟਾਉਣ ਦੀ ਭਰਭੂਰ ਕੋਸ਼ਿਸ਼ ਕੀਤੀ ਹੈ। ਜਿਸ ਕਾਰਨ ਅੱਜ ਪੂਰੀ ਦੁਨੀਆਂ ਵਿੱਚ ਇਸ ਧਾਰਮਿਕ ਵਿਰੋਧਤਾ ਦੇ ਸਿੱਟੇ ਦੇਖਣ ਨੂੰ ਮਿਲਦੇ ਹਨ। ਸ੍ਰ ਮਾਨ ਨੇ ਬੀ ਜੇ ਪੀ ਤੇ ਕਾਂਗਰਸ ਤੇ ਗਹਿਰੀ ਚੋਟ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਰਾਜ ਵਿੱਚ ਗੁਜਰਾਤ ਵਿਖੇ ਗੋਦਰਾ ਕਾਂਡ ਵਾਪਰਿਆ ਤੇ ਮੁਸਲਿਮ ਭਾਈਚਾਰੇ ਦੇ ਲੋਕਾਂ ਨੂੰ ਘਰਾਂ ਚੋਂ ਕੱਢ-ਕੱਢ ਕੇ ਜਿੰਦਾ ਸਾੜਿਆ ਗਿਆ, ਇਸਤੋਂ ਪਹਿਲਾਂ ਬਾਬਰੀ ਮਸਜਿਦ ਨੂੰ ਵੀ ਬਹੁ-ਗਿਣਤੀਆਂ ਵੱਲੋਂ ਸਰਕਾਰ ਦੇ ਇਸ਼ਾਰੇ ਤੇ ਢਹਿ-ਢੇਰੀ ਕਰਕੇ ਪੂਰੇ ਦੇਸ਼ ਵਿੱਚ ਧਾਰਮਿਕ ਵਿਰੋਧਤਾ ਦੀ ਬਹੁਤ ਵੱਡੀ ਦੀਵਾਰ ਖੜੀ ਕਰ ਦਿੱਤੀ ਗਈ। ਉਹਨਾਂ ਕਿਹਾ ਕਿ ਇਸੇ ਤਰਾਂ ਹੀ ਸੰਨ 1984 ਵਿੱਚ ਕਾਂਗਰਸ ਦੇ ਰਾਜ ਵਿੱਚ ਸਿੱਖਾਂ ਦੇ ਮੁਕੱਦਸ ਸਥਾਨ ਸ੍ਰੀ ਦਰਬਾਰ ਸਾਹਿਬ ਤੇ ਟੈਂਕਾਂ ਤੋਪਾਂ ਨਾਲ ਹਮਲਾ ਕੀਤਾ ਗਿਆ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਕੇ ਹਜਾਰਾਂ ਸਿੱਖ ਸਰਧਾਲੂਆਂ ਨੂੰ ਸ਼ਹੀਦ ਕਰ ਦਿੱਤਾ ਗਿਆ ਜੋ ਕਿ ਨਾਂ ਭੁੱਲਣਯੋਗ ਹੈ। ਉਹਨਾਂ ਕਿਹਾ ਬੀ ਜੇ ਪੀ ਤੇ ਕਾਂਗਰਸ ਪਾਰਟੀ ਵੱਲੋਂ ਇਹ ਜੋ ਬੀਜ ਬੀਜੇ ਗਏ ਹਨ ਇਹ ਸਿੱਖਾਂ ਅਤੇ ਮੁਸਲਮਾਨ ਭਾਈਚਾਰੇ ਲਈ ਬਹੁਤ ਦੁੱਖਦਾਇਕ ਹਨ।



### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਵਾਤਾਵਰਣ ਜਾਗਰੂਕਤਾ

# ਪ੍ਰੋਜੈਕਟ ਤਹਿਤ ਪੋਸਟਰ ਮੇਕਿੰਗ ਤੇ ਇੰਸਟਾਲੇਸ਼ਨ ਮੁਕਾਬਲੇ ਆਯੋਜਿਤ



ਤਲਵੰਡੀ ਸਾਬੋ, 18 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਭਾਰਤ ਸਰਕਾਰ ਦੇ "ਮਿਸ਼ਨ ਲਾਇਫ" ਤਹਿਤ ਵਾਤਾਵਰਣ ਸਿੱਖਿਆ ਪ੍ਰੋਗਰਾਮ ਅਧੀਨ ਗੁਰੂ ਕਾਸ਼ੀ ਯੂਨੀਵਰਸਿਟੀ ਨੂੰ ਮਿਲੇ ਪ੍ਰੋਜੈਕਟ ਤਹਿਤ ਉਪ ਕੁਲਪਤੀ ਪ੍ਰੋ. (ਡਾ.) ਐਸ.ਕੇ. ਬਾਵਾ ਦੀ ਦੇਖ ਰੇਖ ਹੇਠ ਫੈਕਲਟੀ ਆਫ਼ ਵਿਜ਼ੂਅਲ ਐਂਡ ਪਰਫੋਰਮਿੰਗ ਆਰਟਸ ਵੱਲੋਂ ਪੋਸਟਰ ਮੇਕਿੰਗ ਤੇ ਇੰਸਟਾਲੇਸ਼ਨ ਮੁਕਾਬਲੇ ਕਰਵਾਏ ਗਏ। ਇਸ ਬਾਰੇ ਜਾਣਕਾਰੀ ਦਿੰਦਿਆਂ ਡਾ. ਕੰਵਲਜੀਤ ਕੌਰ, ਮੁੱਖ ਆਯੋਜਿਕਾ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਵਾਤਾਵਰਣ ਹਰਾ ਭਰਾ ਤੇ ਸਾਫ਼ ਸੁਥਰਾ ਬਣਾਈ ਰੱਖਣ ਅਤੇ ਜੈਵਿਕ ਖੇਤੀ ਪ੍ਰਤੀ ਪ੍ਰੋਤਸਾਹਿਤ ਕਰਨ ਲਈ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਲਗਭਗ 40 ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਵਿਦਿਆਰਥੀਆਂ ਵੱਲੋਂ ਕੁਦਰਤੀ ਸੁੰਦਰਤਾ ਨੂੰ ਪੇਸ਼ ਕਰਦੇ ਪੋਸਟਰ ਦਰਸ਼ਕਾਂ ਦੇ ਮਨ ਨੂੰ ਮੋਹ ਰਹੇ ਸਨ। ਵਿਦਿਆਰਥੀਆਂ ਵੱਲੋਂ ਬਣਾਏ ਗਏ ਜੈਵਿਕ ਖਾਦ ਉਤਪਾਦਨ ਦੇ ਮਾਡਲ ਲਾਜਵਾਬ ਕਲਾਕਾਰੀ ਦਾ ਨਮੂਨਾ ਸਨ। ਇਸ ਮੌਕੇ ਮਾਹਿਰਾਂ ਵੱਲੋਂ ਵਿਦਿਆਰਥੀਆਂ ਨੂੰ ਜੈਵਿਕ ਖੇਤੀ ਤਿਆਰ ਕਰਨ ਦੇ ਵੱਖ-ਵੱਖ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਪਾਣੀ ਦੀ ਸਾਂਭ ਸੰਭਾਲ ਲਈ ਪ੍ਰੇਰਿਤ ਕੀਤਾ ਗਿਆ।



# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ







ਤਲਵੰਡੀ ਸਾਬੋ, 19 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਦਸਵੀਂ ਜਮਾਤ ਦੇ ਨਤੀਜੇ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਦੇ 78 ਵਿਦਿਆਰਥੀ ਪ੍ਰੀਖਿਆ ਵਿੱਚ ਬੈਠੇ ਅਤੇ ਸਾਰੇ ਹੀ ਵਿਦਿਆਰਥੀ ਚੰਗੇ ਅੰਕ ਪ੍ਰਾਪਤ ਕਰਕੇ ਪਾਸ ਹੋਏ ਹਨ। ਜਮਾਤ ਇੰਚਾਰਜ ਸ੍ਰੀਮਤੀ ਰਮਨਦੀਪ ਸ਼ਰਮਾ ਅਤੇ ਸ੍ਰੀਮਤੀ ਮਮਤਾ ਸਨਸੋਹਾ ਨੇ ਦੱਸਿਆ ਕਿ ਵਿਦਿਆਰਥਣ ਅਮਨਦੀਪ ਕੌਰ ਨੇ 91 ਪ੍ਰਤੀਸ਼ਤ, ਹੁਮਨਪ੍ਰੀਤ ਕੌਰ ਨੇ 89 ਪ੍ਰਤੀਸ਼ਤ ਅਤੇ ਵਰਤਿਕਾ ਨੇ 88 ਪ੍ਰਤੀਸ਼ਤ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਇੰਚਾਰਜ ਸ੍ਰੀਮਤੀ ਸੁਖਦੀਪ ਕੌਰ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਸਮੂਹ ਅਧਿਆਪਕਾਂ ਦੀ ਸਰਾਹਨਾ ਕੀਤੀ। ਜਮਾਤ ਇੰਚਾਰਜ ਸਾਹਿਬਾਨ ਨੇ ਦੱਸਿਆ ਕਿ ਦਸਵੀਂ ਜਮਾਤ 'ਚੋਂ ਸਕੂਲ ਦੇ ਇੱਕ ਵਿਦਿਆਰਥੀ ਨੇ 90 ਪ੍ਰਤੀਸ਼ਤ ਤੋਂ ਵੱਧ, ਤਿੰਨ ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਤੋਂ ਵੱਧ ਅਤੇ 12 ਵਿਦਿਆਰਥੀਆਂ ਨੇ 70 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ।

# ਨੇਕ ਦਿਲ ਅਤੇ ਮਿਲਣਸਾਰ ਸੁਭਾਅ ਦੇ ਮਾਲਕ ਸਨ ਜੋਗਿੰਦਰ ਪਾਲ ਚੌਹਾਨ ਰਾਜ ਬਹਾਦਰ ਚੌਹਾਨ.ਡਿੰਪੀ ਚੌਹਾਨ

ਚੌਕ ਮਹਿਤਾ 19 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ ) ਆਲ ਇੰਡੀਆ ਕਾਂਗਰਸ ਕਮੇਟੀ ਓ.ਬੀ.ਸੀ ਵਿਭਾਗ ਦੇ ਕੌਮੀ ਸੰਗਠਨ ਜਨਰਲ ਸਕੱਤਰ ਰਾਜ ਬਹਾਦਰ ਚੌਹਾਨ ਦੇ ਪਿਤਾ ਸ੍ਰੀ ਜੋਗਿੰਦਰ ਪਾਲ ਚੌਹਾਨ ਅਤੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਅਤੇ ਸਵਰਨਕਾਰ ਸੰਘ ਵਨ ਪੰਜਾਬ ਦੇ ਮੀਤ ਪ੍ਰਧਾਨ ਅਸ਼ੋਕ ਡਿੰਪੀ ਚੌਹਾਨ ਦਾ ਦਿਹਾਂਤ ਹੋ ਗਿਆ ਹੈ। ਦਿੱਲੀ ਵਿਖੇ ਲੰਮੀ ਬਿਮਾਰੀ ਕਾਰਨ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਦਾ ਰਸਮ ਚੌਥ ਅਤੇ ਉਥਾਨ ਗੁਰਦੁਆਰਾ ਸਿੰਘ ਸਭਾ 12 ਬਲਾਕ ਤਿਲਕ ਨਗਰ ਨਵੀਂ ਦਿੱਲੀ ਵਿਖੇ ਹੋਇਆ। ਇਸ ਸ਼ੋਕ ਸਭਾ ਵਿੱਚ ਅੰਮ੍ਰਿਤਸਰ ਤੋਂ ਦਿੱਲੀ ਪਹੁੰਚ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਡਿੰਪੀ ਚੌਹਾਨ ਨੇ ਕਿਹਾ ਕਿ ਜੋਗਿੰਦਰ ਪਾਲ ਚੌਹਾਨ ਬਹੁਤ ਹੀ ਦਿਆਲੂ ਅਤੇ ਮਿਲਣਸਾਰ ਸੁਭਾਅ ਦੇ ਮਾਲਕ ਸਨ ਅਤੇ ਗਰੀਬਾਂ ਦੀ ਮਦਦ ਲਈ ਹਮੇਸ਼ਾ ਤਿਆਰ ਰਹਿੰਦੇ ਸਨ। ਹਰ ਲੋੜਵੰਦ ਦੀ ਬਿਨਾਂ ਕਿਸੇ ਭੇਦਭਾਵ ਤੋਂ ਮਦਦ ਕੀਤੀ ਹੈ! ਇਸ ਸ਼ੋਕ ਸਭਾ ਵਿੱਚ ਦਿੱਲੀ ਦੀਆਂ ਪ੍ਰਮੁੱਖ ਸਿਆਸੀ, ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਸ਼ੋਕ ਸਭਾ ਵਿੱਚ ਦਿੱਲੀ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਰਵਿੰਦ ਸਿੰਘ ਲਵਲੀ, ਕਾਂਗਰਸ ਪਾਰਟੀ ਦੇ ਲੋਕ ਸਭਾ ਉਮੀਦਵਾਰ ਮਹਾਬਲ ਮਿਸ਼ਰਾ, ਰਾਹੁਲ ਗਾਂਧੀ ਦੇ ਉਮੀਦਵਾਰ ਕੌਸ਼ਿਕ ਤ੍ਰਿਵੇਦੀ, ਤਿਲਕ ਨਗਰ ਤੋਂ 'ਆਪ' ਵਿਧਾਇਕ ਜਰਨੈਲ ਸਿੰਘ, ਭਾਜਪਾ ਆਗੂ ਰਾਜੇਸ਼ ਚੌਹਾਨ, ਕਸਤੂਰੀ ਲਾਲ, ਜਤਿਨ ਵਰਮਾ, ਭਾਜਪਾ ਆਗੂ ਸਿਧਾਂਤ ਸ਼ਾਮਲ ਸਨ। ਵਰਮਾ, ਸ਼ਿਵਰਾਜ ਚੌਹਾਨ, ਯੁਵਰਾਜ ਚੌਹਾਨ, ਅਮਨ ਚੌਹਾਨ, ਜਤਿੰਦਰ ਚੌਹਾਨ, ਰਿਆਨ ਬੋਲਾ ਸੁਭਾਸ਼ ਚੌਹਾਨ, ਦਿੱਲੀ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਸੁਭਾਸ਼ ਸ਼ਰਮਾ, ਵਿਜੇ ਚੌਹਾਨ ਆਦਿ ਹਾਜ਼ਰ ਸਨ।



### ਗੁਰੂ ਤੇਗ ਬਹਾਦਰ ਪਬਲਿਕ ਹਾਈ ਸਕੂਲ ਕਾਉਂਕੇ ਦੀਆਂ ਵਿਦਿਆਰਥਣਾਂ ਪੰਜਾਬ ਚੋਂ ਮੈਰਿਟ ਸੂਚੀ ਵਿੱਚ ਆਈਆਂ

# ਢੋਲ ਢਮੱਕੇ ਨਾਲ ਕੀਤਾ ਸ਼ਾਨਦਾਰ ਸਵਾਗਤ ਅਤੇ ਤਾੜੀਆਂ ਦੀ ਗੂੰਜ ਵਿੱਚ ਕੀਤਾ ਸਨਮਾਨਿਤ



ਜਗਰਾਉਂ/ਲੁਧਿਆਣਾ - (ਵਰਿਆਮ ਹਠੂਰ)- ਪੰਜਾਬ ਸਕੂਲ ਸਿੱਖਿਆ ਬੋਰਡ ਮੁਹਾਲੀ ਵੱਲੋਂ ਐਲਾਨੇ ਗਏ ਮੈਟ੍ਰਿਕ ਪ੍ਰੀਖਿਆ ਦੇ ਨਤੀਜੇ ਦੀ ਜਾਰੀ ਕੀਤੀ ਗਈ ਮੈਰਿਟ ਸੂਚੀ ਅਨੁਸਾਰ ਐਸੋਸੀਏਟ ਸਕੂਲ ਗੁਰੂ ਤੇਗ ਬਹਾਦਰ ਪਬਲਿਕ ਹਾਈ ਸਕੂਲ ਪਿੰਡ ਕਾਉਂਕੇ ਕਲਾਂ ਦੀਆਂ ਦੋ ਹੋਣਹਾਰ ਵਿਦਿਆਰਥਣਾਂ ਗੁਰਲੀਨ ਕੌਰ ਪੁੱਤਰੀ ਬਲਜੀਤ ਸਿੰਘ ਵਾਸੀ ਚੂਹੜਚੱਕ ਨੇ ਮੈਟ੍ਰਿਕ ਦੀ ਪ੍ਰੀਖਿਆ ਵਿਚੋਂ 632/650 ਅਤੇ ਦਿਲਪ੍ਰੀਤ ਕੌਰ ਪੁੱਤਰੀ ਗੁਰਚਰਨ ਸਿੰਘ ਵਾਸੀ ਚੂਹੜਚੱਕ ਨੇ 631/650 ਅੰਕ ਪ੍ਰਾਪਤ ਕਰਕੇ ਕ੍ਰਮਵਾਰ 14ਵਾਂ ਅਤੇ 15ਵਾਂ ਰੈਂਕ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ। ਇਸ ਖੁਸ਼ੀ ਦੇ ਮੌਕੇ 'ਤੇ ਅੱਜ ਗੁਰੂ ਤੇਗ ਬਹਾਦਰ ਪਬਲਿਕ ਹਾਈ ਸਕੂਲ ਕਾਉਂਕੇ ਕਲਾਂ ਦੇ ਪ੍ਰਿੰਸੀਪਲ ਸੁਨੀਲ ਕੁਮਾਰ ਅਤੇ ਸਮੂਹ ਸਕੂਲ ਸਟਾਫ਼ ਵੱਲੋਂ ਇਨ੍ਹਾਂ ਦੋਵੇਂ ਹੋਣਹਾਰ ਵਿਦਿਆਰਥਣਾਂ ਗੁਰਲੀਨ ਕੌਰ ਤੇ ਦਿਲਪ੍ਰੀਤ ਕੌਰ ਅਤੇ ਉਨ੍ਹਾਂ ਦੇ ਮਾਪਿਆਂ ਦੇ ਸਕੂਲ ਪਹੁੰਚਣ 'ਤੇ ਢੋਲ ਢਮੱਕੇ ਨਾਲ ਸ਼ਾਨਦਾਰ ਸਵਾਗਤ ਕੀਤਾ ਅਤੇ ਸਮੂਹ ਸਕੂਲ ਸਟਾਫ਼ ਨੇ ਦੋਵੇਂ ਵਿਦਿਅਰਥਣਾਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਹਾਰ ਪਾ ਕੇ ਅਤੇ ਗੁਲਦਸਤੇ ਦੇ ਕੇ ਜੀ ਆਇਆਂ ਆਖਿਆ, ਸਕੂਲ ਸਟਾਫ਼ ਤੇ ਬੱਚਿਆਂ ਨਾਲ ਹੋਣਹਾਰ ਵਿਦਿਆਰਥਣਾਂ ਕਾਫਲੇ ਦੇ ਰੂਪ ਵਿੱਚ ਸਕੂਲ ਨਜ਼ਦੀਕ ਗੁਰਦੁਆਰਾ ਸਾਹਿਬ ਵਿਖੇ ਪੁੱਜੇ ਜਿੱਥੇ ਸਾਰਿਆਂ ਨੇ ਜੁੱਗੋ ਜੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਨਤਮਸਤਕ ਹੋ ਕੇ ਸ਼ੁਕਰਾਨਾ ਕੀਤਾ। ਗੁਰਦੁਆਰਾ ਸਾਹਿਬ ਵਿਖੇ ਨਤਮਤਸਕ ਹੋਣ ਉਪਰੰਤ ਸਕੂਲ 'ਚ ਰੱਖੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਹੋਣਹਾਰ ਵਿਦਿਆਰਥਣਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਦਿਆਂ ਸਕੂਲ ਦੇ ਪ੍ਰਿੰ. ਸੁਨੀਲ ਕੁਮਾਰ ਨੇ ਕਿਹਾ ਕਿ ਸਕੂਲ ਦੇ ਸਮੂਹ ਸਟਾਫ਼ ਦੀ ਵਧੀਆ ਸਿੱਖਿਆ ਤੇ ਸੇਧ ਦੀ ਬਦੌਲਤ ਅਤੇ ਬੱਚਿਆਂ ਦੀ ਸਖ਼ਤ ਮਿਹਨਤ ਤੇ ਲਗਨ ਸਦਕਾ ਗੁਰੂ ਤੇਗ ਬਹਾਦਰ ਪਬਲਿਕ ਹਾਈ ਸਕੂਲ ਕਾਉਂਕੇ ਕਲਾਂ ਨੂੰ ਗੁਰੂ ਪਾਤਸ਼ਾਹ ਨੇ ਅਥਾਹ ਮਾਣ ਬਖਸ਼ਿਆ ਹੈ ਅਤੇ ਇਨ੍ਹਾਂ ਬੱਚਿਆਂ ਨੇ ਆਪਣੇ ਮਾਪਿਆਂ, ਸਕੂਲ, ਪਿੰਡ ਅਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਦੋਵੇਂ ਬੱਚਿਆਂ ਦੇ ਮਾਪਿਆਂ ਨੇ ਕਿਹਾ ਕਿ ਇਸਦਾ ਸਿਹਰਾ ਪ੍ਰਿੰ. ਸੁਨੀਲ ਕੁਮਾਰ ਅਤੇ ਸਮੂਹ ਸਕੂਲ ਸਟਾਫ ਨੂੰ ਜਾਂਦਾ ਹੈ, ਜਿਨ੍ਹਾਂ ਨੇ ਬੱਚਿਆਂ ਨੂੰ ਇਸ ਪ੍ਰਾਪਤੀ ਦੇ ਕਾਬਲ ਬਣਾਇਆ ਹੈ। ਇਸ ਮੌਕੇ ਰੀਅਲ ਮਿਕਸ ਨਿਊਜ਼ ਦੀ ਟੀਮ, ਪ੍ਰਿੰ.ਸੁਨੀਲ ਕੁਮਾਰ, ਪ੍ਰਿੰ.ਸਰਬਜੀਤ ਸਿੰਘ ਭੱਟੀ ਦੇਹੜਕਾ, ਸਤਿਨਾਮ ਕਲਿਆਣ ਟਰੱਸਟ ਤੋਂ ਹਰਦੀਪ ਸਿੰਘ ਤੇ ਅਵਤਾਰ ਸਿੰਘ, ਮਾ.ਜਗਦੀਪ ਸਿੰਘ, ਮਾ.ਬਾਬੂ ਸਿੰਘ, ਰਾਮ ਸਿੰਘ, ਅੰਗਰੇਜ ਸਿੰਘ, ਜਗਦੇਵ ਸਿੰਘ ਅਤੇ ਸਮੂਹ ਸਕੂਲ ਸਟਾਫ਼ ਆਦਿ ਹਾਜ਼ਰ ਸਨ।

**ਸਿੱਖਿਆ ਦੇ ਖੇਤਰ ਵਿਚ ਐਸੋਸੀਏਟ ਸਕੂਲਾਂ ਦਾ ਅਹਿਮ ਯੋਗਦਾਨ: ਪ੍ਰਿੰ.ਸੁਨੀਲ ਕੁਮਾਰ ਅਤੇ ਪ੍ਰਿੰ.ਸਰਬਜੀਤ ਸਿੰਘ ਭੱਟੀ** : ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਤੋਂ ਐਸੋਸੀਏਟ (ਮਾਨਤਾ ਪ੍ਰਾਪਤ) ਸਕੂਲ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਹਾਈ ਸਕੂਲ ਕਾਉਂਕੇ ਕਲਾਂ ਦੀਆਂ ਦੋ ਵਿਦਿਆਰਥਣਾਂ ਨੇ ਪੰਜਾਬ ਭਰ 'ਚੋਂ ਕ੍ਰਮਵਾਰ 14ਵਾਂ ਤੇ 15ਵਾਂ ਰੈਂਕ ਪ੍ਰਾਪਤ ਕਰਕੇ ਇਹ ਸਾਬਤ ਕਰ ਦਿੱਤਾ ਹੈ ਕਿ ਸਕੂਲ ਕੋਈ ਛੋਟਾ ਜਾਂ ਵੱਡਾ ਨਹੀਂ ਹੁੰਦਾ, ਸਕੂਲ ਨੂੰ ਤਾਂ ਮੰਦਰ ਤੇ ਗੁਰਦੁਆਰਾ ਦੇ ਬਰਾਬਰ ਦਾ ਦਰਜ਼ਾ ਦਿੱਤਾ ਜਾਂਦਾ ਹੈ, ਜਿੱਥੋਂ ਬੱਚੇ ਚੰਗੀ ਸਿੱਖਿਆ ਤੇ ਸੰਸਕਾਰ ਪ੍ਰਾਪਤ ਕਰਕੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਦੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਪ੍ਰਿੰ.ਸੁਨੀਲ ਕੁਮਾਰ ਤੇ ਪ੍ਰਿੰ.ਸਰਬਜੀਤ ਸਿੰਘ ਦੇਹੜਕਾ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਪਬਲਿਕ ਹਾਈ ਸਕੂਲ ਵਰਗੇ ਬਹੁਤ ਸਕੂਲ ਪੰਜਾਬ ਸਕੂਲ ਸਿੱਖਿਆ ਬੋਰਡ ਮੁਹਾਲੀ ਤੋਂ ਐਸੋਸੀਏਟ ਹਨ ਅਤੇ ਇਨ੍ਹਾਂ ਕੋਲ ਭਾਵੇਂ ਕੋਈਆਂ ਬਹੁਤੀਆਂ ਉੱਚੀਆਂ-ਵੱਡੀਆਂ ਇਮਾਰਤਾਂ ਨਹੀਂ ਹਨ, ਪਰ ਬੱਚਿਆਂ ਨੂੰ ਸਿੱਖਿਆ ਸਬੰਧੀ ਸਹੂਲਤਾਂ ਤੇ ਯੋਗ ਪ੍ਰਬੰਧ ਕੀਤੇ ਹੋਏ ਹਨ। ਉਨ੍ਹਾਂ ਕਿਹਾ ਕਿ ਆਰਥਿਕ ਮੰਦਹਾਲੀ ਦੇ ਬਾਵਜੂਦ ਇਹ ਸੰਸਥਾਵਾਂ ਪਿਛਲੇ ਕਈ ਦਹਾਕਿਆਂ ਤੋਂ ਸਾਧਾਰਨ ਤੇ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਨੂੰ ਸਿੱਖਿਆ ਦੇ ਕੇ ਅਹਿਮ ਯੋਗਦਾਨ ਪਾ ਰਹੀਆਂ ਹਨ ਅਤੇ ਸਰਕਾਰਾਂ ਦਾ ਬੋਝ ਵੰਡਾ ਰਹੀਆਂ ਹਨ, ਪਰ ਪਿਛਲੇ ਕੁਝ ਸਾਲਾਂ ਤੋਂ ਸਕੂਲ ਪ੍ਰਬੰਧਕ ਸਰਕਾਰਾਂ ਦੀ ਬੇਰੁਖੀ ਦਾ ਸ਼ਿਕਾਰ ਹਨ। ਸਰਕਾਰ ਵਲੋਂ ਸਿੱਖਿਆ ਕ੍ਰਾਂਤੀ ਦੇ ਨਾਂ 'ਤੇ ਅਜਿਹੇ ਛੋਟੇ ਪੱਧਰ ਦੇ ਸਕੂਲਾਂ ਨੂੰ ਸਮੱਸਿਆਵਾਂ ਝੱਲਣੀਆਂ ਪੈ ਰਹੀਆਂ ਹਨ। ਉਨ੍ਹਾਂ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਲੋੜਵੰਦ ਬੱਚਿਆਂ ਦਾ ਭਵਿੱਖ ਉਜਵੱਲ ਕਰ ਰਹੇ ਪੇਂਡੂ ਖਿੱਤੇ ਦੇ ਐਸੋਸੀਏਟ ਸਕੂਲਾਂ ਪ੍ਰਤੀ ਸਰਕਾਰ ਸਵੱਲੀ ਨਜ਼ਰ ਮਾਰੇ ਤਾਂ ਕਿ ਸਿੱਖਿਆ ਦੇ ਖੇਤਰ ਵਿਚ ਆਪਣਾ ਬਣਦਾ ਯੋਗਦਾਨ ਪਾਇਆ ਜਾ ਸਕੇ।

# ਮੈਰਿਟ ਸੂਚੀ ਵਿਚ ਐਸ.ਬੀ.ਐਸ ਪਬਲਿਕ ਸਕੂਲ ਦੇ ਵਿਦਿਆਰਥੀ ਨੇ ਦਰਜ ਕੀਤਾ ਆਪਣਾ ਨਾਮ



ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :— ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਨਤੀਜੇ ਵਿੱਚ ਐਸ.ਬੀ.ਐਸ ਪਬਲਿਕ ਸਕੂਲ ਰੱਖੜੀ ਰੋਡ ਫਿਰੋਜ਼ਪੁਰ ਸ਼ਹਿਰ ਦੇ ਵਿਦਿਆਰਥੀ ਗੁਰਵਿੰਦਰ ਸਿੰਘ ਪੁੱਤਰ ਦਲਜੀਤ ਸਿੰਘ ਪਿੰਡ ਖੁਸ਼ਹਾਲ ਸਿੰਘ ਵਾਲਾ ਨੇ 628/650 ਅੰਕ ਪ੍ਰਾਪਤ ਕਰਕੇ ਪੰਜਾਬ ਵਿੱਚੋਂ 18ਵਾਂ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਤੇ ਸਕੂਲ ਸਟਾਫ ਅਤੇ ਸਕੂਲ ਪ੍ਰਬੰਧਕਾਂ ਵੱਲੋਂ ਬੱਚੇ ਅਤੇ ਉਨ੍ਹਾਂ ਦੇ ਮਾਤਾ—ਪਿਤਾ ਨੂੰ ਵਧਾਈ ਦਿੱਤੀ ਅਤੇ ਬੱਚੇ ਨੂੰ ਭਵਿੱਖ ਵਿਚ ਸਖਤ ਮਿਹਨਤ ਦੇ ਨਾਲ ਉੱਚੀਆਂ ਉਪਲਬਧੀਆਂ ਪ੍ਰਾਪਤ ਕਰਨ ਲਈ ਆਸ਼ੀਰਵਾਦ ਦਿੱਤਾ। ਇਸ ਮੌਕੇ ਤੇ ਪ੍ਰਿੰਸੀਪਲ ਮਨਜੀਤ ਸਿੰਘ ਵਿਰਕ ਵੱਲੋਂ ਵਿਦਿਆਰਥੀ ਅਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਬਾਕੀ ਵਿਦਿਆਰਥੀ ਵੀ ਬਹੁਤ ਵਧੀਆ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੋਸ਼ਨ ਕਰਣਗੇ। ਇਸ ਮੌਕੇ ਸਕੂਲ ਚੇਅਰਮੈਨ ਇੰਦਰਜੀਤ ਸਿੰਘ, ਸਕੂਲ ਇੰਚਾਰਜ ਮੈਡਮ ਪਰਮਜੀਤ ਕੌਰ, ਮੰਜਰੀ ਗੁਪਤਾ, ਕਰਨ ਗੱਖੜ, ਮੋਨਿਕਾ ਬਾਲੀ, ਸ਼ਾਇਨਾ, ਸਨਿਕਾ, ਰਾਜਪਾਲ, ਮੋਨਿਕਾ ਰਾਣੀ, ਕੁਲਵੰਤ ਕੌਰ, ਨੇਹਾ ਠਾਕੁਰ ਆਦਿ ਅਧਿਆਪਕ ਹਾਜ਼ਰ ਸਨ, ਜਿਨ੍ਹਾਂ ਬੱਚੇ ਦੀ ਪ੍ਰਾਪਤੀ ਤੇ ਖੁਸ਼ੀ ਜ਼ਾਹਿਰ ਕਰਦਿਆਂ ਬੱਚੇ ਨੂੰ ਸ਼ਾਬਾਸ਼ੀ ਦਿੰਦਿਆਂ ਹੋਰਨਾਂ ਬੱਚਿਆਂ ਨੂੰ ਪ੍ਰੇਰਣਾ ਲੈਣ ਦੀ ਅਪੀਲ ਕੀਤੀ ਤਾਂ ਜ਼ੋ ਉਹ ਆਪਣੀ ਜਿੰਦਗੀ ਵਿਚ ਮੁਕਾਮ ਹਾਸਲ ਕਰਣ ਦੇ ਸਮਰਥ ਹੋ ਸਕਣ।

# ਹੋਲੀ ਮਦਰ ਅੰਤਰਯਾਮੀ ਮਾਡਰਨ ਸਕੂਲ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ 100%



ਚੌਕ ਮਹਿਤਾ 19 ਅਪ੍ਰੈਲ:- ( ਬਾਬਾ ਸੁਖਵੰਤ ਸਿੰਘ ਚੰਨਣਕੇ )ਪੰਜਾਬ ਸਕੂਲ ਐਜੂਕੇਸ਼ਨ ਬੋਰਡ ਵੱਲੋਂ ਐਲਾਨੇ ਗਏ ਨਤੀਜ਼ੇ ਦੇ ਮੁਤਾਬਿਕ ਹੋਲੀ ਮਦਰ ਅੰਤਰਯਾਮੀ ਮਾਡਰਨ ਸਕੂਲ ਦਾ ਦਸਵੀਂ ਜਮਾਤ ਦਾ ਨਤੀਜਾ 100% ਰਿਹਾ, ਜਿਸ ਵਿੱਚ ਵਿਦਿਆਰਥੀ ਜਸਕੀਰਤ ਕੌਰ ਨੇ 650 ਵਿੱਚੋਂ 600 ਨੰਬਰ (92.30%) ਲੈ ਕੇ ਪਹਿਲਾ ਸਥਾਨ, ਗੁਰਸਾਹਿਬਪ੍ਰੀਤ ਸਿੰਘ 558 (85.84%) ਨੰਬਰ ਲੈਕੇ ਦੂਸਰਾ ਅਤੇ ਸਹਿਲਪ੍ਰੀਤ ਸਿੰਘ 550 (84.61%) ਲੈ ਕੇ ਕ੍ਰਮਵਾਰ ਤੀਸਰੇ ਸਥਾਨ ਤੇ ਰਿਹਾ। ਬਾਕੀ ਸਭ ਵਿਦਿਆਰਥੀਆਂ ਨੇ 70% ਤੋਂ ਵੱਧ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਂ ਰੋਸ਼ਨ ਕੀਤਾ। ਸਭ ਤੋਂ ਪਹਿਲੇ ਸਥਾਨ ਤੇ ਆਉਣ ਵਾਲੇ ਵਿਦਿਆਰਥੀ ਜਸਕੀਰਤ ਕੌਰ ਦਾ ਮੂੰਹ ਮਿੱਠਾ ਕਰਵਾਉਂਦੇ ਹੋਏ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸਰਦਾਰ ਸਵਿੰਦਰਪਾਲ ਸਿੰਘ ਅਤੇ ਸਕੂਲ ਸਟਾਫ਼ ਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਹਾਜ਼ਰ ਸਨ।

# ਲੋਕ ਸਭਾ ਚੋਣਾਂ 2024 ਨੂੰ ਮੁੱਖ ਰੱਖਦਿਆਂ ਐਸ਼ ਐਸ ਪੀ ਦੀ ਯੋਗ ਅਗਵਾਈ ਹੇਠ ਇਕ ਅਹਿਮ ਮੀਟਿੰਗ ਹੋਈ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 19 ਅਪ੍ਰੈਲ ਕੁਲਜੀਤ ਸਿੰਘ ਖੋਖਰ**-ਅੱਜ ਮਿਤੀ 19.04.24 ਨੂੰ ਮਾਨਯੋਗ ਸੀਨੀਅਰ ਪੁਲਿਸ ਕਪਤਾਨ ਗੁਰਦਾਸਪੁਰ ਜੀ ਦੀ ਪ੍ਰਧਾਨਗੀ ਹੇਠ ਸ਼੍ਰੀ ਹਨੂਵੰਤ ਸਿੰਘ, ਸਹਾਇਕ ਕਮਿਸ਼ਨਰ (ਆਬਕਾਰੀ) ਗੁਰਦਾਸਪੁਰ ਰੇਂਜ, ਗੁਰਦਾਸਪੁਰ, ਸ਼੍ਰੀ ਹੇਮੰਤ ਸ਼ਰਮਾ, ਆਬਕਾਰੀ ਅਫ਼ਸਰ, ਗੁਰਦਾਸਪੁਰ-1, ਸ਼੍ਰੀ ਅਮਨਬੀਰ ਸਿੰਘ, ਆਬਕਾਰੀ ਅਫ਼ਸਰ, ਗੁਰਦਾਸਪੁਰ-2 ਅਤੇ ਆਬਕਾਰੀ ਅਫ਼ਸਰ, ਪਠਾਨਕੋਟ, ਆਬਕਾਰੀ ਅਫ਼ਸਰ ਮੈਸ: ਪਾਇਨੀਅਰ ਇੰਡਸਟ੍ਰੀਜ, ਪ੍ਰਾਈਵੇਟ ਪਠਾਨਕੋਟ ਅਤੇ ਮੈਸ: ਏ.ਬੀ ਗ੍ਰੇਨ ਡਿਸਟਿਲੀ ਅਤੇ ਸਾਲ 2024-25 ਦੌਰਾਨ ਸਫਲ ਠੇਕੇਦਾਰਾਂ ਨਾਲ ਅਗਾਮੀ ਲੋਕ ਸਭਾ ਚੋਣਾਂ 2024 ਨੂੰ ਮੁੱਖ ਰੱਖਦੇ ਇਨਫੋਰਸਮੈਂਟ ਗਤੀਵਿਧੀਆਂ ਸਬੰਧੀ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਲੋਕ ਸਭਾ ਚੋਣਾਂ 2024 ਦੇ ਮਾਡਲ ਕੋਡ ਆਫ ਕੰਡਕਟ ਨੂੰ ਲਾਗੂ ਕਰਨ ਸਬੰਧੀ ਹਦਾਇਤਾਂ ਕੀਤੀਆਂ ਗਈਆਂ। ਸਮੂਹ ਠੇਕੇਦਾਰਾਂ ਨੂੰ ਸਖਤ ਦਿਸ਼ਾ-ਨਿਰਦੇਸ਼ ਦਿੱਤੇ ਗਏ ਕਿ ਅਣ-ਅਧਿਕਾਰਤ ਤੌਰ ਤੇ ਕੋਈ ਵੀ ਸ਼ਰਾਬ ਸਟੋਰ ਨਾ ਕੀਤੀ ਹੋਵੇ। ਜੇਕਰ ਕੋਈ ਵੀ ਅਣਗਹਿਲੀ ਆਬਕਾਰੀ ਵਿਭਾਗ ਜਾਂ ਪੁਲਿਸ ਪ੍ਰਸ਼ਾਸਨ ਦੇ ਧਿਆਨ ਵਿੱਚ ਆਵੇਗੀ ਤਾਂ ਉਸ ਪ੍ਰਤੀ ਸਖਤ ਕਾਰਵਾਈ ਕੀਤੀ ਜਾਵੇਗੀ। ਇਸੇ ਤਰ੍ਹਾਂ ਡਿਸਟਿਲਰੀ ਦੇ ਇੰਚਾਰਜ ਆਬਕਾਰੀ ਅਫ਼ਸਰਾਂ ਨੂੰ ਵੀ ਹਦਾਇਤ ਕੀਤੀ ਗਈ ਕਿ ਕੋਈ ਵੀ ਈ.ਐਨ.ਏ ਜਾਂ ਸ਼ਰਾਬ ਦੀ ਮੂਵਮੈਂਟ ਤੇ ਪੂਰੀ ਨਿਗਰਾਨੀ ਰੱਖੀ ਜਾਵੇ ਅਤੇ ਕੋਈ ਵੀ ਲੀਕੇਜ਼ ਨਾ ਹੋਣ ਦਿੱਤੀ ਜਾਵੇ। ਜਿਹੜੀ ਵੀ ਮੂਵਮੈਂਟ ਗੁਰਦਾਸਪੁਰ ਜ਼ਿਲ੍ਹੇ ਵਿੱਚੋਂ ਗੁਜਰਦੀ ਹੈ ਤਾਂ ਉਸ ਸਬੰਧੀ ਪੁਲਿਸ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਜਾਵੇ।

# ਸ਼ਹੀਦ ਜਗਰਾਜ ਸਿੰਘ ਸਰਕਾਰੀ ਸਕੂਲ ਸ਼ੇਖਪੁਰਾ ਦਾ ਦਸਵੀਂ ਦਾ ਨਤੀਜਾ ਰਿਹਾ ਸੌ ਪ੍ਰਤੀਸ਼ਤ





ਤਲਵੰਡੀ ਸਾਬੋ, 19 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਦੇ ਐਲਾਨੇ ਗਏ ਨਤੀਜੇ ਵਿੱਚ ਸ਼ਹੀਦ ਜਗਰਾਜ ਸਿੰਘ ਸਰਕਾਰੀ ਸਕੂਲ ਸ਼ੇਖਪੁਰਾ ਦੇ ਵਿਦਿਆਰਥੀਆਂ ਨੇ ਚੰਗੇ ਅੰਕ ਪ੍ਰਾਪਤ ਕਰਕੇ ਮੱਲਾਂ ਮਾਰੀਆਂ। ਜਮਾਤ ਇੰਚਾਰਜ ਮਾਸਟਰ ਵੀਰ ਸਿੰਘ ਅਤੇ ਮਾਸਟਰ ਗਗਨਦੀਪ ਸਿੰਘ ਨੇ ਵਿਦਿਆਰਥੀਆਂ ਮੂੰਹ ਮਿੱਠਾ ਕਰਵਾਉਣ ਤੋਂ ਬਾਅਦ ਦੱਸਿਆ ਕਿ ਇਸ ਸਾਲ ਸਕੂਲ ਦੇ 40 ਵਿਦਿਆਰਥੀ ਦਸਵੀਂ ਦੇ ਬੋਰਡ ਦੇ ਪੇਪਰਾਂ ਵਿੱਚ ਅਪੀਅਰ ਹੋਏ ਅਤੇ 40 ਵਿਦਿਆਰਥੀ ਹੀ ਚੰਗੇ ਅੰਕਾਂ ਨਾਲ ਪਾਸ ਹੋਏ। ਜਿਨਾਂ ਵਿੱਚੋਂ ਗੁਰਸੇਵਕ ਸਿੰਘ ਪੁੱਤਰ ਬੇਅੰਤ ਸਿੰਘ ਸ਼ੇਖਪੁਰਾ ਨੇ 90% ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਹੋਮ ਪ੍ਰਕਾਸ਼ ਸਿੰਘ 88% ਅੰਕਾਂ ਨਾਲ ਦੂਜੇ ਸਥਾਨ ਅਤੇ ਹੋਮਪ੍ਰੀਤ ਕੌਰ 85% ਅੰਕ ਪ੍ਰਾਪਤ ਕਰਕੇ ਤੀਜੇ ਸਥਾਨ 'ਤੇ ਰਹੀ। ਸਕੂਲ ਪ੍ਰਿੰਸੀਪਲ ਸ੍ਰੀ ਭੀਮ ਸੈਨ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਚੰਗੇ ਨਤੀਜਿਆਂ ਲਈ ਵਧਾਈ ਦਿੱਤੀ ਅਤੇ ਨਾਲ ਹੀ ਉਹਨਾਂ ਨੇ ਸਮੂਹ ਅਧਿਆਪਕਾਂ ਨੂੰ ਵੀ ਇਸ ਪ੍ਰਾਪਤੀ ਲਈ ਵਧਾਈ ਦਿੱਤੀ। ਇਸ ਮੌਕੇ ਸਮੂਹ ਸਕੂਲ ਸਟਾਫ ਵੱਲੋਂ ਨਤੀਜਿਆਂ 'ਤੇ ਖੁਸ਼ੀ ਜ਼ਾਹਿਰ ਕਰਦਿਆਂ ਵਿਦਿਆਰਥੀਆਂ ਨੂੰ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਕਿਹਾ।

# ਗਿਆਨ ਸਿੰਘ 'ਕੰਵਲ' ਐਵਾਰਡ ਮਾ: ਮਨਜੀਤ ਸਿੰਘ 'ਵੱਸੀ' ਨੂੰ



**ਚੌਕ ਮਹਿਤਾ 19 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਰਣਜੀਤ ਪੰਜਾਬੀ ਸਾਹਿਤ ਸਭਾ (ਰਜਿ:) ਅੰਮ੍ਰਿਤਸਰ ਵੱਲੋਂ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਕਰਵਾਏ ਜਾ ਰਹੇ ਸਾਹਿਤਕ ਸਮਾਗਮ ਦੌਰਾਨ ਮਰਹੂਮ ਸ਼ਾਇਰ ਗਿਆਨ ਸਿੰਘ ਕੰਵਲ ਯਾਦਗਾਰੀ ਐਵਾਰਡ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਖਜ਼ਾਨਚੀ ਅਤੇ ਕਵੀ ਮਾ: ਮਨਜੀਤ ਸਿੰਘ ਵੱਸੀ ਨੂੰ ਦਿੱਤਾ ਜਾਵੇਗਾ । ਸਭਾ ਦੇ ਪ੍ਰਧਾਨ ਪ੍ਰਿੰਸੀਪਲ ਗਿਆਨ ਸਿੰਘ ਘਈ ਦੀ ਸੂਚਨਾ ਅਨੁਸਾਰ ਮਿਤੀ 21 ਅਪ੍ਰੈਲ, ਦਿਨ ਐਤਵਾਰ ਨੂੰ 1.30 ਵਜੇ ਦੁਪਿਹਰ ਨੂੰ ਸੈਮੀਨਾਰ ਹਾਲ, ਖਾਲਸਾ ਕਾਲਜ ਅੰਮ੍ਰਿਤਸਰ ਵਿਖੇ ਕਰਵਾਏ ਜਾ ਰਹੇ ਇਸ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ: ਸ਼ੇਲਿੰਦਰਜੀਤ ਸਿੰਘ ਰਾਜਨ, ਡਾ. ਧਰਮ ਸਿੰਘ, ਜਸਵੰਤ ਸਿੰਘ ਕੈਲਵੀ, ਡਾ.ਹੀਰਾ ਸਿੰਘ, ਡਾ. ਗਿਆਨ ਸਿੰਘ ਘਈ ਆਦਿ ਸ਼ੁਸ਼ੋਭਿਤ ਹੋਣਗੇ । ਇਸ ਮੌਕੇ ਸੁਰਿੰਦਰ ਸਿੰਘ ਚੋਹਕਾ ਨੂੰ ਅਜੀਤ ਸਿੰਘ ਆਸ ਪੁਰਸਕਾਰ, ਤਰਸੇਮ ਸਿੰਘ ਭੰਗੂ ਨੂੰ ਨਾਨਕ ਸਿੰਘ ਪੁਰਸਕਾਰ ਸੁਲਤਾਨ ਭਾਰਤੀ ਨੂੰ ਦੇਵ ਦਰਦ ਪੁਰਸਕਾਰ, ਸੁੱਚਾ ਸਿੰਘ ਰੰਧਾਵਾ ਨੂੰ ਬਲਵੰਤ ਸਿੰਘ ਤੇਗ ਪੁਰਸਕਾਰ, ਅਤਰ ਸਿੰਘ ਤਰਸਿੱਕਾ ਨੂੰ ਤਲਵਿੰਦਰ ਸਿੰਘ ਪੁਰਸਕਾਰ, ਹਰਿੰਦਰ ਸਿੰਘ ਨੂੰ ਗੁਰਸ਼ਰਨ ਸਿੰਘ ਬੱਬਰ ਪੁਰਸਕਾਰ, ਕੀਰਤ ਪ੍ਰਤਾਪ ਸਿੰਘ ਪੰਨੂੰ ਨੂੰ ਹਰਬੰਸ ਸਿੰਘ ਨਾਗੀ ਪੁਰਸਕਾਰ, ਮਰਕਸਪਾਲ ਗੁਮਟਾਲਾ ਨੂੰ ਭਾਅ ਜੀ ਗੁਰਸ਼ਰਨ ਸਿੰਘ ਪੁਰਸਕਾਰ, ਗੁਰਜੀਤ ਕੌਰ ਅਜਨਾਲਾ ਨੂੰ ਅੰਮ੍ਰਿਤਾ ਪ੍ਰੀਤਮ ਪੁਰਸਕਾਰ ਦੇਕੇ ਸਨਮਾਨਿਤ ਕੀਤਾ ਜਾਵੇਗਾ । ਉਪਰੰਤ ਵਿਸਾਖੀ ਨੂੰ ਸਮਰਪਿਤ ਕਵੀ ਦਰਬਾਰ ਵੀ ਹੋਵੇਗਾ ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

# ‘ਦਿੱਲੀ ਫਤਿਹ ਦਿਵਸ’ 27 - 28 ਅਪ੍ਰੈਲ ਨੂੰ ਮਨਾਇਆ ਜਾਵੇਗਾ

## ਜਥੇਦਾਰ ਦਾਦੂਵਾਲ ਜੀ ਨੇ ਸਮੂੰਹ ਸੰਗਤਾਂ ਨੂੰ ਦਿੱਲੀ ਫਤਿਹ ਦਿਵਸ ਲਾਲ ਕਿਲੇ 27-28 ਅਪ੍ਰੈਲ 2024 ਨੂੰ ਪੁੱਜਣ ਦੀ ਅਪੀਲ ਕੀਤੀ



ਨਵੀਂ ਦਿੱਲੀ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਲਾਲ ਕਿਲੇ ਤੇ ‘‘ਦਿੱਲੀ ਫਤਿਹ ਦਿਵਸ’’ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਚੜਦੀਕਲਾ ਨਾਲ ਮਨਾਇਆ ਜਾਂਦਾ ਹੈ ਇਸ ਸਾਲ ਵੀ 27 - 28 ਅਪ੍ਰੈਲ ਨੂੰ ਕਥਾ ਕੀਰਤਨ ਦਰਬਾਰ ਅਤੇ ਜਰਨੈਲੀ ਮਾਰਚ ਕੱਢਿਆ ਜਾ ਰਿਹਾ ਹੈ ਜਿਸ ਦਾ ਸੱਦਾ ਪੱਤਰ ਲੈ ਕੇ ਦਿੱਲੀ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਮੈਂਬਰ ਸਰਬਜੀਤ ਸਿੰਘ ਵਿਰਕ,ਮੈਂਬਰ ਸਰਬਜੀਤ ਸਿੰਘ ਨਾਗੀ,ਭਾਈ ਹਰਵਿੰਦਰ ਸਿੰਘ ਦਿੱਲੀ ਅਤੇ ਉਨਾਂ ਦੇ ਸਾਥੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸ.ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ,ਸ.ਤਰਵਿੰਦਰਪਾਲ ਸਿੰਘ ਅੰਬਾਲਾ ਅੰਤ੍ਰਿੰਗ ਮੈਂਬਰ,ਬੁਲਾਰਾ ਸ. ਕੰਵਲਜੀਤ ਸਿੰਘ ਅਜਰਾਨਾ ਨੇ ਸੱਦਾ ਪੱਤਰ ਪ੍ਰਾਪਤ ਕੀਤਾ ਦਿੱਲੀ ਕਮੇਟੀ ਦੇ ਪ੍ਰਧਾਨ ਸ.ਹਰਮੀਤ ਸਿੰਘ ਕਾਲਕਾ ਤੇ ਉਨਾਂ ਦੇ ਸਾਥੀਆਂ ਦਾ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ ਜਥੇਦਾਰ ਦਾਦੂਵਾਲ ਜੀ ਨੇ ਸਮੂੰਹ ਸੰਗਤਾਂ ਨੂੰ ਦਿੱਲੀ ਫਤਿਹ ਦਿਵਸ ਲਾਲ ਕਿਲੇ 27-28 ਅਪ੍ਰੈਲ 2024 ਨੂੰ ਪੁੱਜਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

# 'ਦਿੱਲੀ ਫਤਿਹ ਦਿਵਸ' 27 - 28 ਅਪ੍ਰੈਲ ਨੂੰ ਮਨਾਇਆ ਜਾਵੇਗਾ

## ਜਥੇਦਾਰ ਦਾਦੂਵਾਲ ਜੀ ਨੇ ਸਮੂੰਹ ਸੰਗਤਾਂ ਨੂੰ ਦਿੱਲੀ ਫਤਿਹ ਦਿਵਸ ਲਾਲ ਕਿਲੇ 27-28 ਅਪ੍ਰੈਲ 2024 ਨੂੰ ਪੁੱਜਣ ਦੀ ਅਪੀਲ ਕੀਤੀ





ਆਵਾਜ਼ਿ ਕੌਮ AWAZE QAUM International Newspaper & WEB TV











ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਇੰਟਰਨੈਸ਼ਨਲ ਪੰਥਕ ਦਲ ਯੂ. ਕੇ. ਵੱਲੋਂ ਗੁਰਮੁਖ ਪਿਆਰੇ ਗਿਆਨੀ ਪ੍ਰੀਤਮ ਸਿੰਘ ਜੀ ਨਮਿਤ ਸ਼ੋਕ ਪ੍ਰਗਟ




ਸਤਿਕਾਰਯੋਗ ਗਿਆਨੀ ਪ੍ਰੀਤਮ ਸਿੰਘ ਜੀ ਜੋ ਕਿ ਬੀਤੀ 15 ਅਪ੍ਰੈਲ 2024 ਦਿਨ ਸੋਮਵਾਰ ਨੂੰ ਚੜ੍ਹਾਈ ਕਰ ਗਏ ਸਨ।, ਉਨ੍ਹਾਂ ਨੂੰ ਯਾਦ ਕਰਦਿਆਂ ਇੰਟਰਨੈਸ਼ਨਲ ਪੰਥਕ ਦਲ ਯੂ. ਕੇ. ਵੱਲੋਂ ਸ਼ੋਕ ਸਭਾ ਦਾ ਆਯੋਜਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਗਿਆਨੀ ਪ੍ਰੀਤਮ ਸਿੰਘ ਜੀ ਨੇ ਪੂਰੇ ਜੀਵਨ ਵਿੱਚ ਖਾਲਸਾ ਪੰਥ ਦੀਆਂ ਬਹੁਤ ਸੇਵਾਵਾਂ ਕੀਤੀਆਂ ਦਮਦਮੀ ਟਕਸਾਲ ਦੇ ਬਾਰ੍ਹਵੇਂ ਮੁਖੀ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਵਿਦਿਆਰਥੀ ਸਨ। ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਨਾਲ ਵੀ ਸੇਵਾ ਕੀਤੀ । ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨਾਲ ਸੇਵਾ ਕੀਤੀ। ਬਾਬਾ ਠਾਕੁਰ ਸਿੰਘ ਜੀ ਜਦੋਂ ਇੰਗਲੈਂਡ ਆਏ ਸਨ ਤਾਂ ਉਹਨਾਂ ਦੇ ਨਾਲ ਵੀ ਬਹੁਤ ਸੇਵਾਵਾਂ ਕੀਤੀਆਂ ਜਥੇ ਦੇ ਵਿੱਚ ਗਿਆਨੀ ਜੀ ਨੂੰ ਲਿਖਾਰੀ ਕਰਕੇ ਜਾਣਿਆ ਜਾਂਦਾ ਸੀ। ਘੱਲੂਘਾਰਾ 1984 ਤੋਂ ਬਾਅਦ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਸੰਤ ਬਾਬਾ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਭਤੀਜੇ ਉਹ ਇੰਗਲੈਂਡ ਪਹੁੰਚੇ ਤਾਂ ਉਦੋਂ ਉਹਨਾਂ ਨੇ ਇੱਥੇ ਆ ਕੇ ਗਿਆਨੀ ਜੀ ਦੇ ਕੋਲ ਠਹਿਰਾਓ ਕੀਤਾ ਉਹਨਾਂ ਦੇ ਨਾਲ ਵੱਖ-ਵੱਖ ਸ਼ਹਿਰਾਂ ਚ ਵਿਚਰ ਕੇ ਇੰਟਰਨੈਸ਼ਨਲ ਸੈਲਫ ਫੈਡਰੇਸ਼ਨ ਜਥੇਬੰਦੀ ਬਣਾਈ ਜਿਹਦੇ ਵਿੱਚ ਗਿਆਨੀ ਪ੍ਰੀਤਮ ਸਿੰਘ ਜੀ ਹੁਣਾਂ ਦਾ ਬਹੁਤ ਵੱਡਾ ਯੋਗਦਾਨ ਸੀ। ਜਿਵੇਂ ਆਪਾਂ ਜਾਣਦੇ ਆਂ ਗੁਰਦੁਆਰਾ ਸਿੰਘ ਸਭਾ ਸਾਊਥਾਲ ਜਿਹੜਾ ਪਹਿਲਾਂ ਹੈਵਲਾਕ ਰੋਡ ਦੇ ਨਾਮ ਨਾਲ ਜਾਣਿਆ ਜਾਂਦਾ ਸੀ, ਹੁਣ ਗੁਰੂ ਨਾਨਕ ਰੋਡ ਹੈ ਉੱਥੇ ਵੀ ਹੈਡ ਗ੍ਰੰਥੀ ਦੀ ਸੇਵਾਵਾਂ ਕੀਤੀਆਂ ਤੇ ਉਸ ਤੋਂ ਬਾਅਦ ਯੂਰਪ ਅਤੇ ਇੰਗਲੈਂਡ ਦੇ ਵਿੱਚ ਅੰਮ੍ਰਿਤ ਸੰਚਾਰ ਦੀਆਂ ਵੀ ਸੇਵਾਵਾਂ ਕੀਤੀਆਂ ਇੰਟਰਨੈਸ਼ਨਲ ਵਿਦ ਫੈਡਰੇਸ਼ਨ ਦੀ ਸਲਾਨਾ ਕਨਵੈਂਨਸ਼ਨ ਜਦੋਂ ਹੁੰਦੀ ਸੀ ਉਦੋਂ ਜਿਹੜਾ ਪੈਨਲ ਅਨਾਊਂਸਮੈਂਟ ਕੀਤਾ ਜਾਂਦਾ ਸੀ। ਉਹ ਵੀ ਗਿਆਨੀ ਪ੍ਰੀਤਮ ਸਿੰਘ ਹੀ ਕਰਿਆ ਕਰਦੇ ਸਨ ਤੇ ਹਰ ਇੱਕ ਪੱਖ ਤੋਂ ਉਹਨਾਂ ਨੇ ਖਾਲਸਾ ਪੰਥ ਲਈ ਸੇਵਾਵਾਂ ਕੀਤੀਆਂ ਇਸ ਦੇ ਨਾਲ ਹੀ ਗਿਆਨੀ ਜੀ ਹੁਣਾਂ ਨੇ ਬੱਚਿਆਂ ਨੂੰ ਗੁਰਬਾਣੀ ਸੰਥਿਆ ਦਿੱਤੀ ਤੇ ਨਾਲ ਉਹਨਾਂ ਨੂੰ ਗੱਤਕਾ ਵੀ ਸਿਖਾਇਆ ਇਹਨਾਂ ਦੇ ਨਾਲ ਇੱਕ ਹੋਰ ਸਾਥੀ ਜਿਹੜੇ ਦਮਦਮੀ ਟਕਸਾਲ ਦੇ ਸਨ ਇੰਗਲੈਂਡ ਦੇ ਵਿੱਚ ਮੈਂ ਤੇ ਕਹਿ ਸਕਦਾ ਇਹ ਦੋ ਥੰਮ ਸਨ ਇੱਕ ਗਿਆਨੀ ਪ੍ਰੀਤਮ ਸਿੰਘ ਜੀ ਦੇ ਦੂਸਰੇ ਗਿਆਨੀ ਗੁਰਦੇਵ ਸਿੰਘ ਜੀ ਉਹਨਾਂ ਨੇ ਵੀ ਬਹੁਤ ਸੇਵਾਵਾਂ ਕੀਤੀਆਂ ਅੱਜ ਇਹ ਦੋਨੇ ਥੰਮ ਜਿਹੜੇ ਸਾਡੇ ਤੋਂ ਵਿਛੁੜ ਗਏ ਹਨ। ਅਕਾਲ ਪੁਰਖ ਦਾ ਹੁਕਮ ਹੈ ਕਿ ਹਰ ਇੱਕ ਜਿਹੜਾ ਇਸ ਦੁਨੀਆਂ ਤੇ ਆਇਆ ਹੈ ਆਖਿਰ ਚਲੇ ਜਾਣਾ ਹੈ ਤੇ ਇਸ ਕਰਕੇ ਜਿਹੜਾ ਗੁਰੂ ਦਾ ਭਾਣਾ ਹੈ ਉਹ ਮੰਨਣਾ ਪੈਂਦਾ ਹੈ। ਅਸੀਂ ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਮੈਂਬਰਾਂ ਵੱਲੋਂ ਅਕਾਲ ਪੁਰਖ ਦੇ ਚਰਨਾਂ ਦੇ ਵਿੱਚ ਅਰਦਾਸ ਕਰਦੇ ਹਾਂ ਕਿ ਉਹਨਾਂ ਦੀ ਆਤਮਾ ਨੂੰ ਪਰਮਾਤਮਾ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖਸ਼ੇ ਤੇ ਸਾਨੂੰ ਜਥੇਬੰਦੀ ਨੂੰ ਅਤੇ ਪਰਿਵਾਰ ਨੂੰ ਖਾਲਸਾ ਪੰਥ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਭਾਈ ਰਘਵੀਰ ਸਿੰਘ ਵਾਲਸਾਲ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਭਾਈ ਹਰਜਿੰਦਰ ਸਿੰਘ ਬਰੈਡਫੋਡ ਸੀਨੀਅਰ ਮੀਤ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਭਾਈ ਰਘਬੀਰ ਸਿੰਘ ਬੀਰ੍ਹਾ ਮੀਤ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਭਾਈ ਕਪਤਾਨ ਸਿੰਘ ਜਨਰਲ ਸਕੱਤਰ ਅਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਭਾਈ ਬਿਕਰਮਜੀਤ ਸਿੰਘ ਵਾਲਸਾਲ ਸੀਨੀਅਰ ਮੀਤ ਸਕੱਤਰ ਇੰਟਰਨੈਸ਼ਨਲ ਪੰਥਕ ਦਲ, ਭਾਈ ਸੰਤੋਖ ਸਿੰਘ ਕਵੈਂਟਰੀ ਮੀਤ ਸਕੱਤਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਬੀਰ ਸਿੰਘ ਮਾਲੜੀ ਨੋਟਿੰਘਮ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਭਾਈ ਮਨਜਿੰਦਰ ਸਿੰਘ ਕਵੈਂਟਰੀ ਸਾਊਥ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਭਾਈ ਸੁਰਿੰਦਰ ਪਾਲ ਸਿੰਘ ਵਾਲਸਾਲ ਮਿਡਲੈਂਡ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਭਾਈ ਚਰਨਜੀਤ ਸਿੰਘ ਡਰਬੀ ਨੌਰਥ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਭਾਈ ਜਸਪਾਲ ਸਿੰਘ ਲੈਸਟਰ ਖਜਾਨਚੀ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਭਾਈ ਅਪਿੰਦਰਪਾਲ ਸਿੰਘ ਹੈਪੀ ਬਰਿਮੰਘਮ ਮੀਤ ਖਜਾਨਚੀ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਭਾਈ ਸ਼ਮਸ਼ੇਰ ਬਹਾਦਰ ਸਿੰਘ ਲੈਸਟਰ ਪ੍ਰੈਸ ਸਕੱਤਰ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਬਾਬਾ ਬਘੇਲ ਸਿੰਘ ਜਥੇਦਾਰ ਧਾਰਮਿਕ ਵਿੰਗ ਇੰਗਲੈਂਡ ਅਤੇ ਯੂਰਪ ਇੰਟਰਨੈਸ਼ਨਲ ਪੰਥਕ ਦਲ, ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ ਅਤੇ ਹੋਰ ਪੰਥਕ ਸ਼ਖਸੀਅਤਾਂ ਹਾਜ਼ਰ ਸਨ।

★ ਵੱਲੋਂ ★

## ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ

# ਭਗਤ ਧੰਨਾ ਜੀ ਮਿਲੇ ਪ੍ਰਤਖਿ ਗੁਸਾਈਆ ਧੰਨਾ ਵਡਭਾਗਾ



## ਜਨਮ ਦਿਹਾੜੇ ’ਤੇ ਵਿਸ਼ੇਸ਼

ਭਗਤ ਧੰਨਾ ਜੀ ਦਾ ਜਨਮ ਸੰਮਤ 1473 ਬਿਕ੍ਰਮੀ ਵਿੱਚ ਟਾਂਕ ਦੇ ਇਲਾਕੇ ਪਿੰਡ ਧੂਆਨ ਵਿੱਚ ਜੋ ਦੇਉਲੀ ( ਰਾਜਸਥਾਨ) ਤੋਂ 20 ਮੀਲ ਦੂਰ ਹੈ, ਵਿੱਚ ਹੋਇਆ। ਆਪ ਸਿੱਧੇ ਸਾਦੇ ਸੁਭਾ ਦੇ ਕਿਰਤੀ ਤੇ ਸਿਦਕੀ ਪੁਰਸ਼ ਸਨ।

ਸੋਹਣ ਸਿੰਘ ਸੀਤਲ ਆਪਣੀ ਇੱਕ ਲਿੱਖਤ ਵਿੱਚ ਲਿੱਖਦੇ ਹਨ ਕਿ ਭਗਤ ਧੰਨਾ ਜੀ ਦੇ ਗੁਆਂਢ ਵਿੱਚ ਇੱਕ ਬ੍ਰਾਹਮਣ ਰਹਿੰਦਾ ਸੀ। ਉਹ ਬ੍ਰਮਣ ਠਾਕੁਰਾਂ ਦੀ ਪੂਜਾ ਕਰਿਆ ਕਰਦਾ ਸੀ। ਉਸ ਬ੍ਰਮਣ ਕੋਲ ਕਾਫੀ ਲੋਕ ਆਉਂਦੇ ਸਨ। ਭਗਤ ਧੰਨਾ ਜੀ ਉਧਰ ਆਪਣੇ ਡੰਗਰ ਚਾਰਨ ਜਾਇਆ ਕਰਦੇ ਸਨ। ਭਗਤ ਧੰਨਾ ਜੀ ਪੰਡਿਤ ਨੂੰ ਠਾਕੁਰਾਂ ਦੀ ਪੂਜਾ ਕਰਦੇ ਦੇਖਦੇ ਸਨ। ਪੰਡਿਤ ਨੂੰ ਠਾਕੁਰਾਂ ਦੀ ਪੂਜਾ ਕਰਦੇ ਦੇਖ ਕੇ ਭਗਤ ਧੰਨਾ ਜੀ ਦੇ ਮਨ ਵਿੱਚ ਵੀ ਭਗਤੀ ਦਾ ਚਾਉ ਜਾਗ ਪਿਆ। ਧੰਨਾ ਜੀ ਪੰਡਿਤ ਕੋਲ ਜਾ ਕੇ ਬੈਠ ਜਾਂਦੇ ਸਨ ਤੇ ਗੱਲਾਂਬਾਤਾਂ ਕਰਦੇ ਰਹਿੰਦੇ ਸਨ। ਉਹ ਪੰਡਿਤ ਨੇ ਦੱਸਣਾ ਕਿ ਜੇ ਠਾਕੁਰਾਂ ਦੀ ਸੱਚੇ ਮਨ ਨਾਲ ਪੂਜਾ ਕਰੀਏ ਤਾਂ ਸਭ ਮਨੋਕਾਮਨਾਵਾਂ ਪੂਰੀਆਂ ਹੋ ਜਾਂਦੀਆਂ ਹਨ। ਮੁਕਤੀ ਮਿਲ ਜਾਦੀ ਹੈ। ਦੁੱਖ ਕਲੇਸ਼ ਨਾਸ਼ ਹੋ ਜਾਦੇ ਹਨ।ਪ੍ਰਮਾਤਮਾ ਪਾਸੋਂ ਸਭ ਕੁੱਝ ਮਿਲ ਜਾਦਾ ਹੈ। ਭਗਤ ਧੰਨਾਂ ਜੀ ਦੀ ਉਮਰ ਭਾਵੇਂ ਛੋਟੀ ਸੀ, ਪਰ ਪੰਡਿਤ ਦੀਆਂ ਇੰਨ੍ਹਾਂ ਗੱਲਾਂ ਨੇ ਭਗਤ ਧੰਨਾਂ ਜੀ ਦੇ ਮਨ ਤੇ ਬਹੁਤ ਡੂੰਘਾ ਅਸਰ ਕੀਤਾ। ਉਹਨਾਂ ਨੇ ਪੰਡਿਤ ਕੋਲੋਂ ਇੱਕ ਠਾਕੁਰ ਮੰਗਿਆ। ਇਸ ਲਈ ਕਿ ਮੈਂ ਵੀ ਠਾਕੁਰਾਂ ਦੀ ਪੂਜਾ ਕਰਕੇ ਪ੍ਰਮਾਤਮਾਂ ਦੇ ਦਰਸ਼ਨ ਕਰਨੇ ਹਨ, ਪਰ ਪੰਡਿਤ ਕੋਈ ਨਾ ਕੋਈ ਬਹਾਨਾ ਬਣਾ ਕੇ ਟਾਲ ਦੇਦਾ ਸੀ। ਕਦੀ ਕਹਿਣਾ ਕਿ ਅਜੇ ਤੂੰ ਛੋਟਾ ਹੈ, ਜਦੋਂ ਵੱਡਾ ਹੋਵੇਗਾ ਤਾਂ ਫਿਰ ਠਾਕੁਰ ਦੀ ਮੂਰਤੀ ਲੈ ਜਾਵੀਂ। ਫਿਰ ਪੂਜਾ ਕਰ ਲਵੀਂ। ਭਗਤ ਧੰਨਾ ਜੀ ਪੰਡਿਤ ਦੇ ਕਹਿਣ ਤੇ ਇਹ ਗੱਲ ਮੰਨ ਗਏ ਕਿ ਪੰਡਿਤ ਦੀ ਕ੍ਰਿਪਾ ਤੋਂ ਬਿਨਾਂ ਠਾਕੁਰ ਨਹੀ ਮਿਲਣਾ। ਉਹ ਪੰਡਿਤ ਦੀ ਖੁਸ਼ਾਮਦ ਕਰਨ ਲੱਗ ਪਏ। ਜਦ ਭਗਤ ਧੰਨਾ ਜੀ ਜਵਾਨ ਹੋਏ ਤਾਂ ਜੱਟ ਹੋਣ ਕਰਕੇ ਆਪਣੀ ਪਿਤਾ ਪੁਰਖੀ ਕਿੱਤਾ ਵਾਹੀ ਖੇਤੀ ਦਾ ਕਰਨ ਲੱਗ ਪਏ।

ਅਖੀਰ ਇੱਕ ਦਿਨ ਧੰਨਾ ਜੀ ਦੀ ਪ੍ਰਮਾਤਮਾ ਪ੍ਰਤੀ ਖਿੱਚ ਨੇ ਅੰਦਰ ਬਹੁਤ ਖਿੱਚ ਪੈਦਾ ਕੀਤੀ ਤੇ ਧੰਨਾ ਜੀ ਪੰਡਿਤ ਕੋਲ ਠਾਕੁਰ ਲੈਣ ਦੁਬਾਰਾ ਗਏ ਤੇ ਜ਼ਿੱਦ ਕਰਕੇ ਬੈਠ ਗਏ ਕਿ ਅੱਜ ਮੈਂ ਠਾਕੁਰ ਲੈ ਕੇ ਹੀ ਜਾਵਾਂਗਾ। ਪੰਡਿਤ ਦਾ ਨਾਂ ਤ੍ਰਿਲੋਚਨ ਸੀ। ਪੰਡਿਤ ਨੇ ਭਗਤ ਧੰਨਾ ਜੀ ਕੋਲੋਂ ਇੱਕ ਗਊ ਮੰਗ ਲਈ। ਧੰਨਾ ਜੀ ਨੇ ਪੰਡਿਤ ਨੂੰ ਇੱਕ ਗਊ ਵੀ ਦੇ ਦਿੱਤੀ। ਅਖ਼ੀਰ ਪੰਡਿਤ ਨੂੰ ਧੰਨਾ ਜੀ ਦੀ ਜ਼ਿੱਦ ਅੱਗੇ ਝੁੱਕਣਾ ਪਿਆ ਤੇ ਠਾਕੁਰ ਦੀ ਮੂਰਤੀ ਦੀ ਜਗ੍ਹਾ ਇੱਕ ਛੋਟਾ ਪੱਥਰ ਕੱਪੜੇ ਵਿੱਚ ਲਪੇਟ ਕੇ ਫੜ੍ਹਾ ਦਿੱਤਾ। ਭਗਤ ਧੰਨਾ ਜੀ ਨੂੰ ਪੰਡਿਤ ਨੇ ਜੋ ਠਾਕੁਰ ਦੀ ਪੂਜਾ ਕਰਨ ਦੀ ਵਿਧੀ ਦੱਸੀ ਸੀ, ਉਸ ਅਨੁਸਾਰ ਧੰਨਾ ਜੀ ਪੂਜਾ ਕਰਨ ਲੱਗ ਪਏ।ਹੱਥ ਜੋੜ ਕੇ ਨੇਤਰ ਬੰਦ ਕਰਕੇ ਪ੍ਰਮਾਤਮਾ ਦਾ ਸਿਮਰਨ ਕਰਨ ਲੱਗ ਪਏ। ਧੰਨਾ ਜੀ ਲਈ ਰੋਟੀ ਆ ਗਈ। ਭਗਤ ਧੰਨਾ ਜੀ ਨੇ ਅਰਦਾਸ ਬੇਨਤੀ ਕੀਤੀ ਕਿ ਹੇ !ਭਗਵਾਨ ਜਿੰਨ੍ਹਾਂ ਚਿਰ ਤੂੰ ਭੋਜਨ ਨਹੀ ਛਕੇਗਾਂ, ਉਨਾਂ ਚਿਰ ਮੈਂ ਵੀ ਨਈ ਛੱਕਣਾ। ਉਹ ਵੀ ਮੇਰੇ ਸਾਹਮਣੇ ਬੈਠ ਕੇ। ਕਈ ਦਿਨ ਬੀਤ ਗਏ। ਆਖ਼ਿਰ ਭਗਤ ਧੰਨਾ ਜੀ ਦਾ ਵਿਸ਼ਵਾਸ ਜਿੱਤ ਗਿਆ ਤੇ ਭਗਵਾਨ ਨੂੰ ਆ ਕੇ ਦਰਸ਼ਨ ਦੇਣੇ ਪਏ ਤੇ ਭਗਤ ਧੰਨਾ ਜੀ ਦੇ ਸਾਹਮਣੇ ਬੈਠ ਕੇ ਭਗਵਾਨ ਨੇ ਭੋਜਨ ਛਕਿਆ। ਗੁਰਬਾਣੀ ਦਾ ਸ਼ਬਦ ਹੈ ਕਿ:

ਭੋਲੇ ਭਾਇ ਮਿਲੈ ਰਘੁਰਾਇਆ।। (ਰਾਗੁ ਗਉੜੀ ਭਗਤ ਕਬੀਰ ਜੀ, ਅੰਗ 324)

ਭਾਈ ਗੁਰਦਾਸ ਜੀ ਲਿੱਖਦੇ ਹਨ ਕਿ:

ਬਾਮ੍ਹਣੁ ਪੂਜੈ ਦੇਵਤੇ ਧੰਨਾ ਗਊ ਚਰਾਵਣਿ ਆਵੈ।
ਧੰਨੈ ਡਿਠਾ ਚਲਿਤੁ ਏਹੁ ਪੁਛੈ ਬਾਮ੍ਹਣੁ ਆਖਿ ਸੁਣਾਵੈ।
ਠਾਕੁਰ ਦੀ ਸੇਵਾ ਕਰੈ ਜੋ ਇਛੈ ਸੋਈ ਫਲੁ ਪਾਵੈ।
ਧੰਨਾ ਕਰਦਾ ਜੋਦੜੀ ਮੈ ਭਿ ਦੇਹ ਇਕ ਜੇ ਤੁਧੁ ਭਾਵੈ।
ਪਥਰੁ ਇਕ ਲਪੇਟਿ ਕਰਿ ਦੇ ਧੰਨੈ ਨੋ ਗੈਲ ਛੁਡਾਵੈ।
ਠਾਕੁਰ ਨੋ ਨ੍ਹਾਵਾਲਿਕੈ ਛਾਹਿ ਰੋਟੀ ਲੈ ਭੋਗੁ ਚੜ੍ਹਾਵੈ।
ਹਥਿ ਜੋੜਿ ਮਿਨਤਾਂ ਕਰੈ ਪੈਰੀਂ ਪੈ ਪੈ ਬਹੁਤੁ ਮਨਾਵੈ।
ਹਉਂ ਭੀ ਮੁਹੁ ਨ ਜੁਠਾਲਸਾਂ ਤੂ ਰੁਠਾ ਮੈ ਕਿਹੁ ਨ ਸੁਖਾਵੈ।
ਗੋਸਾਈ ਪਰਤਖਿ ਹੋਇ ਰੋਟੀ ਖਾਇ ਛਾਹਿ ਮੁਹਿ ਲਾਵੈ।
ਭੋਲਾ ਭਾਉ ਗੋਬਿੰਦੁ ਮਿਲਾਵੈ। (ਵਾਰ 10ਵੀਂ, ਪਉੜੀ 13ਵੀਂ)

ਭਗਤ ਧੰਨਾ ਜੀ ਇਹ ਜਾਣ ਗਏ ਕਿ ਭਗਵਾਨ ਪੱਥਰਾਂ ਵਿੱਚ ਨਹੀ ਸਗੋਂ ਆਪਣੇ ਅੰਦਰ ਨੂੰ ਪੜਚੋਲਣ ਦੀ ਲੋੜ ਹੈ। ਮਨ ਵਿੱਚ ਵੈਰਾਗ ਪੈਦਾ ਹੋ ਗਿਆ। ਭਗਤ ਧੰਨਾ ਜੀ ਤੀਰਥ ਯਾਤਰਾ ਤੇ ਨਿਕਲ ਪਏ । ਤੀਰਥ ਯਾਤਰਾ ਕਰਦੇ ਆਪ ਕਾਸ਼ੀ ਪੁੱਜ ਗਏ। ਉੱਥੇ ਉਹਨਾਂ ਦਾ ਮੇਲ ਭਗਤ ਰਾਮਾਨੰਦ ਜੀ ਨਾਲ ਹੋਇਆ। ਉਹਨਾਂ ਦੀ ਰਹਿਣੀ ਬਹਿਣੀ ਤੇ ਭਗਤੀ ਦੇਖ ਕੇ ਆਪ ਭਗਤ ਰਾਮਾਨੰਦ ਜੀ ਦੇ ਚੇਲੇ ਬਣ ਗਏ। ਬੁੱਤ ਪੂਜਾ ਤੋਂ ਉੱਪਰ ਉੱਠ ਕੇ ਭਗਤ ਧੰਨਾ ਜੀ ਇੱਕ ਨਿਰੰਕਾਰ ਦੇ ਪੁਜਾਰੀ ਬਣ ਗਏ। ਭਗਤ ਨਾਮਦੇਵ ਜੀ, ਭਗਤ ਕਬੀਰ ਜੀ, ਭਗਤ ਰਵੀਦਾਸ ਜੀ ਤੇ ਭਗਤ ਸੈਣ ਜੀ ਦੀ ਉੱਚੀ ਸੁੱਚੀ ਰਹਿਣੀ ਬਹਿਣੀ ਨੇ ਭਗਤ ਧੰਨਾ ਜੀ ਦੇ ਜੀਵਨ ਤੇ ਬਹੁਤ ਅਸਰ ਕੀਤਾ। ਭਗਤ ਧੰਨਾ ਜੀ ਦੀ ਵਡਿਆਈ ਵਿੱਚ ਗੁਰੂ ਅਰਜਨ ਦੇਵ ਜੀ ਫੁਰਮਾਉਂਦੇ ਹਨ ਕਿ:

ਇਹ ਬਿਧਿ ਸੁਨਿਕੈ ਜਾਟਰੋ ਉਠਿ ਭਗਤੀ ਲਾਗਾ।।
ਮਿਲੇ ਪ੍ਰਤਖਿ ਗੁਸਾਈਆ ਧੰਨਾ ਵਡਭਾਗਾ।। (ਰਾਗ ਆਸਾ, ਅੰਗ 488)

ਪਿਆਰਾ ਸਿੰਘ ਪਦਮ ਲਿੱਖਦੇ ਹਨ ਕਿ ਭਗਤ ਧੰਨਾ ਜੀ ਦੀ ਨਿਸ਼ਕਾਮਤਾ, ਦਲੇਰੀ ਤੇ ਦਿਲ ਦੀ ਸ੍ਵੈਛਤਾ ਉਨ੍ਹਾਂ ਭਜਨਾਂ ਜਾਂ ਗੀਤਾਂ ਤੋਂ ਜ਼ਾਹਿਰ ਹੈ ਜਿੰਨ੍ਹਾਂ ਵਿੱਚ ਉਨ੍ਹਾਂ ਬਿਨਾਂ ਕਿਸੇ ਸੰਕੋਚ ਦੇ ਆਪਣੀਆਂ ਪ੍ਰਮਾਰਥਿਕ ਲੋੜ੍ਹਾਂ ਤੋਂ ਇਲਾਵਾ ਸੰਸਾਰੀ ਮੰਗਾਂ ਵੀ ਦੁਹਰਾਈਆਂ ਤੇ ਆਪਣੇ ਪ੍ਰਭੂ ਦਾ ਆਰਤੀ ਦੀ ਥਾਂ ਆਰਤਾ ਉਤਾਰਿਆਹੈ। ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਆਪ ਦੇ ਤਿੰਨ ਸ਼ਬਦ ਆਸਾ ਤੇ ਰਾਗੁ ਧਨਾਸਰੀ ਵਿੱਚ ਦਰਜ ਹਨ।

ਗੋਪਾਲ ਤੇਰਾ ਆਰਤਾ।।
ਜੋ ਜਨੁ ਤੁਮਰੀ ਭਗਤਿ ਕਰੰਤੇ ਤਿਨ ਕੇ ਕਾਜ ਸਵਾਰਤਾ।। ਰਹਾਉ।।
ਦਾਲਿ ਸੀਧਾ ਮਾਗਉ ਘੀਉ।।
ਹਮਰਾ ਖੁਸੀ ਕਰੈ ਨਿਤ ਜੀਉ।।
ਪਨੀਆ ਛਾਦਨੁ ਨੀਕਾ।।
ਅਨਾਜੁ ਮਗਉ ਸਤ ਸੀ ਕਾ।।
ਗਊ ਭੈਸ ਮਗਉ ਲਵੇਰੀ।।
ਇਕ ਤਾਜਨਿ ਤੁਰੀ ਚੰਗੇਰੀ।।
ਘਰ ਕੀ ਗੀਹਨਿ ਚੰਗੀ।।
ਜਨੁ ਧੰਨਾ ਲੇਵੈ ਮੰਗੀ।। (ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਅੰਗ 695)

ਭਗਤ ਧੰਨਾ ਜੀ ਦੇ ਚਾਰ ਸ਼ਬਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਹਨ। ਇਹ ਸ਼ਬਦ ਆਸਾ ਰਾਗ ਤੇ ਧਨਾਸਰੀ ਰਾਗ ਵਿੱਚ ਦਰਜ ਹਨ। ਭਗਤ ਧੰਨਾ ਜੀ ਦੱਸਦੇ ਹਨ ਕਿ ਵਾਹਿਗੁਰੂ ਕੇਵਲ ਇੱਕ ਹੈ। ਸੱਚੇ ਗੁਰਾਂ ਦੀ ਦਇਆ ਦੁਆਰਾ ਉਹ ਪ੍ਰਾਪਤ ਹੁੰਦਾ ਹੈ।ਇਸ ਪ੍ਰਥਾਏ ਰਾਗ ਆਸਾ ਵਿੱਚ ਉਹਨਾਂ ਸ਼ਬਦ ਉਚਾਰਿਆ ਹੈ।

ਭ੍ਰਮਤ ਫਿਰਤ ਬਹੁ ਜਨਮ ਬਿਲਾਨੇ ਤਨੁ ਮਨੁ ਧਨੁ ਨਹੀ ਧੀਰੇ।
ਲ਼ਾਲਚ ਬਿਖੁ ਕਾਮ ਲੁਬਧ ਰਾਤਾ ਮਨਿ ਬਿਸਰੇ ਪ੍ਰਭ ਹੀਰੇ।। ਰਹਾਉ।।
ਬਿਖੁ ਫਲ ਮੀਠ ਲਗੇ ਮਨ ਬਉਰੇ ਚਾਰ ਬਿਚਾਰ ਨ ਜਾਨਿਆ।
ਗੁਨ ਤੇ ਪ੍ਰੀਤਿ ਬਢੀ ਅਨ ਭਾਂਤੀ ਜਨਮ ਮਰਨ ਫਿਰਿ ਤਾਨਿਆ।
ਜੁਗਤਿ ਜਾਨਿ ਨਹੀ ਰਿਦੈ ਨਿਵਾਸੀ ਜਲਤ ਜਾਲ ਜਮ ਫੰਧ ਪਰੇ।
ਬਿਖੁ ਫਲ ਸੰਚਿ ਭਰੇ ਮਨ ਐਸੇ ਪਰਮ ਪੁਰਖ ਪ੍ਰਭ ਮਨ ਬਿਸਰੇ।
ਗਿਆਨ ਪ੍ਰਵੇਸ ਗੁਰਹਿ ਧਨੁ ਦੀਆ ਧਿਆਨੁ ਮਾਨੁ ਮਨ ਏਕ ਮਏ।
ਪ੍ਰੇਮ ਭਗਤਿ ਮਾਨੀ ਸੁਖੁ ਜਾਨਿਆ ਤ੍ਰਿਪਤਿ ਅਘਾਨੇ ਮੁਕਤਿ ਭਏ।
ਜੋਤਿ ਸਮਾਇ ਸਮਾਨੀ ਜਾ ਕੈ ਅਛਲੀ ਪ੍ਰਭੁ ਪਹਿਚਾਨਿਆ।
ਧੰਨੈ ਧਨੁ ਪਾਇਆ ਧਰਣੀਧਰ ਮਿਲਿ ਜਨ ਸੰਤ ਸਮਾਨਿਆ। (ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਅੰਗ 487)

ਗਿਆਨੀ ਮਨੀ ਸਿੰਘ ਜੀ ਲਿੱਖਦੇ ਹਨ ਕਿ ਭਗਤ ਧੰਨਾ ਜੀ ਦਾ ਜਸ ਫੈਲ ਗਿਆ ਤੇ ਧੰਨਾ ਜੀ ਐਸੇ ਸਿਮਰਨ ਤੇ ਸੇਵਾ ਵਿੱਚ ਲੱਗੇ ਕਿ ਦੂਰ-ਦੂਰ ਤੋਂ ਸਾਧੂ ਸੰਤ ਆਪ ਦੇ ਦਰਸ਼ਨ ਕਰਨ ਲਈ ਆਉਂਦੇ ਤੇ ਧੰਨਾ ਜੀ ਦੇ ਮਨ ਵਿੱਚ ਏਨਾ ਚਾਨਣਾ ਹੋ ਗਿਆ ਕਿ ਉਹ ਭੂਤ ਭਵਿੱਖ ਦੇ ਜਾਣੂ ਬ੍ਰਹਮ ਗਿਆਨੀ ਹੋ ਗਏ।

**-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ: ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ-143022**


ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। **-ਸੰਪਾਦਕ**

# ਹਸਪਤਾਲ ’ਚ ਦਾਈ ਨੇ ਬਦਲਿਆ ਬੱਚਾ, ਗੋਦ ਲੈਂਦੀਆਂ ਹੀ ਸਮਝ ਗਈ ਮਾਂ, ਪਾਗਲਾਂ ਵਾਂਗ ਭੱਜੀ, ਫਿਰ...

**ਚੰਡੀਗੜ੍ਹ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਹਸਪਤਾਲਾਂ ’ਚ ਬੱਚਿਆਂ ਦੀ ਅਦਲਾ-ਬਦਲੀ ਦੀਆਂ ਕਈ ਘਟਨਾਵਾਂ ਤਾਂ ਤੁਸੀਂ ਸੁਣੀਆਂ ਹੀ ਹੋਣਗੀਆਂ, ਪਰ ਇਸ ਔਰਤ ਨਾਲ ਜੋ ਹੋਇਆ ਉਹ ਹੈਰਾਨੀਜਨਕ ਸੀ। ਡਿਲੀਵਰੀ ਤੋਂ ਬਾਅਦ ਪਰਿਵਾਰ ਜਸ਼ਨ ਮਨਾ ਰਿਹਾ ਸੀ। ਮਠਿਆਈਆਂ ਵੰਡੀਆਂ ਗਈਆਂ। ਪਰ ਇਸੇ ਦੌਰਾਨ ਇਕ ਦਿਨ ਹਸਪਤਾਲ ਦੀ ਦਾਈ ਨੇ ਬੱਚੇ ਨੂੰ ਬਦਲ ਦਿੱਤਾ। ਜਿਵੇਂ ਹੀ ਦੂਜਾ ਬੱਚਾ ਮਾਂ ਦੀ ਗੋਦ ਵਿੱਚ ਆਇਆ, ਉਹ ਸਮਝ ਗਈ। ਉਹ ਆਪਣੇ ਬੱਚੇ ਦੀ ਭਾਲ ਵਿੱਚ ਪਾਗਲਾਂ ਵਾਂਗ ਭਜੀ। ਮੈਟਰੋ ਦੀ ਰਿਪੋਰਟ ਮੁਤਾਬਕ, ਇੰਗਲੈਂਡ ਦੇ ਡੋਰਸੇਟ ਦੇ ਪੂਲ ਦੀ ਰਹਿਣ ਵਾਲੀ 22 ਸਾਲਾ ਮੇਸੀ ਬੇਥ ਨੇ ਕੁਝ ਦਿਨ ਪਹਿਲਾਂ ਬੇਟੀ ਨੂੰ ਜਨਮ ਦਿੱਤਾ ਸੀ। ਪਰਿਵਾਰ ਨੇ ਬਹੁਤ ਖੁਸ਼ੀ ਮਨਾਈ ਕਿਉਂਕਿ



ਇਹ ਉਨ੍ਹਾਂ ਦਾ ਪਹਿਲਾ ਬੱਚਾ ਸੀ। ਮੇਸੀ ਨੇ ਆਪਣੇ ਬੱਚੇ ਦਾ ਨਾਂ ਇਜ਼ਾਬੇਲ ਰੱਖਿਆ। ਲੜਕੀ ਥੋੜ੍ਹੀ ਕਮਜ਼ੋਰ ਸੀ, ਇਸ ਲਈ ਉਸ ਨੂੰ ਫੋਟੋਥੈਰੇਪੀ ਦੀ ਲੋੜ ਸੀ। ਉਸ ਨੂੰ ਹਰ 2 ਘੰਟੇ ਬਾਅਦ ਫੋਟੋਥੈਰੇਪੀ ਦਿੱਤੀ ਜਾਂਦੀ ਸੀ। ਇਸ ਲਈ ਉਸ ਨੂੰ ਵੱਖਰੇ ਕਮਰੇ ਵਿੱਚ ਰੱਖਿਆ ਗਿਆ ਸੀ। ਮੈਸੀ ਵਾਰ-ਵਾਰ ਉਸ ਨੂੰ ਮਿਲਣ ਜਾਂਦੀ ਸੀ। ਇੱਕ ਰਾਤ ਮੈਸੀ ਜਦੋਂ ਬੱਚੇ ਦੀ ਨੈਪੀ ਬਦਲਣ ਗਈ ਤਾਂ ਬੱਚੇ ? ਨੂੰ ਦਾਈ ਨੇ ਗੋਦ ਲਿਆ ਸੀ। ਉਹ ਡਰ ਗਈ ਕਿਉਂਕਿ ਇਹ ਬੱਚੇ ਦੀ ਫੋਟੋਥੈਰੇਪੀ ਦਾ ਸਮਾਂ ਸੀ ਅਤੇ ਉਸਨੂੰ ਪੰਘੂੜੇ ਵਿੱਚ ਹੋਣਾ ਚਾਹੀਦਾ ਸੀ। ਉਸ ਨੇ ਦਾਈ ਨੂੰ ਬੱਚੇ ਲਈ ਕਿਹਾ। ਦਾਈ ਕੁਝ ਸਮੇਂ ਬਾਅਦ ਵਾਪਸ ਆਈ ਅਤੇ ਬੱਚੇ ਨੂੰ ਮੈਸੀ ਨੂੰ ਦੇ ਦਿੱਤਾ। ਪਰ ਮੈਸੀ ਇਹ ਦੇਖ ਕੇ ਹੈਰਾਨ ਰਹਿ ਗਈ ਕਿ ਦਾਈ ਨੇ ਜੋ ਬੱਚਾ ਉਸ ਨੂੰ ਦਿੱਤਾ ਸੀ ਉਹ ਉਸ ਦਾ ਬੱਚਾ ਨਹੀਂ ਸੀ। ਕਿਉਂਕਿ ਮੇਸੀ ਨੇ ਇੱਕ ਧੀ ਨੂੰ ਜਨਮ ਦਿੱਤਾ ਸੀ ਅਤੇ ਦਾਈ ਨੇ ਉਸਨੂੰ ਇੱਕ ਪੁੱਤਰ ਸੌਂਪਿਆ ਸੀ। ਜਿਵੇਂ ਹੀ ਮੇਸੀ ਨੇ ਇਹ ਦੇਖਿਆ, ਉਹ ਕੰਬਦੀ ਹੋਈ ਭੱਜੀ। ਹਸਪਤਾਲ ਵਿੱਚ ਹੰਗਾਮਾ ਹੋ ਗਿਆ। ਬਾਅਦ ਵਿਚ ਉਸ ਦਾ ਬੱਚਾ ਲੱਭ ਕੇ ਉਸ ਨੂੰ ਦੇ ਦਿੱਤਾ ਗਿਆ। ਪੁੱਛਣ ’ਤੇ ਦਾਈ ਨੇ ਦੱਸਿਆ ਕਿ ਬੱਚੇ ਦੀ ਦਿੱਖ ਮੇਸੀ ਨਾਲ ਮਿਲਦੀ-ਜੁਲਦੀ ਸੀ, ਇਸ ਲਈ ਮੈਂ ਸੋਚਿਆ ਕਿ ਇਹ ਉਸਦਾ ਬੱਚਾ ਹੈ। ਗਲਤਫਹਿਮੀ ਵਿੱਚ ਮੈਂ ਉਸਨੂੰ ਇੱਕ ਹੋਰ ਬੱਚਾ ਦੇ ਦਿੱਤਾ ਸੀ। ਮੇਸੀ ਨੇ ਕਿਹਾ, ਮੈਂ ਇੱਕ ਬੱਚੇ ਨੂੰ ਜੱਫੀ ਪਾ ਰਹੀ ਸੀ ਜੋ ਮੇਰਾ ਨਹੀਂ ਸੀ। ਪਹਿਲਾਂ ਤਾਂ ਮੈਨੂੰ ਲੱਗਾ ਕਿ ਕਿਸੇ ਨੇ ਮੇਰਾ ਬੱਚਾ ਚੋਰੀ ਕਰ ਲਿਆ ਹੈ। ਮੇਰੇ ਕੋਲ ਚਾਰ ਸਾਲ ਤੱਕ ਬੱਚਾ ਨਹੀਂ ਸੀ, ਅਤੇ ਜਦੋਂ ਇੱਕ ਦਾ ਜਨਮ ਹੋਇਆ, ਇਹ ਚੋਰੀ ਹੋ ਗਿਆ, ਮੈਂ ਇਸ ਹਾਦਸੇ ਨਾਲ ਪਾਗਲ ਹੋ ਰਹੀ ਸੀ। ਮੈਂ ਆਪਣੇ ਬੱਚੇ ਨੂੰ ਮਿਲਣ ਤੱਕ ਸਦਮੇ ਵਿੱਚ ਸੀ। ਰੱਬ ਦਾ ਸ਼ੁਕਰ ਹੈ ਮੈਨੂੰ ਮੇਰਾ ਬੱਚਾ ਮਿਲ ਗਿਆ। ਹਸਪਤਾਲ ਪ੍ਰਸ਼ਾਸਨ ਨੇ ਕਿਹਾ, ਅਸੀਂ ਪੂਰੇ ਮਾਮਲੇ ਦੀ ਜਾਂਚ ਕਰ ਰਹੇ ਹਾਂ। ਇਹ ਅਪਰਾਧ ਕੀਤਾ ਗਿਆ ਹੈ। ਸਾਨੂੰ ਡੂੰਘਾ ਅਫਸੋਸ ਹੈ। ਮਾਪਿਆਂ ਅਤੇ ਬੱਚਿਆਂ ਦੀ ਸੁਰੱਖਿਆ ਸਾਡੀ ਪ੍ਰਮੁੱਖ ਤਰਜੀਹ ਹੈ। ਅਸੀਂ ਇਸ ’ਤੇ ਕਾਰਵਾਈ ਕਰਾਂਗੇ।


ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਆਓ ਕਿਸਾਨੀ—ਜਵਾਨੀ, ਨਸਲਾਂ—ਫਸਲਾਂ ਤੇ


# ਪੰਜਾਬ ਨੂੰ ਬਚਾਉਣ ਲਈ ਹੰਭਲਾ ਮਾਰੀਏ—ਭੁੱਲਰ



ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਮਾਨ ਦਲ) ਜ਼ਿਲ੍ਹਾ ਫ਼ਿਰੋਜ਼ਪੁਰ ਦੀ ਮੀਟਿੰਗ ਪਾਰਟੀ ਦੇ ਲੋਕ ਸਭਾ ਹਲਕਾ ਫਿਰੋਜ਼ਪੁਰ ਦੇ ਉਮੀਦਵਾਰ ਭੁਪਿੰਦਰ ਸਿੰਘ ਭੁੱਲਰ ਦੇ ਗ੍ਰਹਿ ਵਿਖੇ ਹੋਈ, ਜਿਸ ਵਿਚ ਵੱਡੀ ਗਿਣਤੀ ਪਾਰਟੀ ਆਗੂਆਂ ਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਬੋਲਦਿਆਂ ਸ੍ਰੀ ਭੁੱਲਰ ਨੇ ਕਿਹਾ ਕਿ ਲੋਕਾਂ ਨਾਲ ਝੂਠ ਮਾਰ ਕੇ ਹੁਣ ਤੱਕ ਸਰਕਾਰਾਂ ਬਨਾਉਣ ਵਾਲਿਆਂ ਨੇ ਪੰਜਾਬ ਦੀ ਜਵਾਨੀ ਨੂੰ ਰੁਜਗਾਰ ਦੀ ਜਗ੍ਹਾ ਨਸ਼ਿਆਂ ਦੀ ਦਲਦਲ ਵਿੱਚ ਧੱਕ ਦਿੱਤਾ ਹੈ ਅਤੇ ਪਿੰਡਾਂ—ਸ਼ਹਿਰਾਂ ਦੇ ਨਿੱਕੇ—ਨਿੱਕੇ ਬੱਚੇ ਸਿੰਥੈਟਿਕ ਨਸ਼ੇ ਦੇ ਟੀਕੇ ਲਗਾ—ਲਗਾ ਕੇ ਖਤਮ ਹੋ ਰਹੇ ਹਨ ਅਤੇ ਨਸ਼ਿਆਂ ਦੇ ਵਪਾਰੀ ਹਕੂਮਤ ਨਾਲ ਰਲ ਕੇ ਪੰਜਾਬ ਦੀ ਨੌਜਵਾਨੀ ਨੂੰ ਖਤਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਦੂਸਰੇ ਪਾਸੇ ਸਾਡੀ ਕਿਸਾਨੀ ਬਾਰਡਰਾਂ ਤੇ ਇਨ੍ਹਾਂ ਜ਼ਾਬਰ ਸਰਕਾਰਾਂ ਦੇ ਵਾਅਦੇ ਤੋਂ ਮੁਕਰ ਜਾਣ ਕਾਰਨ ਫਸਲਾਂ ਤੇ ਐਮ.ਐਸ.ਪੀ ਅਤੇ ਕਿਸਾਨੀ ਮਸਲਿਆਂ ਨੂੰ ਹੱਲ ਕਰਾਉਣ ਵਾਸਤੇ ਦਿਨ—ਰਾਤ ਬੈਠੇ ਹੋਏ ਹਨ ਪਰ ਕੋਈ ਇੰਨਸਾਫ ਨਹੀਂ ਮਿਲ ਰਿਹਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋ ਰਜਿਸਟਰੀਆਂ ਤੇ ਐਨ.ਓ.ਸੀ ਖਤਮ ਕਰਨ ਦੇ ਟੀ.ਵੀ ਚੈਨਲਾਂ ਤੇ ਬਿਆਨ ਦੇ ਕੇ ਲੋਕਾਂ ਨਾਲ ਧੋਖਾ ਕੀਤਾ ਹੈ ਅਤੇ ਕੁਝ ਸਰਕਾਰ ਦੇ ਨੁਮਾਇੰਦੇ ਉਨ੍ਹਾਂ ਦੇ ਕਰਿੰਦੇ ਅਤੇ ਕੁਝ ਤਹਿਸੀਲਾਂ ਵਿੱਚ ਬੈਠੇ ਅਫਸਰ—ਮੁਲਾਜ਼ਮ ਲੋਕਾਂ ਦਾ ਖੂਨ ਪੀ ਰਹੇ ਹਨ ਅਤੇ ਰਿਸ਼ਵਤ ਤੋਂ ਬਗੈਰ ਕੋਈ ਕੰਮ ਨਹੀਂ ਹੋ ਰਿਹਾ। ਉਨ੍ਹਾਂ ਕਿਹਾ ਕਿ ਜਿੰਨਾ ਲੋਕਾਂ ਨੇ ਰਿਸ਼ਵਤ ਦੇ ਕੇ ਰਜਿਸਟਰੀਆਂ ਕਰਵਾ ਲਈਆਂ ਹਨ ਹੁਣ ਉਨ੍ਹਾਂ ਦੇ ਬਿਜਲੀ ਮੀਟਰ ਨਹੀਂ ਲੱਗ ਰਹੇ, ਜਿਸ ਨਾਲ ਪੈਸੇ ਖਰਚ ਕੇ ਵੀ ਲੋਕਾਂ ਨੂੰ ਪ੍ਰੇਸ਼ਾਨੀ ਦੇ ਆਲਮ ਵਿਚੋਂ ਗੁਜਰਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਲੀਡਰ ਲੋਕਾਂ ਵੱਲ ਧਿਆਨ ਦੇਣ ਦੀ ਬਜਾਏ ਆਪਣੀਆਂ ਕੁਰਸੀਆਂ ਵੱਲ ਧਿਆਨ ਦੇ ਰਹੇ ਹਨ, ਲੋਕ ਸਾਰੀਆਂ ਸਰਕਾਰਾਂ ਤੋਂ ਦੁਖੀ ਹੋ ਚੁੰਕੇ ਹਨ, ਕਿਉਂਕਿ ਉਹ ਪੰਜਾਬ ਵਿੱਚ ਆਪਣੇ—ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਪਾ ਰਹੇ। ਲੋਕ ਸਭਾ ਹਲਕਾ ਫ਼ਿਰੋਜ਼ਪੁਰ ਤੋਂ ਚੋਣ ਲੜ ਰਹੇ ਭੁਪਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਆਉ ਪੰਜਾਬ ਦਾ ਮਾਹੌਲ ਖ਼ਰਾਬ ਕਰਨ ਵਾਲੇ ਦਲ—ਬਦਲੂ, ਭ੍ਰਿਸ਼ਟਾਚਾਰ ਲੀਡਰਾਂ ਨੂੰ ਸਬਕ ਸਖਾਈਏ ਅਤੇ ਪੰਜਾਬ ਦੀ ਜਵਾਨੀ, ਕਿਸਾਨੀ, ਨਸਲਾਂ ਤੇ ਫਸਲਾਂ ਨੂੰ ਬਚਾਉਣ ਲਈ ਚੰਗੇ ਕਿਰਦਾਰ ਵਾਲੇ ਲੋਕਾਂ ਨੂੰ ਅੱਗੇ ਲਿਆਈਏ। ਇਸ ਸਮੇਂ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫ਼ਿਰੋਜ਼ਪੁਰ, ਤੇਜਿੰਦਰ ਸਿੰਘ ਦਿਉਲ ਯੂਥ ਪ੍ਰਧਾਨ ਪੰਜਾਬ, ਜਤਿੰਦਰ ਸਿੰਘ ਥਿੰਦ ਪੀ.ਏ.ਸੀ ਮੈਂਬਰ, ਰਣਜੀਤ ਸਿੰਘ ਸੋਸ਼ਲ ਮੀਡੀਆ ਇੰਨਚਾਰਜ ਆਦਿ ਨੇ ਲੋਕਾਂ ਨੂੰ ਆਪਣੀ ਇਮਾਨਦਾਰੀ ਨਾਲ ਬਗੈਰ ਕਿਸੇ ਡਰ ਭੈਅ ਦੇ ਮੱਤਦਾਨ ਕਰਨ ਲਈ ਕਿਹਾ।

### ਭਾਜਪਾ ਲੀਡਰਾਂ ਦਾ ਵਿਰੋਧ ਕਰਦੇ ਕਿਸਾਨਾਂ ਨੂੰ ਖੱਟਰ ਨੇ ਦੱਸਿਆ ਸਿਰਫਿਰੇ

# ਕਿਹਾ-ਜਿੰਨ੍ਹਾਂ ਵਿਰੋਧ ਕਰੋਗੇ ਉਨ੍ਹਾਂ ਹੀ ਸਾਡਾ ਫ਼ਾਇਦਾ ਹੋਵੇਗਾ





**ਚੰਡੀਗੜ੍ਹ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਲੀਡਰਾਂ ਨੂੰ ਪੰਜਾਬ ਤੇ ਹਰਿਆਣਾ ਵਿੱਚ ਕਿਸਾਨਾਂ ਦੇ ਖਾਸੇ ਵਿਰੋਧ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਿੱਥੇ ਵੀ ਲੀਡਰ ਪ੍ਰਚਾਰ ਕਰਨ ਜਾਂਦੇ ਹਨ ਉੱਥੇ ਪਹਿਲਾਂ ਹੀ ਕਿਸਾਨ ਕਾਲੇ ਝੰਡੇ ਲੈ ਕੇ ਪਹੁੰਚ ਜਾਂਦੇ ਹਨ। ਇਸ ਨੂੰ ਲੈ ਕੇ ਹਰਿਆਣਾ ਦਾ ਸਾਬਕਾ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਟਿੱਪਣੀ ਕੀਤੀ ਹੈ। ਮਨੋਹਰ ਲਾਲ ਖੱਟਰ ਨੇ ਕਿਹਾ ਕਿ ਕੁਝ ਲੋਕ ਸਿਰਫਿਰ ਹੁੰਦੇ ਹਨ ਜੋ ਆਪਣੀ ਦਬੰਗਈ ਚਲਾਉਂਦੇ ਹਨ ਪਰ ਪਹਿਲਾਂ ਉਨ੍ਹਾਂ ਦੀ ਚੱਲ ਜਾਂਦੀ ਸੀ ਪਰ ਹੁਣ ਉਨ੍ਹਾਂ ਦੀ ਚਲਦੀ ਨਹੀਂ ਹੈ। ਖੱਟਰ ਨੇ ਕਿਹਾ ਕਿ ਵਿਰੋਧ ਕਰਨ ਵਾਲੇ 10 ਲੋਕ ਹੁੰਦੇ ਹਨ ਪਰ ਇਸ ਦੇ ਨਤੀਜੇ ਵਜੋਂ ਸੈਂਕੜੇ ਲੋਕ ਉਨ੍ਹਾਂ ਨਾਲ ਜੁੜ ਰਹੇ ਹਨ। ਖੱਟਰ ਨੇ ਕਿਹਾ ਕਿ ਜਿਨ੍ਹਾਂ ਜ਼ਿਆਦਾ ਇਹ ਵਿਰੋਧ ਕਰਨਗੇ ਉਸ ਤੋਂ ਕਿਤੇ ਜ਼ਿਆਦਾ ਲੋਕ ਇਨ੍ਹਾਂ ਨਾਲ ਜੁੜਣਗੇ, ਜਿਸ ਲੀਡਰ ਦਾ ਵੀ ਵਿਰੋਧ ਕੀਤਾ ਜਾ ਰਿਹਾ ਹੈ ਉਸ ਨੂੰ ਇਸ ਦਾ ਫ਼ਾਇਦਾ ਹੀ ਹੋਵੇਗਾ। ਜ਼ਿਕਰ ਕਰ ਦਈਏ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨੇ ਰਤੀਆ 'ਚ ਇੱਕ ਪ੍ਰੋਗਰਾਮ ਦੌਰਾਨ ਕਿਸਾਨਾਂ ਦੇ ਵਿਰੋਧ 'ਤੇ ਕਿਹਾ ਕਿ ਸਰਕਾਰ ਨੇ ਸਾਡੇ ਬੇਕਾਬੂ ਕਿਸਾਨਾਂ ਨਾਲ ਗੱਲ ਕਰਨ ਲਈ ਮੰਤਰੀਆਂ ਨੂੰ ਵੀ ਭੇਜਿਆ ਹੈ, ਜੋ ਪ੍ਰਦਰਸ਼ਨ ਕਰ ਰਹੇ ਹਨ। ਹੁਣ ਵੀ ਸਰਕਾਰ ਉਨ੍ਹਾਂ ਨਾਲ ਗੱਲ ਕਰ ਰਹੀ ਹੈ। ਸਰਕਾਰ ਕਿਸਾਨਾਂ ਦੀ ਸ਼ੁਭਚਿੰਤਕ ਹੈ, ਦੁਸ਼ਮਣ ਨਹੀਂ।

# ਮੁੱਖ ਮੰਤਰੀ ਮਰੀਅਮ ਨਵਾਜ਼ ਨੇ ਕਰਤਾਰਪੁਰ ਗਏ ਭਾਰਤੀ ਸਿੱਖਾਂ ਨਾਲ ਕੀਤੀ ਨਿੱਘੀ ਮੁਲਾਕਾਤ, ਜਿੱਤਿਆ ਹਰ ਇੱਕ ਦਾ ਦਿਲ



**ਸ੍ਰੀ ਕਰਤਾਰਪੁਰ ਸਾਹਿਬ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਪੰਜਾਬ ਸੂਬੇ ਦੀ ਮੁੱਖ ਮੰਤਰੀ ਮਰੀਅਮ ਨਵਾਜ਼ ਨੇ ਵੀਰਵਾਰ ਨੂੰ ਸਿੱਖ ਸ਼ਰਧਾਲੂਆਂ ਦੇ ਇੱਕ ਸਮੂਹ ਨਾਲ ਮੁਲਾਕਾਤ ਕੀਤੀ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਭਾਰਤ ਤੋਂ ਆਏ ਹਨ। ਉਨ੍ਹਾਂ ਦੀ ਪਾਰਟੀ ਵੱਲੋਂ ਇੱਕ ਵੀਡੀਓ ਵੀ ਸ਼ੇਅਰ ਕੀਤਾ ਗਿਆ ਹੈ। ਜਿਸ ਵਿੱਚ ਦਿਖਾਇਆ ਗਿਆ ਹੈ ਕਿ ਕਿਵੇਂ ਉਨ੍ਹਾਂ ਨੇ ਭਾਰਤੀ ਸਿੱਖਾਂ ਦਾ ਨਿੱਘਾ ਸਵਾਗਤ ਕੀਤਾ। ਗੁਰੂ ਸਾਹਿਬ ਜੀ ਦੇ ਦਰਸ਼ਨ ਕੀਤੇ। ਇਸ ਤੋਂ ਇਲਾਵਾ ਉਨ੍ਹਾਂ ਨੇ ਕਣਕ ਦੀ ਵਾਢੀ ਵਾਲੀ ਰਸਮ ਵੀ ਅਦਾ ਕੀਤੀ। ਕਰਤਾਰਪੁਰ ਦੇ ਗੁਰਦੁਆਰਾ ਦਰਬਾਰ ਸਾਹਿਬ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਮਰੀਅਮ ਨੇ ਆਪਣੇ ਪਿਤਾ ਅਤੇ ਤਿੰਨ ਵਾਰ ਸਾਬਕਾ ਪ੍ਰਧਾਨ ਮੰਤਰੀ ਰਹਿ ਚੁੱਕੇ ਨਵਾਜ਼ ਸ਼ਰੀਫ਼ ਦੇ ਹਵਾਲੇ ਨਾਲ ਕਿਹਾ, 'ਸਾਨੂੰ ਆਪਣੇ ਗੁਆਂਢੀਆਂ ਨਾਲ ਨਹੀਂ ਲੜਨਾ ਚਾਹੀਦਾ। ਸਾਨੂੰ ਉਨ੍ਹਾਂ ਲਈ ਆਪਣੇ ਦਿਲ ਖੋਲ੍ਹਣ ਦੀ ਲੋੜ ਹੈ'। ਮਰੀਅਮ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਪਾਕਿਸਤਾਨ ਵਿਚ ਸਰਕਾਰੀ ਪੱਧਰ 'ਤੇ ਵਿਸਾਖੀ ਦਾ ਤਿਉਹਾਰ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ, "ਇਹ ਮੇਰਾ ਪੰਜਾਬ ਹੈ ਅਤੇ ਅਸੀਂ ਸਾਰੇ ਘੱਟ ਗਿਣਤੀ ਤਿਉਹਾਰ ਹੋਲੀ, ਈਸਟਰ ਅਤੇ ਵਿਸਾਖੀ ਇਕੱਠੇ ਮਨਾ ਰਹੇ ਹਾਂ'। ਮਰੀਅਮ ਨੇ ਅੱਗੇ ਕਿਹਾ, 'ਅਸੀਂ ਇੱਥੇ ਭਾਰਤੀ ਪੰਜਾਬ ਦੇ ਲੋਕਾਂ ਵਾਂਗ ਪੰਜਾਬੀ ਬੋਲਣਾ ਚਾਹੁੰਦੇ ਹਾਂ। ਮੇਰੇ ਦਾਦਾ ਜੀ ਮੀਆਂ ਸ਼ਰੀਫ ਜਾਤੀ ਉਮਰਾ ਅੰਮ੍ਰਿਤਸਰ ਦੇ ਵਸਨੀਕ ਸਨ। ਜਦੋਂ ਇੱਕ ਪੰਜਾਬੀ ਭਾਰਤੀ ਜਾਤੀ ਨੇ ਉਮਰਾ ਦੀ ਮਿੱਟੀ ਲਿਆਂਦੀ, ਮੈਂ ਇਸਨੂੰ ਉਨ੍ਹਾਂ ਦੀ ਕਬਰ 'ਤੇ ਰੱਖ ਦਿੱਤਾ।' ਉਨ੍ਹਾਂ ਕਿਹਾ ਕਿ ਪਾਕਿਸਤਾਨ ਦੇ ਕਿਸੇ ਸੂਬੇ ਦੀ ਪਹਿਲੀ ਮਹਿਲਾ ਮੁੱਖ ਮੰਤਰੀ ਬਣਨ ਤੋਂ ਬਾਅਦ ਉਨ੍ਹਾਂ ਨੂੰ ਪੰਜਾਬ, ਭਾਰਤ ਤੋਂ ਬਹੁਤ ਸਾਰੇ ਵਧਾਈ ਸੰਦੇਸ਼ ਮਿਲੇ ਹਨ।

# ਪਾਕਿ ਗੁਰਧਾਮਾਂ ਦੇ ਦਰਸ਼ਨਾਂ ਲਈ ਗਏ ਜਥੇ ਨੇ ਰੱਖਿਆ ਮੰਤਰੀ ਨਾਲ ਕੀਤੀ ਮੀਟਿੰਗ—ਭੁੱਲਰ



ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :— ਵਿਸਾਖੀ ਸਮਾਗਮ ਤੇ ਆਏ ਪਾਕਿ ਦੇ ਰੱਖਿਆ ਮੰਤਰੀ ਖੋਜਾ ਆਫਿਸ ਸਾਹਿਬ ਨਾਲ ਫ਼ਿਰੋਜ਼ਪੁਰ ਤੋਂ ਗਏ ਜਗਜੀਤ ਸਿੰਘ ਭੁੱਲਰ ਨੇ ਸਿੱਖ ਯਾਤਰੀਆਂ ਨੂੰ ਦਰਪੇਸ਼ ਆਉਂਦੀਆਂ ਸਮੱਸਿਆਵਾਂ ਬਾਰੇ ਕੀਤੀ ਵਿਚਾਰ ਚਰਚਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸ੍ਰੀ ਹਰਪਾਲ ਸਿੰਘ ਭੁੱਲਰ ਪ੍ਰਧਾਨ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਨੇ ਦੱਸਿਆ ਇਸ ਮੌਕੇ ਭਾਰਤ ਤੋਂ ਪਾਕਿ ਗੁਰਧਾਮਾਂ ਦੇ ਦਰਸ਼ਨ ਕਰਨ ਗਏ ਜਥੇ ਦੀ ਅਗਵਾਈ ਕਰ ਰਹੇ ਜਗਜੀਤ ਸਿੰਘ ਭੁੱਲਰ ਨੇ ਰੱਖਿਆ ਮੰਤਰੀ ਨੂੰ ਅਪੀਲ ਕੀਤੀ ਕਿ ਸਿੱਖ ਯਾਤਰੀਆਂ ਦੇ ਜਥੇ ਦਾ ਕੋਟਾ 60 ਸਾਲ ਪੁਰਾਣਾ ਚਲਦਾ ਆ ਰਿਹਾ ਹੈ, ਇਸ ਨੂੰ ਘੱਟੋ—ਘੱਟ 5 ਹਜ਼ਾਰ ਕੀਤਾ ਜਾਵੇ, ਕਈ ਗੁਰਦੁਆਰਾ ਸਾਹਿਬ ਅਜੇ ਵੀ ਬੰਦ ਪਏ ਹਨ, ਉਨ੍ਹਾਂ ਨੂੰ ਕਾਰ ਸੇਵਾ ਰਾਹੀਂ ਆਰੰਭ ਕੀਤਾ ਜਾਵੇ। ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਸਾਥੀ ਭਾਈ ਮਰਦਾਨਾ ਜੀ ਵੀ ਨਨਕਾਣਾ ਸਾਹਿਬ ਦੇ ਰਹਿਣ ਵਾਲੇ ਸਨ, ਉਨ੍ਹਾਂ ਦੇ ਘਰ ਦਾ ਨੀਂਹ ਪੱਥਰ ਵੀ ਉਕਾਫ ਬੋਰਡ ਦੇ ਚੇਅਰਮੈਨ ਨੇ ਰੱਖਿਆ ਸੀ ਜ਼ੋ ਅਜੇ ਤੱਕ ਬਨਵਾਇਆ ਨਹੀਂ ਗਿਆ, ਨੂੰ ਆਰੰਭ ਕਰਵਾਇਆ ਜਾਵੇ। ਸ੍ਰੀ ਭੁੱਲਰ ਨੇ ਕਿਹਾ ਕਿ ਭਾਈ ਮਰਦਾਨਾ ਜੀ 54 ਸਾਲ ਬਾਬਾ ਗੁਰੂ ਨਾਨਕ ਸਾਹਿਬ ਜੀ ਦੇ ਨਾਲ ਰਹੇ, ਸਿੱਖ ਯਾਤਰੀਆਂ ਨੂੰ ਬਾਬੇ ਦੀ ਬੇਰ ਸਾਹਿਬ ਸਿਆਲਕੋਟ ਵਿਖੇ ਜ਼ੋ ਬਣਕੇ ਤਿਆਰ ਹੋ ਚੁੱਕਾ ਹੈ, ਦੇ ਵੀ ਦਰਸ਼ਨ ਦੀਦਾਰੇ ਕਰਨ ਦੀ ਖੋਲ੍ਹ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਸ੍ਰੀ ਪਾਕ ਪਟ ਬਾਬਾ ਫਰੀਦ ਜੀ ਦੇ ਸਥਾਨ ਦੇ ਦਰਸ਼ਨ ਵੀ ਕਰਵਾਏ ਜਾਣ, ਕੱਲ ਪਾਕਿ ਪੰਜਾਬ ਦੀ ਮੁੱਖ ਮੰਤਰੀ ਮਰਿਅਮ ਨਵਾਜ ਵੀ ਕਰਤਾਰਪੁਰ ਸਾਹਿਬ ਪੁੱਜ ਰਹੀ ਹੈ। ਭਾਈ ਮਰਦਾਨਾ ਸੁਸਾਇਟੀ ਉਨ੍ਹਾਂ ਦਾ ਵੀ ਸਨਮਾਨ ਕਰੇਗੀ, ਸਿੱਖਾਂ ਦੇ ਗੁਰੂ ਰਾਮਦਾਸ ਜੀ ਦਾ ਜਨਮ ਅਸਥਾਨ ਚੂਨਾ ਮੰਡੀ ਲਾਹੌਰ ਵਿਖੇ ਹੈ, ਉਸ ਦੇ ਦਰਸ਼ਨਾਂ ਲਈ ਵੀ ਸਿੱਖ ਜਥੇ ਭੇਜੇ ਜਾਇਆ ਕਰਨ, ਰੱਖਿਆ ਮੰਤਰੀ ਖੋਜਾ ਆਫਿਸ ਨੇ ਯਕੀਨ ਦਵਾਇਆ ਕਿ ਅਸੀਂ ਕੋਸ਼ਿਸ਼ ਕਰਨੈ ਸਿੱਖ ਯਾਤਰੀਆਂ ਨੂੰ ਕੋਈ ਮੁਸ਼ਿਕਲਾਂ ਨਾ ਆਵੇ।

## ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਸਕੂਲ ਦਾ ਨਤੀਜਾ ਰਿਹਾ 100 ਫੀਸਦੀ



ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :— ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਮਹਿਤਾ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਦਾ ਦਸਵੀਂ ਕਲਾਸ ਦਾ ਨਤੀਜਾ 100 ਫੀਸਦੀ ਰਿਹਾ। ਸਿੱਖਿਆ ਬੋਰਡ ਵੱਲੋਂ ਐਲਾਨੇ ਨਤੀਜਿਆਂ ਵਿਚ ਪਹਿਲਾ ਸਥਾਨ ਸਿਮਰਨਜੀਤ ਕੌਰ 96 ਪ੍ਰਤੀਸ਼ਤ, ਦੂਸਰਾ ਸਥਾਨ ਅਨਮੋਲਜੀਤ ਕੌਰ 95 ਪ੍ਰਤੀਸ਼ਤ, ਤੀਸਰਾ ਨਵਜੋਤ ਕੌਰ 93 ਫੀਸਦੀ, ਚੌਥਾ ਸਥਾਨ ਗੁਰਕੀਰਤ ਸਿੰਘ 92 ਫੀਸਦੀ, ਪੰਜਵਾਂ ਸਥਾਨ ਖੁਸ਼ਪ੍ਰੀਤ ਕੌਰ ਅਤੇ ਅਰਸ਼ਦੀਪ ਕੌਰ 92 ਪ੍ਰਤੀਸ਼ਤ, ਛੇਵਾਂ ਸਥਾਨ ਸੁਖਮਨਪ੍ਰੀਤ ਕੌਰ 91 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਂ ਰੋਸ਼ਨ ਕੀਤਾ। ਇਸ ਮੌਕੇ ਇਨ੍ਹਾਂ ਵਿਦਿਆਰਥੀਆਂ ਦੇ ਮਾਤਾ—ਪਿਤਾ ਅਤੇ ਸਕੂਲ ਦੇ ਸਮੁੱਚੇ ਸਟਾਫ ਨੇ ਖੁਸ਼ੀਆਂ ਸਾਂਝੀਆਂ ਕੀਤੀਆਂ ਅਤੇ ਬੱਚਿਆਂ ਦੀ ਹੌਂਸਲਾ ਅਫਜਾਈ ਕੀਤੀ। ਇਸ ਮੌਕੇ ਬੋਲਦਿਆਂ ਸਕੂਲ ਪ੍ਰਿੰਸੀਪਲ ਮੈਡਮ ਜ਼ਸਪ੍ਰੀਤ ਕੌਰ ਨੂੰ ਕਿਹਾ ਕਿ ਇਹ ਬੱਚੇ ਆਉਣ ਵਾਲੇ ਸਮੇਂ ਵਿਚ ਆਪਣੇ ਮਾਤਾ—ਪਿਤਾ ਦਾ ਨਾਂ ਰੋਸ਼ਨ ਕਰਨਗੇ ਅਤੇ ਚੰਗੇ ਮੁਕਾਮ ਤੇ ਪਹੁੰਚ ਕੇ ਦੇਸ਼, ਸਮਾਜ ਦੀ ਸੇਵਾ ਕਰਨਗੇ। ਇਸ ਮੌਕੇ ਮਾਸਟਰ ਬਲਰਾਜ ਸਿੰਘ, ਮੈਡਮ ਅਨੁਰਾਧਾ, ਮੈਡਮ ਸਵਿਤਾ, ਮੈਡਮ ਰਜਨੀ, ਗੁਰਵਿੰਦਰ ਸਿੰਘ, ਰਵਿੰਦਰ ਸਿੰਘ, ਇੰਦਰਜੀਤ ਸਿੰਘ ਅਤੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀਆਂ ਦੇ ਮਾਤਾ—ਪਿਤਾ ਹਾਜ਼ਰ ਸਨ।

## ਸ਼ਹੀਦ ਭਗਤ ਸਿੰਘ ਮਾਡਲ ਹਾਈ ਸਕੂਲ ਦਾ 10ਵੀ ਦਾ ਨਤੀਜਾ ਰਿਹਾ ਸ਼ਾਨਦਾਰ—ਹਰ ਸਾਲ ਦੀ ਤਰ੍ਹਾਂ ਨਤੀਜਾ ਰਿਹਾ 100 ਫੀਸਦੀ




ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :— ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10ਵੀਂ ਕਲਾਸ ਦੇ ਨਤੀਜੇ ਵਿਚ ਸਰਹੱਦੀ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪਿੰਡ ਭਾਨੇ ਵਾਲਾ (ਗੱਟੀ ਰਹੀਮ ਕੇ) ਵਿਖੇ ਸਥਿਤ ਸ਼ਹੀਦ ਭਗਤ ਸਿੰਘ ਮਾਡਲ ਹਾਈ ਸਕੂਲ ਦਾ 10ਵੀਂ ਕਲਾਸ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 100 ਫੀਸਦੀ ਰਿਹਾ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਨਰਿੰਦਰ ਸਿੰਘ ਕੇਸਰ ਨੇ ਦੱਸਿਆ ਕਿ ਇਹ ਸਕੂਲ ਪਿਛਲੇ ਕਈ ਸਾਲਾਂ ਤੋਂ ਵਧੀਆ ਨਤੀਜੇ ਦੇ ਰਿਹਾ ਹੈ ਅਤੇ ਇਸ ਵਾਰ ਵੀ ਸਕੂਲ ਵਿੱਚ 25 ਬੱਚਿਆਂ ਨੇ 10ਵੀਂ ਦੀ ਪ੍ਰੀਖਿਆ ਦਿੱਤੀ ਅਤੇ ਸਾਰੇ ਦੇ ਸਾਰੇ ਵਿਦਿਆਰਥੀ ਪਹਿਲੇ ਦਰਜ਼ੇ ਨਾਲ ਪਾਸ ਹੋਏ ਹਨ। ਉਨ੍ਹਾਂ ਕਿਹਾ ਕਿ ਇਸ ਵਾਰ ਸਕੂਲ ਦੀ ਵਿਦਿਆਰਥਣ ਅੰਸ਼ਪ੍ਰੀਤ ਨੇ 614/650 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ, ਜਦੋਂ ਕਿ ਕਾਜਲ ਰਾਣੀ ਨੇ 571/650 ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਸੰਦੀਪ ਕੌਰ ਨੇ 563/650 ਅੰਕ ਲੈ ਕੇ ਤੀਜਾ ਸਥਾਨ, ਜੋਬਨਪ੍ਰੀਤ ਨੇ 555/650 ਅੰਕ ਲੈ ਕੇ ਚੌਥਾ, ਸੰਜਨਾ ਤੇ ਸਿਮਰਨ ਨੇ ਕ੍ਰਮਵਾਰ ਪੰਜਵਾਂ ਤੇ ਛੇਵਾਂ ਸਥਾਨ ਹਾਸਲ ਕਰਕੇ ਆਪਣਾ ਤੇ ਆਪਣੇ ਮਾਤਾ—ਪਿਤਾ ਦਾ ਨਾਮ ਰੋਸ਼ਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਸਕੂਲ ਦੇ ਬਹੁਤ ਸਾਰੇ ਵਿਦਿਆਰਥੀ ਇੰਜੀਨੀਅਰ, ਵਕੀਲ, ਪੰਜਾਬ ਪੁਲਿਸ, ਪੰਚਾਇਤੀ ਮਹਿਕਮੇ, ਆਰਮੀ ਆਦਿ ਅਦਾਰਿਆਂ ਵਿਚ ਨੌਕਰੀ ਕਰ ਰਹੇ ਹਨ। ਇਸ ਤੋਂ ਇਲਾਵਾ ਸਕੂਲ ਦੇ ਬਹੁਤ ਸਾਰੇ ਵਿਦਿਆਰਥੀ ਵਿਦੇਸ਼ਾਂ ਵਿੱਚ ਜਾ ਕੇ ਵੱਖ—ਵੱਖ ਖੇਤਰ ਵਿੱਚ ਮੱਲਾਂ ਮਾਰ ਰਹੇ ਹਨ। ਇਸ ਮੌਕੇ ਉਨ੍ਹਾਂ ਚੰਗੀਆਂ ਪੁਜੀਸ਼ਨਾ ਲੈਣ ਵਾਲੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਬੱਚਿਆਂ, ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਭ ਸਕੂਲ ਦੇ ਅਧਿਆਪਕਾਂ ਦੀ ਸਖਤ ਮਿਹਨਤ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਪ੍ਰਤੀ ਲਗਨ ਦਾ ਨਤੀਜਾ ਹੈ। ਇਸ ਪ੍ਰਾਪਤੀ ਲਈ ਸਕੂਲ ਦੇ ਸਮੁੱਚੇ ਸਟਾਫ ਨੂੰ ਵੀ ਵਧਾਈ ਦਿੱਤੀ। ਇਸ ਮੌਕੇ ਵਿਦਿਆਰਥੀਆਂ ਤੋਂ ਇਲਾਵਾ ਵਾਇਸ ਪ੍ਰਿੰਸੀਪਲ ਮੈਡਮ ਸੁਨੀਲ ਰਾਣਾ, ਸਾਕਸ਼ੀ, ਬਲਵੀਰ ਕੌਰ, ਕੁਲਦੀਪ ਕੌਰ, ਸਰਿਤਾ, ਸੰਤੋਸ਼, ਸਲਮਾ, ਦੀਪ ਕੌਰ, ਮਨਦੀਪ ਕੌਰ, ਸਿਮਰਨਜੀਤ ਕੌਰ ਆਦਿ ਸਕੂਲ ਸਟਾਫ ਹਾਜਿਰ ਸਨ।

# ਇੱਕ ਨਜ਼ਰ



## ਬੇਅਦਬੀ ਦੇ ਦੋਸ਼ੀਆਂ ਨੂੰ ਦੋ ਦਿਨ ’ਚ ਸਾਹਮਣੇ ਲਿਆਵੇ ਸਰਕਾਰ: ਐਡਵੋਕੇਟ ਧਾਮੀ

ਨਵੀਂ ਦਿੱਲੀ, 19 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਚੀਮਾ ਪੋਤਾ ਵਿਖੇ ਬੀਤੇ ਦਿਨੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਘਟਨਾ ਤੋਂ ਬਾਅਦ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਖ਼ੁਦ ਪੁੱਜ ਕੇ ਇਸ ਘਟਨਾ ਦੀ ਸਮੁੱਚੀ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ ਐਡਵੋਕੇਟ ਧਾਮੀ ਨੇ ਪਿੰਡ ਦੀ ਸੰਗਤ ਅਤੇ ਪੁਲਿਸ ਪ੍ਰਸ਼ਾਸਨ ਦੀ ਮੌਜੂਦਗੀ ਵਿਚ ਸਮੁੱਚੇ ਘਟਨਾਕ੍ਰਮ ਬਾਰੇ ਦੀਰਘ ਵਿਚਾਰ-ਵਟਾਂਦਰਾ ਕੀਤਾ ਅਤੇ ਸੰਬੋਧਨ ਕਰਦਿਆਂ ਪੁਲਿਸ ਪ੍ਰਸ਼ਾਸਨ ਦੇ ਹਾਜ਼ਰ ਅਧਿਕਾਰੀਆਂ ਨੂੰ ਇਸ ਘਟਨਾ ਦੇ ਦੋਸ਼ੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਦੋ ਦਿਨਾਂ ਦਾ ਸਮਾਂ ਦਿੱਤਾ। ਉਨ੍ਹਾਂ ਕਿਹਾ ਕਿ ਜੇਕਰ ਪੁਲਿਸ ਪ੍ਰਸ਼ਾਸਨ ਦੋ ਦਿਨਾਂ ਦੇ ਵਿਚ-ਵਿਚ ਦੋਸ਼ੀਆਂ ਨੂੰ ਸਾਹਮਣੇ ਨਹੀਂ ਲਿਆਉਂਦਾ ਤਾਂ ਖਾਲਸਾ ਪੰਥ ਨੂੰ ਇਨਸਾਫ਼ ਲਈ ਸੰਘਰਸ਼ ਦਾ ਰਾਹ ਅਪਨਾਉਣਾ ਪਵੇਗਾ।ਐਡਵੋਕੇਟ ਧਾਮੀ ਨੇ ਇਸ ਗੱਲ ’ਤੇ ਦੁੱਖ ਪ੍ਰਗਟਾਇਆ ਕਿ ਪਿੰਡ ਚੀਮਾ ਪੋਤਾ ਦੇ ਗੁਰੂ ਘਰ ਵਿਖੇ ਸੀਸੀਟੀਵੀ ਕੈਮਰੇ ਅਤੇ ਹੋਰ ਸੁਰੱਖਿਆ ਦੇ ਵੀ ਪ੍ਰਬੰਧ ਪੁਖ਼ਤਾ ਨਹੀਂ ਸਨ, ਜਿਸ ਕਰਕੇ ਸ਼ਰਾਰਤੀ ਅਨਸਰਾਂ ਨੂੰ ਅਜਿਹੀਆਂ ਘਟਨਾਵਾਂ ਕਰਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਇਹ ਜ਼ੁੰਮੇਵਾਰੀ ਹੈ ਕਿ ਜਿਵੇਂ ਅਸੀਂ ਆਪਣੇ ਘਰਾਂ ਲਈ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕਰਦੇ ਹਾਂ, ਉਸ ਤੋਂ ਵੀ ਵੱਧ ਤਰਜੀਹ ਨਾਲ ਗੁਰੂ ਘਰਾਂ ਦੀ ਸੇਵਾ ਸੰਭਾਲ ਕੀਤੀ ਜਾਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪੰਜਾਬ ਸਰਕਾਰ ਦੀ ਕਾਰਗੁਜਾਰੀ ’ਤੇ ਸਵਾਲ ਉਠਾਉਂਦਿਆਂ ਕਿਹਾ ਕਿ ਸੂਬੇ ਅੰਦਰ ਬੇਅਦਬੀ ਦੀਆਂ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ, ਪਰੰਤੂ ਸਰਕਾਰ ਨੇ ਕਾਰਵਾਈ ਕਰਨੀ ਤਾਂ ਦੂਰ, ਬਲਕਿ ਸਰਕਾਰ ਦੇ ਕਿਸੇ ਮੰਤਰੀ ਜਾਂ ਵਿਧਾਇਕ ਨੇ ਮੌਕੇ ’ਤੇ ਪਹੁੰਚਣਾ ਵੀ ਮੁਨਾਸਿਬ ਨਹੀਂ ਸਮਝਿਆ। ਇਹ ਮੌਜੂਦਾ ਪੰਜਾਬ ਸਰਕਾਰ ਦੀ ਸਿੱਖ ਸਰੋਕਾਰਾਂ ਪ੍ਰਤੀ ਗੈਰ ਜ਼ੁੰਮੇਵਰਾਨਾ ਪਹੁੰਚ ਹੈ, ਜੋ ਕਿ ਨਿੰਦਣਯੋਗ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਹਰਬੰਸ ਸਿੰਘ ਮੰਝਪੁਰ, ਸ. ਰਵਿੰਦਰ ਸਿੰਘ ਚੱਕ, ਹਲਕਾ ਆਗੂ ਸ. ਸਰਬਜੋਤ ਸਿੰਘ ਸਾਬੀ, ਸ. ਲਖਵਿੰਦਰ ਸਿੰਘ ਲੱਖੀ ਪ੍ਰਧਾਨ, ਮੈਨੇਜਰ ਸ. ਅਵਤਾਰ ਸਿੰਘ, ਪ੍ਰਚਾਰਕ ਭਾਈ ਕਲਿਆਣ ਸਿੰਘ ਅਤੇ ਹੋਰ ਮੌਜੂਦ ਸਨ।

## ਗੁਰੂ ਨਾਨਕ ਪਬਲਿਕ ਸਕੂਲ ਨਾਥ ਦੀ ਖੂਹੀ ਦੇ ਤਿੰਨ ਵਿਦਿਆਰਥੀਆਂ ਨੇ ਸਟੇਟ ਮੈਰਿਟ ਵਿੱਚ ਨਾਮ ਦਰਜ ਕਰਵਾਇਆ



ਚੌਕ ਮਹਿਤਾ, 19 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ) - ਗੁਰੂ ਨਾਨਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ,ਅੱਡਾ ਨਾਥ ਦੀ ਖੂਹੀ (ਚੰਨਣਕੇ)ਦੀਆਂ ਵਿਦਿਆਰਥਣਾਂ ਅਮਨਦੀਪ ਕੌਰ ਤਰਸਿੱਕਾ(97.23%), ਸੁਖਜੀਵਨਪ੍ਰੀਤ ਕੌਰ ਉਦੋਕੇ ਕਲਾਂ(97.07%) ਅਤੇ ਜਸਮੀਨ ਕੌਰ ਪੁਰੀਆਂ ਕਲਾਂ(96.46%)ਨੇ ਸਟੇਟ ਮੈਰਿਟ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ।ਇਸ ਤੋਂ ਇਲਾਵਾ ਜਸਮੀਤ ਕੌਰ ਅਤੇ ਰਨਦੀਪ ਕੌਰ 96%,ਮੁਸਕਾਨਪ੍ਰੀਤ ਕੌਰ 95.84%, ਨਵਦੀਪ ਕੌਰ 95.69%, ਅਰਸ਼ਪ੍ਰੀਤ ਕੌਰ 95.38%, ਸਿਮਰਜੀਤ ਕੌਰ 95.23% ਅੰਕ ਪ੍ਰਾਪਤ ਕੀਤੇ। ਸਕੂਲ ਦਾ ਨਤੀਜਾ 100% ਰਿਹਾ ਅਤੇ ਸਾਰੇ ਵਿਦਿਆਰਥੀ ਫ਼ਸਟ ਡਵੀਜ਼ਨ ਵਿੱਚ ਪਾਸ ਹੋਏ। ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਇੱਕ ਦੂਜੇ ਦਾ ਮੂੰਹ ਮਿੱਠਾ ਕਰਾ ਕੇ ਖੁਸ਼ੀ ਸਾਂਝੀ ਕੀਤੀ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰ: ਕੁਲਜੀਤ ਸਿੰਘ ਬਾਠ, ਡਾਇਰੈਕਟਰ ਸ੍ਰੀਮਤੀ ਕੁਲਵੰਤ ਕੌਰ ਬਾਠ ਅਤੇ ਪ੍ਰਿੰਸੀਪਲ ਸ੍ਰੀਮਤੀ ਮਨਪ੍ਰੀਤ ਕੌਰ ਨੇ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਹੌਂਸਲਾ ਅਫਜ਼ਾਈ ਅਤੇ ਉਹਨਾਂ ਨੂੰ ਚੰਗੇਰੇ ਭਵਿੱਖ ਲਈ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ।

## ਸ਼੍ਰੀ ਗੁਰੂ ਰਾਮਦਾਸ ਸਕੂਲ ਨਾਥ ਦੀ ਖੂਹੀ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ



ਚੌਂਕ ਮਹਿਤਾ, 19 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ ਵਿਚ ਸ਼੍ਰੀ ਗੁਰੂ ਰਾਮ ਦਾਸ ਸੀਨੀਅਰ ਸੈਕੰਡਰੀ ਸਕੂਲ, ਨਾਥ ਦੀ ਖੂਹੀ, ਚੰਨਣਕੇ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 100 ਫੀਸਦੀ ਸ਼ਾਨਦਾਰ ਰਿਹਾ । ਦਸਵੀਂ ਪ੍ਰੀਖਿਆ ਵਿੱਚ ਅਪੀਅਰ ਹੋਏ ਬੱਚਿਆਂ ਵਿੱਚੋਂ ਸਕੂਲ ਦੇ ਹੋਣਹਾਰ ਵਿਦਿਆਰਥੀ ਸਰਗੁਨਪ੍ਰੀਤ ਕੌਰ 95%, ਅਨੂਰੀਤ ਕੌਰ 94%, ਅਨਮੋਲਪ੍ਰੀਤ ਕੌਰ, ਉਪਦੇਸ਼ਪ੍ਰੀਤ ਕੌਰ ਤੇ ਸਿਮਰਨਜੀਤ ਕੌਰ 93%ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਉੱਪਰਲੀਆਂ ਪੁਜੀਸ਼ਨਾਂ ਤੇ ਰਹੇ। ਮਨਰੋਜਦੀਪ ਸਿੰਘ, ਗੁਰਬਿੰਦਰ ਸਿੰਘ,ਸਿਮਰਨਜੋਤ ਕੌਰ, ਸਿਮਰਨਪ੍ਰੀਤ ਕੌਰ, ਮਨਰੂਪ ਕੌਰ,ਅਰਪਨਦੀਪ ਕੌਰ, ਹਰਪ੍ਰੀਤ ਕੌਰ ਅਤੇ ਮਨਦੀਪ ਕੌਰ ਨੇ 90%ਤੋਂ ਉੱਪਰ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਇਹਨਾ ਤੋਂ ਇਲਾਵਾ 20 ਵਿਦਿਆਰਥੀ 80% ਤੋਂ ਉੱਪਰ , ਬਾਕੀ ਸਾਰੇ ਵਿਦਿਆਰਥੀ 75% ਤੋਂ ਉੱਪਰ ਅੰਕ ਪ੍ਰਾਪਤ ਕਰਕੇ ਪਾਸ ਹੋਏ । ਇਸ ਮੌਕੇ ਸਕੂਲ ਦੇ ਡਾਇਰੈਕਟਰ ਸ. ਸ਼ਿਵਚਰਨ ਸਿੰਘ,ਪ੍ਰਿੰਸੀਪਲ ਸ਼੍ਰੀਮਤੀ ਗੁਰਦੀਪ ਕੌਰ ਨੇ ਸਮੂਹ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ! ਇਸ ਮੌਕੇ ਵਾਇਸ ਪ੍ਰਿੰਸੀਪਲ ਮੈਡਮ ਰਮਨਪ੍ਰੀਤ ਕੌਰ, ਸ. ਅਜਮੇਰ ਸਿੰਘ ਅਤੇ ਹੋਰ ਸਕੂਲ ਸਟਾਫ਼ ਵੀ ਹਾਜ਼ਰ ਸ੍ਰੀ

### ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਆਮ ਚੋਣਾਂ ’ਚ

# ਸਿੱਖਾਂ ਦੇ ਮਸਲੇ ਹੱਲ ਕਰਨ ਵਾਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਹਮਾਇਤ ਦਾ ਜਲਦ ਐਲਾਨ ਕਰੇਗੀ

**ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜਿਥੇ ਕਰਤਾਰਪੁਰ ਸਾਹਿਬ ਲਾਂਘੇ ਦੀ ਸਥਾਪਨਾ ਕੀਤੀ, ਛੋਟੇ ਸਾਹਿਬਜ਼ਾਦਿਆਂ ਦੀ ਯਾਦ ਵਿਚ ਵੀਰ ਬਾਲ ਦਿਵਸ ਮਨਾਉਣ ਦੀ ਸ਼ੁਰੂਆਤ ਕੀਤੀ, 1984 ਦੇ ਕਾਤਲਾਂ ਨੂੰ ਸਲਾਖਾਂ ਪਿੱਛੇ ਭੇਜਿਆ, ਉਥੇ ਹੀ ਹੋਰ ਸਿੱਖ ਮਸਲੇ....**



ਨਵੀਂ ਦਿੱਲੀ, 19 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਈ ਸਾਲਾਂ ਤੋਂ ਬੰਦ ਪਏ ਬਾਲਾ ਸਾਹਿਬ ਹਸਪਤਾਲ ਯਾਨੀ ਗੁਰੂ ਹਰਿਕ੍ਰਿਸ਼ਨ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਵਿਚ 5 ਮਈ ਤੋਂ ਓ ਪੀ ਡੀ ਸੇਵਾਵਾਂ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ ਅਤੇ ਨਾਲ ਹੀ ਕਿਹਾ ਹੈ ਕਿ ਹਸਪਤਾਲ ਵਿਚ ਲੋੜਵੰਦਾਂ ਵਾਸਤੇ ਓ ਪੀ ਡੀ ਸੇਵਾਵਾਂ ਮੁਫਤ ਹੋਣਗੀਆਂ।ਅੱਜ ਇਥੇ ਇਕ ਅਹਿਮ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਜਦੋਂ ਦਿੱਲੀ ਗੁਰਦੁਆਰਾ ਕਮੇਟੀ ਦੀਆਂ ਚੋਣਾਂ ਹੋਈਆਂ ਸਨ ਤਾਂ ਸਾਡੇ ਵਿਰੋਧੀਆਂ ਨੇ ਇਸ ਗੁਰੂ ਹਰਿਕ੍ਰਿਸ਼ਨ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਦੇ ਕੰਮ ਵਿਚ ਰੁਕਾਵਟਾਂ ਪਾਉਣ ਵਾਸਤੇ ਅਦਾਲਤਾਂ ਵਿਚ ਪਹੁੰਚ ਕਰਨ ਸਮੇਤ ਬਹੁਤ ਸਾਰੀਆਂ ਜੁਗਤਾਂ ਲੜਾਈਆਂ ਸੀ ਜੋ ਸਾਰੀਆਂ ਫੇਲ੍ਹ ਸਾਬਤ ਹੋਈਆਂ ਹਨ। ਉਹਨਾਂ ਦੱਸਿਆ ਕਿ ਅਸੀਂ ਪੜਾਅ ਦਰ ਪੜਾਅ ਮੁਸ਼ਕਲਾਂ ਨੂੰ ਹੱਲ ਕਰਦੇ ਹੋਏ ਹੁਣ ਗੁਰੂ ਹਰਿਕ੍ਰਿਸ਼ਨ ਇੰਸਟੀਚਿਊਟ ਆਫ ਮੈਡੀਕਲ ਸਾਇੰਸ਼ਿਜ਼ ਵਿਖੇ ਓ ਪੀ ਡੀ ਸੇਵਾਵਾਂ ਸ਼ੁਰੂ ਕਰਨ ਦੀ ਤਿਆਰੀ ਕਰ ਲਈ ਹੈ ਅਤੇ 5 ਮਈ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕਰ ਕੇ ਕੀਰਤਨ ਅਤੇ ਅਰਦਾਸ ਕਰਨ ਉਪਰੰਤ ਸੇਵਾਵਾਂ ਸ਼ੁਰੂ ਕੀਤੀਆਂ ਜਾਣਗੀਆਂ। ਉਹਨਾਂ ਇਹ ਵੀ ਦੱਸਿਆ ਕਿ ਹਸਪਤਾਲ ਵਿਚ ਅਤਿ ਆਧੁਨਿਕ ਮਸ਼ੀਨਰੀ ਲਗਾਈ ਜਾ ਰਹੀ ਹੈ ਜਿਸ ਨਾਲ ਵੱਖ-ਵੱਖ ਬਿਮਾਰੀਆਂ ਦੇ ਇਲਾਜ ਦੀ ਸਹੂਲਤ ਮਿਲੇਗੀ ਅਤੇ ਇਸ ਹਸਪਤਾਲ ਵਿਚ ਪ੍ਰੋਫੈਸ਼ਨਲ ਡਾਕਟਰ ਆਪਣੀਆਂ ਸੇਵਾਵਾਂ ਨਿਭਾਉਣਗੇ। ਉਹਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਬਾਲਾ ਸਾਹਿਬ ਹਸਪਤਾਲ ਵਿਚ ਮੁਫਤ ਡਾਇਲਸਿਸ ਦੀ ਸੇਵਾ ਚਲ ਰਹੀ ਹੈ ਤੇ ਹੁਣ ਤੱਕ 75 ਹਜ਼ਾਰ ਲੋਕ ਸੇਵਾਵਾਂ ਦਾ ਲਾਭ ਲੈ ਚੁੱਕੇ ਹਨ। ਉਹਨਾਂ ਦੱਸਿਆ ਕਿ ਇਸੇ ਤਰੀਕੇ ਅਣਗਿਣਤ ਮਰੀਜ਼ ਗੁਰਦੁਆਰਾ ਬੰਗਲਾ ਸਾਹਿਬ ਵਿਚ ਚਲ ਮੈਡੀਕਲ ਸੈਂਟਰ ਵਿਚ 50 ਰੁਪਏ ਵਿਚ ਐਮ ਆਰ ਆਈ ਤੇ ਸੀ ਟੀ ਸਕੈਨ ਕਰਵਾ ਚੁੱਕੇ ਹਨ।ਇਸ ਮੌਕੇ ਉਹਨਾਂ ਇਹ ਵੀ ਦੱਸਿਆ ਕਿ ਇਸ ਵਾਰ ਦਿੱਲੀ ਫਤਿਹ ਦਿਵਸ 27 ਅਤੇ 28 ਅਪ੍ਰੈਲ ਨੂੰ ਲਾਲ ਕਿਲ੍ਹੇ ’ਤੇ ਮਨਾਇਆ ਜਾ ਰਿਹਾ ਹੈ ਜਿਸਦੇ ਪਹਿਲੇ ਦਿਨ ਕੀਰਤਨ ਦਰਬਾਰ ਹੋਵੇਗਾ ਤੇ ਅਗਲੇ ਦਿਨ ਗੁਰੂ ਕੀਆਂ ਲਾਡਲੀਆਂ ਫੌਜਾਂ ਆਪਣਾ ਜੌਹਰ ਵਿਖਾਉਣਗੀਆਂ। ਸਮਾਗਮ ਵਾਸਤੇ ਸਾਰੇ ਪੰਜਾਂ ਤਖ਼ਤਾਂ ਦੇ ਜਥੇਦਾਰ ਸਾਹਿਬਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਸਮੂਹ ਪੰਥਕ ਸੰਸਥਾਵਾਂ ਨੂੰ ਸੱਦਾ ਪੱਤਰ ਭੇਜੇ ਜਾ ਰਹੇ ਹਨ। ਸਵਾਲਾਂ ਦੇ ਜਵਾਬ ਦਿੰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਇਹ ਵੀ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਆਮ ਚੋਣਾਂ ਵਿਚ ਸਿੱਖ ਮਸਲੇ ਹੱਲ ਕਰਨ ਵਾਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਹਮਾਇਤ ਦਾ ਐਲਾਨ ਕਰਨ ਦਾ ਮਨ ਬਣਾ ਚੁੱਕਾ ਹੈ ਜਿਸਦਾ ਰਸਮੀ ਐਲਾਨ ਅਗਲੇ ਹਫਤੇ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜਿਥੇ ਕਰਤਾਰਪੁਰ ਸਾਹਿਬ ਲਾਂਘੇ ਦੀ ਸਥਾਪਨਾ ਕੀਤੀ, ਛੋਟੇ ਸਾਹਿਬਜ਼ਾਦਿਆਂ ਦੀ ਯਾਦ ਵਿਚ ਵੀਰ ਬਾਲ ਦਿਵਸ ਮਨਾਉਣ ਦੀ ਸ਼ੁਰੂਆਤ ਕੀਤੀ, 1984 ਦੇ ਕਾਤਲਾਂ ਨੂੰ ਸਲਾਖਾਂ ਪਿੱਛੇ ਭੇਜਿਆ, ਉਥੇ ਹੀ ਹੋਰ ਸਿੱਖ ਮਸਲੇ ਵੀ ਵੱਡੀ ਪੱਧਰ ’ਤੇ ਹੱਲ ਕੀਤੇ ਹਨ ਜੋ ਅੱਜ ਤੱਕ ਕਿਸੇ ਨੇ ਨਹੀਂ ਹੱਲ ਕੀਤੇ ਸਨ। ਇਸ ਮੌਕੇ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰ ਵੱਡੀ ਗਿਣਤੀ ਵਿਚ ਹਾਜ਼ਰ ਸਨ।

## ਗੁਰਬਾਜ਼ ਸਿੰਘ ਸਿੱਧੂ ਨੇ ਸੁਖਪਾਲ ਖਹਿਰਾ ਦੇ ਨਜ਼ਦੀਕੀ ਕਸ਼ਮੀਰ ਸਿੰਘ ਸੰਗਤ ਨਾਲ ਕੀਤੀ ਮੁਲਾਕਾਤ



ਤਲਵੰਡੀ ਸਾਬੋ, 19 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸੀ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਦੇ ਸਪੁੱਤਰ ਗੁਰਬਾਜ਼ ਸਿੰਘ ਸਿੱਧੂ ਨੇ ਹਲਕਾ ਤਲਵੰਡੀ ਸਾਬੋ ’ਚ ਚੋਣ ਪ੍ਰਚਾਰ ਦੌਰਾਨ ਅੱਜ ਸੀਨੀਅਰ ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ ਦੇ ਨਜ਼ਦੀਕੀ ਸਾਥੀ ਕਸ਼ਮੀਰ ਸਿੰਘ ਸੰਗਤ ਨਾਲ ਉਨਾਂ ਦੇ ਗ੍ਰਹਿ ਵਿਖੇ ਮੁਲਾਕਾਤ ਕਰ ਚੋਣਾਂ ਸਬੰਧੀ ਰਣਨੀਤੀ ਤੇ ਵੀਚਾਰ ਵਟਾਂਦਰਾ ਕੀਤਾ। ਟੀਮ ਸਿੱਧੂ ਵੱਲੋਂ ਮੁਹੱਈਆ ਜਾਣਕਾਰੀ ਅਨੁਸਾਰ ਅੱਜ ਗੁਰਬਾਜ਼ ਸਿੰਘ ਸਿੱਧੂ ਨੇ ਕਸ਼ਮੀਰ ਸਿੰਘ ਸੰਗਤ ਦੇ ਘਰ ਪੁੱਜ ਕੇ ਮੁਲਾਕਾਤ ਕਰਦਿਆਂ ਲੋਕ ਸਭਾ ਚੋਣਾਂ ’ਚ ਸਾਥ ਦੇਣ ਦੀ ਅਪੀਲ ਕੀਤੀ।ਦੱਸਣਾ ਬਣਦਾ ਹੈ ਕਿ ਬੀਤੇ ਸਮੇਂ ’ਚ ਜਦੋਂ ਸੁਖਪਾਲ ਸਿੰਘ ਖਹਿਰਾ ਨੇ ਪੰਜਾਬ ਏਕਤਾ ਪਾਰਟੀ ਬਣਾਈ ਸੀ ਤਾਂ ਕਸ਼ਮੀਰ ਸਿੰਘ ਸੰਗਤ ਉਸ ਪਾਰਟੀ ਦੇ ਤਲਵੰਡੀ ਸਾਬੋ ਤੋਂ ਹਲਕਾ ਇੰਚਾਰਜ ਵੀ ਰਹਿ ਚੁੱਕੇ ਹਨ ਅਤੇ ਖਹਿਰਾ ਵੱਲੋਂ ਪਿਛਲੇ ਸਮਿਆਂ ’ਚ ਕਾਂਗਰਸ ’ਚ ਸ਼ਾਮਿਲ ਹੋਣ ਦੇ ਨਾਲ ਉਹ ਵੀ ਕਾਂਗਰਸ ਨਾਲ ਜੁੜ ਗਏ ਸਨ।ਟੀਮ ਸਿੱਧੂ ਨੇ ਦਾਅਵਾ ਕੀਤਾ ਕਿ ਕਸ਼ਮੀਰ ਸਿੰਘ ਨੇ ਕਾਂਗਰਸੀ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਦੀ ਚੋਣ ਮੁਹਿੰਮ ’ਚ ਹਰ ਪੱਖੋਂ ਯੋਗਦਾਨ ਦੇਣ ਦਾ ਯਕੀਨ ਦਵਾਇਆ ਹੈ। ਇਸ ਮੁਲਾਕਾਤ ਸਮੇਂ ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਸੀ.ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਗੁਰਵਿੰਦਰ ਸਿੰਘ ਚੀਨੂੰ, ਲਖਵੀਰ ਸਿੰਘ ਲੱਕੀ ਸੰਗਤ, ਬੰਤ ਸਿੰਘ ਪੰਚ, ਕ੍ਰਿਸ਼ਨ ਯਾਦਵ, ਹਰਪਾਲ ਗਾਟਵਾਲੀ, ਦਰਸ਼ਨ ਗਿੱਲ ਆਦਿ ਤੋਂ ਇਲਾਵਾ ਕਸ਼ਮੀਰ ਸਿੰਘ ਸੰਗਤ ਦੀ ਟੀਮ ਮੌਜੂਦ ਰਹੀ।

## ਜਥੇਦਾਰ ਪ੍ਰੇਮ ਸਿੰਘ ਜੀ ਦੇ ਸ਼ਰਧਾਂਜਲੀ ਸਮਾਗਮ ਵਿੱਚ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਭਰੀ ਗਈ ਹਾਜ਼ਰੀ





ਤਰਨਤਾਰਨ, 19 ਅਪ੍ਰੈਲ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਡਾਕਟਰ ਦਵਿੰਦਰ ਸਿੰਘ ਲਵਲੀ ਵਾਂ ਬਾਬਾ ਤਾਰਾ ਸਿੰਘ ਬਲਾਕ ਪ੍ਰਧਾਨ ਵਲਟੋਹਾ ਅਤੇ ਸ੍ਰ ਗੁਜਵਿੰਦਰ ਸਿੰਘ ਜੀ ਦੇ ਸਤਿਕਾਰਯੋਗ ਪਿਤਾ ਜੀ ਜਥੇਦਾਰ ਪ੍ਰੇਮ ਸਿੰਘ ਜੀ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ ਉਨਾਂ ਦੇ ਨਮਿੱਤ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਗੁਰਦੁਆਰਾ ਧੰਨ ਧੰਨ ਬਾਬਾ ਤਾਰਾ ਸਿੰਘ ਜੀ ਵਾਂ ਵਿਖੇ ਸਰਧਾਜਲੀ ਸਮਾਗਮ ਹੋਇਆ ਗੁਰੂ ਕੀ ਬਾਣੀ ਦਾ ਮਨੋਹਰ ਕੀਰਤਨ ਹੋਇਆ । ਵੱਖ-ਵੱਖ ਆਏ ਬੁਲਾਰਿਆਂ ਨੇ ਆਪਣੀ ਹਾਜਰੀ ਭਰੀ। ਜਿਸ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਹਾਜ਼ਰੀ ਭਰੀ ਅਤੇ ਬੋਲਦਿਆਂ ਦੱਸਿਆ ਕਿ ਜਥੇਦਾਰ ਪ੍ਰੇਮ ਸਿੰਘ ਜੀ ਬਹੁਤ ਹੀ ਮਿੱਠ ਬੋਲੜੇ ਅਤੇ ਸੂਝਵਾਨ ਨਿਤਨੇਮ ਦੇ ਧਾਰਨੀ ਹਰ ਇੱਕ ਦਾ ਦਿਲੋਂ ਪ੍ਰੇਮ ਅਤੇ ਜਥੇਬੰਦੀ ਵਿੱਚ ਵੱਧ ਚੜ ਕੇ ਸੇਵਾ ਕਰਦੇ ਸਨ। ਡਾ ਦਵਿੰਦਰ ਸਿੰਘ ਜੀ ਵੱਲੋਂ ਸਮੂਹ ਪਹੁੰਚੇ ਪਤਵੰਤੇ ਅਤੇ ਹਾਜਰ ਹੋਈਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਜੀ ਆਇਆ ਕਿਹਾ।ਭਾਈ ਹਰਜਿੰਦਰ ਸਿੰਘ ਜੀ ਵਾਂ ਕਬੀਰ ਹੈੱਡ ਗ੍ਰੰਥੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਗਈ। ਗੁਰਦੁਆਰਾ ਬਾਬਾ ਤਾਰਾ ਸਿੰਘ ਜੀ ਵਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਜਥੇਦਾਰ ਪ੍ਰੇਮ ਸਿੰਘ ਜੀ ਦੇ ਸਪੁੱਤਰ ਡਾ ਦਵਿੰਦਰ ਸਿੰਘ ਜੀ ਨੂੰ ਸਿਰਪਾਓ ਦਿੱਤਾ ਗਿਆ ।ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰ ਜਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਮੀਤ ਪ੍ਰਧਾਨ ਤਰਨਤਾਰਨ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜਿਲਾ ਪ੍ਰਧਾਨ ਤਰਨਤਾਰਨ, ਸ੍ਰ ਕਸ਼ਮੀਰ ਸਿੰਘ ਜੀ ਸਾਬਕਾ ਸਰਪੰਚ ਬਲਾਕ ਪ੍ਰਧਾਨ ਵਲਟੋਹਾ, ਡਾ ਦਵਿੰਦਰ ਸਿੰਘ ਲਵਲੀ ਬਲਾਕ ਪ੍ਰਧਾਨ ਵਲਟੋਹਾ ਕਿਸਾਨ ਵਿੰਗ ਅਤੇ ਇਸ ਤੋਂ ਇਲਾਵਾ ਸ੍ਰ ਵਿਰਸਾ ਸਿੰਘ ਵਲਟੋਹਾ, ਭਾਈ ਗੁਰਬਚਨ ਸਿੰਘ ਕਲਸੀਆਂ ਪ੍ਰਚਾਰਕ ਸ਼੍ਰੋਮਣੀ ਕਮੇਟੀ, ਭਾਈ ਹਰਜਿੰਦਰ ਸਿੰਘ ਜੀ ਵਾਂ ਕਬੀਰ ਹੈੱਡ ਗ੍ਰੰਥੀ, ਭਾਈ ਗੁਰਦੇਵ ਸਿੰਘ ਜੀ, ਸ੍ਰ ਨਿਰਮਲ ਸਿੰਘ ਸਰਪੰਚ ਰਾਜੋਕੇ, ਸ੍ਰ ਪਰਮਿੰਦਰ ਸਿੰਘ ਸਰਪੰਚ, ਹਰਵਿੰਦਰ ਸਿੰਘ,ਕਾਰਜ ਸਿੰਘ, ਬਲਵਿੰਦਰ ਸਿੰਘ, ਸਤਿੰਦਰ ਸਿੰਘ ਅਤੇ ਹੋਰ ਬੇਅੰਤ ਪਤਵੰਤੇ ਹਾਜਰ ਸਨ।

# ਇੱਕ ਨਜ਼ਰ



## ਦਸਵੀਂ ਜਮਾਤ ਵਿੱਚੋਂ 619 ਨੰਬਰ ਪ੍ਰਾਪਤ ਕਰਕੇ ਅਨਮੋਲਦੀਪ ਕੌਰ ਤਰਸਿੱਕਾ ਨੇ ਇਲਾਕੇ ਦਾ ਨਾਮ ਰੌਸ਼ਨ ਕੀਤਾ

ਚੌਂਕ ਮਹਿਤਾ,19 ਮਾਰਚ(ਬਾਬਾ ਸੁਖਵੰਤ ਸਿੰਘ ਚੰਨਣਕੇ)-ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਦਸਵੀਂ ਜਮਾਤ ਦੀਆਂ ਪ੍ਰੀਖਿਆਵਾਂ ਵਿੱਚੋਂ 619 ਨੰਬਰ ਪ੍ਰਾਪਤ ਕਰਕੇ ਅਨਮੋਲਦੀਪ ਕੌਰ ਤਰਸਿੱਕਾ ਨੇ ਇਲਾਕੇ ਦਾ ਨਾਮ ਰੌਸ਼ਨ ਕੀਤਾ,ਇਸ ਸਮੇਂ ਅਨਮੋਲਦੀਪ ਕੌਰ ਤਰਸਿੱਕਾ ਦਾ ਮੂੰਹ ਮਿੱਠਾ ਕਰਵਾਉਂਦਿਆਂ ਉਸ ਦੇ ਮਾਤਾ ਪਿਤਾ ਕਵਲਜੀਤ ਕੌਰ ਤਰਸਿੱਕਾ ਤੇ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਤੇ ਨੇ ਕਿਹਾ ਕਿ ਇਹ ਸਾਡੇ ਇਲਾਕੇ ਤੇ ਧੀਆਂ ਲਈ ਬੜੀ ਮਾਣ ਵਾਲੀ ਗੱਲ ਹੈ,ਇਸ ਗੱਲ ਦਾ ਸਿਹਰਾ ਪਵਿੱਤਰ ਸੀਨੀਅਰ ਸੈਕੰਡਰੀ ਸਕੂਲ ਜੇਠੂਵਾਲ ਤੇ ਸਾਡੇ ਸਤਿਕਾਰਯੋਗ ਵੀਰ ਪ੍ਰਿੰਸੀਪਲ ਹਰਭਜਨ ਸਿੰਘ ਜੇਠੂਵਾਲ ਤੇ ਜਸਪ੍ਰੀਤ ਸਿੰਘ ਆਦਿ ਨੂੰ ਵੀ ਜਾਂਦਾ ਹੈ,ਇਸ ਸਮੇਂ ਅਨਮੋਲਜੀਤ ਸਿੰਘ ਤਰਸਿੱਕਾ ਵੀ ਹਾਜ਼ਿਰ ਸਨ।

## ਗੁਰੂ ਬਾਜ਼ਾਰ ਅੰਮ੍ਰਿਤਸਰ ਐਸੋਸੀਏਸ਼ਨ ਵੱਲੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ ਸਮਰਥਨ ਦਾ ਐਲਾਨ

### ਕਾਰੋਬਾਰੀਆਂ ਦੇ ਮਸਲੇ ਪਹਿਲ ਦੇ ਅਧਾਰ ’ਤੇ ਹੱਲ ਕੀਤੇ ਜਾਣਗੇ: ਤਰਨਜੀਤ ਸਿੰਘ ਸੰਧੂ



ਅੰਮ੍ਰਿਤਸਰ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ ਵਿੱਚ ਭਾਰਤ ਦੇ ਰਹੇ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਚੋਣ ਮੁਹਿੰਮ ਨੂੰ ਸਮਰਥਨ ਦਿੰਦਿਆਂ ਗੁਰੂ ਬਾਜ਼ਾਰ ਅੰਮ੍ਰਿਤਸਰ ਐਸੋਸੀਏਸ਼ਨ ਦੇ ਆਗੂਆਂ ਮਸ਼ਹੂਰ ਜਿਊਲਰ ਜੈਪੁਰ ਜੈਮਸ ਦੇ ਯੋਗੇਸ਼ ਅਗਰਵਾਲ, ਮਾਮਾ ਜੌਹਰੀ ਐਂਡ ਸੰਨਸ,ਸੁਨੀਲ ਅਗਰਵਾਲ,ਬਸੰਤ ਅਗਰਵਾਲ, ਰਾਮ ਚਾਵਲਾ, ਦੀਪਕ ਅਗਰਵਾਲ, ਰਿਸ਼ਭ ਹੀਰੇ, ਪਾਰਸ ਹਾਂਡਾ, ਅਨਿਲ ਹਾਂਡਾ, ਗੌਤਮ ਉਮਤ, ਅਨੁਜ ਭੰਡਾਰੀ, ਵਿਸ਼ਾਲ ਸਹੂਰ, ਅਮਿਤ ਬੱਬਰ, ਯੋਗੇਸ਼ ਕਪੂਰ, ਨਿਖਿਲ ਰਤਨ ਨੇ ਸ. ਸੰਧੂ ਦਾ ਡਟ ਕੇ ਸਮਰਥਨ ਦੇਣ ਦਾ ਭਰੋਸਾ ਦਿੱਤਾ। ਇਕ ਮੁਲਾਕਾਤ ਦੌਰਾਨ ਕਾਰੋਬਾਰੀਆਂ ਨੇ ਆਪਣੀਆਂ ਸਮੱਸਿਆਵਾਂ ਤੋਂ ਸੰਧੂ ਨੂੰ ਜਾਣੂ ਕਰਾਇਆ, ਜਿਸ ’ਤੇ ਸੰਧੂ ਨੇ ਕਾਰੋਬਾਰੀਆਂ ਤੇ ਵਪਾਰੀਆਂ ਦੇ ਮਸਲੇ ਪਹਿਲ ਦੇ ਅਧਾਰ ’ਤੇ ਹੱਲ ਕੀਤੇ ਜਾਣਦਾ ਭਰੋਸਾ ਦਿੱਤਾ। ਸ. ਸੰਧੂ ਨੇ ਕਿਹਾ ਕਿ ਇੱਕ ਪਾਸੇ ਭਾਜਪਾ ਸਰਕਾਰ ਨੇ ਬੁਨਿਆਦੀ ਢਾਂਚੇ ਦੇ ਨਿਰਮਾਣ ਰਾਹੀਂ ਵੱਡੀ ਗਿਣਤੀ ਵਿੱਚ ਨੌਕਰੀਆਂ ਪੈਦਾ ਕਰਨ ਦੀ ਗੱਲ ਕੀਤੀ ਹੈ ਅਤੇ ਹੁਣ ਭਾਜਪਾ ਵੱਲੋਂ ਅੰਮ੍ਰਿਤਸਰ ਵਿਚ ਵੀ ਸਟਾਰਟਅੱਪ ਅਤੇ ਗਲੋਬਲ ਸੈਂਟਰਾਂ ਨੂੰ ਉਤਸ਼ਾਹਿਤ ਕਰਕੇ ਉੱਚ-ਮੁੱਲ ਵਾਲੀ ਸੇਵਾ ’ਤੇ ਜ਼ੋਰ ਦੇਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ’ਚ ਭਾਰਤ ਇੱਕ ਵਿਕਸਤ ਭਾਰਤ ਦੇ ਰੂਪ ’ਚ ਸਾਹਮਣੇ ਆਵੇਗਾ। ਉਨ੍ਹਾਂ ਕਿਹਾ ਕਿ ਅਸੀਂ ਬਹੁਤ ਸਾਰੇ ਬੁਨਿਆਦੀ ਢਾਂਚੇ ਦੇ ਨਿਰਮਾਣ ਦੁਆਰਾ ਵੱਡੀ ਗਿਣਤੀ ਵਿੱਚ ਨੌਕਰੀਆਂ ਪੈਦਾ ਕਰਨ ਦੀ ਕੋਸ਼ਿਸ਼ ਕਰਾਂਗੇ। ਅਸੀਂ ਸਟਾਰਟਅੱਪ ਅਤੇ ਗਲੋਬਲ ਸੈਂਟਰਾਂ ਨੂੰ ਉਤਸ਼ਾਹਿਤ ਕਰਕੇ ਉੱਚ ਮੁੱਲ ਵਾਲੀਆਂ ਸੇਵਾਵਾਂ ’ਤੇ ਵੀ ਧਿਆਨ ਕੇਂਦਰਿਤ ਕਰਨ ਜਾ ਰਹੇ ਹਾਂ। ਉਨ੍ਹਾਂ ਕਿਹਾ ਕਿ ਭਾਰਤ’ਚ ਜੋ ਵਿਕਾਸ ਹੋ ਰਿਹਾ ਹੈ ਉਹ ਅੰਮ੍ਰਿਤਸਰ ਵਿਚ ਵੀ ਹੋਵੇਗਾ। ਉਨ੍ਹਾਂ ਅੰਮ੍ਰਿਤਸਰ ਦੇ ਵਿਕਾਸ ਲਈ ਭਾਜਪਾ ਨੂੰ ਵੋਟ ਦੇਣ ਅਤੇ ਕਮਲ ਦੇ ਫੁੱਲ ’ਤੇ ਮੋਹਰਾਂ ਲਾਉਣ ਦੀ ਅਪੀਲ ਕੀਤੀ ਹੈ।

# ਲੋਕ ਸਭਾ ਚੋਣਾਂ ਨੂੰ ਲੈਕੇ ਅਖਾੜਾ ਭਖਿਆ ਪਰ ਵੋਟਰ ਹਾੜੀ ਦੇ ਕੰਮਾਂ ਵਿੱਚ ਵਿਅਸਥ

**ਆਪਣੇ ਰੁੱਸਿਆ ਨੂੰ ਮਨਾਉਣ ਤੋਂ ਲੈਕੇ ਸਿਆਸੀ ਜ਼ਮੀਨ ਸਿਰਜਣ ਲਈ ਜੂਝ ਰਹੇ ਹਨ ਕਈ ਉਮੀਦਵਾਰ • ਇਸ ਕਰਕੇ ਵੀ ਉਹਨਾਂ ਨੂੰ ਆਪਣੀ ਨਿੱਜੀ ਕਈ ਹਜਾਰ ਵੋਟ ਤੋਂ ਸੱਖਣੇ ਰਹਿਣਾ ਪਵੇਗਾ ਖ਼ਾਲਿਸਤਾਨ ਦੀ ਸਿਆਸਤ ਕਰਨ ਵਾਲੇ ਬਜ਼ੁਰਗ...**



ਦਿੜਬਾ ਮੰਡੀ, ਨਕੋਦਰ ਮਹਿਤਪੁਰ, 19 ਅਪ੍ਰੈਲ (ਹਰਜਿੰਦਰ ਪਾਲ ਛਾਬੜਾ)- ਲੋਕ ਸਭਾ ਚੋਣਾਂ ਨੂੰ ਲੈਕੇ ਸਜੇ ਮੈਦਾਨ ਅੰਦਰ ਮੌਜੂਦਾ ਹੁਕਮਰਾਨ ਆਮ ਆਦਮੀ ਪਾਰਟੀ, ਕਾਂਗਰਸ, ਸ੍ਰੋਮਣੀ ਅਕਾਲੀ ਦਲ ਬਾਦਲ, ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਬਸਪਾ , ਆਜ਼ਾਦ ਉਮੀਦਵਾਰ ਵੋਟਰਾਂ ਦੇ ਬੂਹੇ ਤੇ ਦਸਤਕ ਦੇਣ ਜਾ ਰਹੇ ਹਨ। ਪਰ ਦੇਸ਼ ਦੀ ਸੱਤਾ ਦੇ ਕਾਬਜ ਭਾਜਪਾ ਨੇ ਸੰਗਰੂਰ ਲੋਕ ਸਭਾ ਤੋਂ ਆਪਣਾ ਉਮੀਦਵਾਰ ਐਲਾਨ ਨਹੀਂ ਕੀਤਾ।ਜ਼ਿਮਨੀ ਚੋਣਾਂ ਵਿੱਚ ਕਸਮਕਸ ਮੁਕਾਬਲੇ ਵਿਚ ਥੋੜੇ ਫਰਕ ਨਾਲ ਜੇਤੂ ਰਹੇ ਮੌਜੂਦਾ ਪਾਰਲੀਮੈਂਟ ਮੈਂਬਰ ਸ੍ਰ ਸਿਮਰਨਜੀਤ ਸਿੰਘ ਮਾਨ ਦੁਬਾਰਾ ਅਖਾੜੇ ਵਿੱਚ ਹਨ। ਜਦਕਿ ਕਾਂਗਰਸ ਨੇ ਵੀ ਉਹਨਾਂ ਵਰਗੀ ਹੀ ਵਿਚਾਰਧਾਰਾ ਰੱਖਣ ਵਾਲੇ ਬੇਬਾਕ ਬੁਲਾਰੇ ਸ੍ਰ ਸੁਖਪਾਲ ਸਿੰਘ ਖਹਿਰਾ ਨੂੰ ਦੁਆਬਾ ਤੋਂ ਲਿਆ ਕੇ ਸੀਪ ਲਾਉਣ ਦੀ ਕੋਸ਼ਿਸ਼ ਕੀਤੀ ਹੈ।ਸ੍ਰੋਮਣੀ ਅਕਾਲੀ ਦਲ ਬਾਦਲ ਨੇ ਸਾਬਕਾ ਵਿਧਾਇਕ ਸ੍ਰ ਇਕਬਾਲ ਸਿੰਘ ਝੂੰਦਾ ਨੂੰ ਵੋਟਰਾਂ ਦੀ ਤਕੜੀ ਵਿਚ ਤੋਲਣ ਲਈ ਉਤਾਰ ਦਿੱਤਾ। ਪਿਛਲੀ ਅੱਧੀ ਸਦੀ ਤੋਂ ਦਲਿਤ ਸਮਾਜ ਨੂੰ ਸਿਆਸੀ ਧੁਰਾ ਬਣਾ ਕੇ ਹਾਥੀ ਤੇ ਸਵਾਰ ਬਸਪਾ ਵੱਲੋਂ ਡਾ ਮੱਖਣ ਸਿੰਘ ਨੂੰ ਕੰਮੀਆਂ ਦੇ ਵਿਹੜੇ ਦਾ ਸੂਰਜ ਬਣਾ ਕੇ ਭੇਜਿਆ ਹੈ। ਕਾਂਗਰਸ ਸਰਕਾਰ ਸਮੇਂ ਨੌਕਰੀ ਤੋਂ ਬਰਖਾਸਤ ਹੋਏ ਸ੍ਰ ਬਲਵਿੰਦਰ ਸਿੰਘ ਸੇਖੋਂ ਆਜ਼ਾਦ ਉਮੀਦਵਾਰ ਵਜੋਂ ਵੱਡੀ ਲਲਕਾਰ ਬਣ ਕੇ ਸਿਆਸਤ ਦੇ ਖਿਡਾਰੀਆਂ ਨੂੰ ਟੱਕਰਨਗੇ।ਇੰਨੀ ਦਿਨੀਂ ਸਿਆਸੀ ਪਾਰਟੀਆਂ ਵਲੋਂ ਸਰਗਰਮੀਆਂ ਤੇਜ਼ ਕਰਕੇ ਚੋਣਾਂ ਦਾ ਬਿਗੁਲ ਵਜਾ ਦਿੱਤਾ ਹੈ। ਪਰ ਲ਼ੋਕ ਹਾੜੀ ਦੀ ਫਸਲ ਦੀ ਕਟਾਈ ਨੂੰ ਲੈਕੇ ਵਿਅਸਥ ਹਨ। ਇਹ ਸੀਜਨ ਅਗਲੀ 10 ਮਈ ਤੱਕ ਮੁੰਕਮਲ ਹੋਣ ਦੀ ਸੰਭਾਵਨਾ ਹੈ।ਅਜਿਹੇ ਵਿਚ ਹੀ ਸ਼੍ਰੋਮਣੀ ਅਕਾਲੀ ਦਲ ਬਾਦਲ ਲਈ ਵੱਡੀ ਚੁਣੌਤੀ ਫਿਲਹਾਲ ਸ੍ਰ ਪ੍ਰਮਿੰਦਰ ਸਿੰਘ ਢੀਂਡਸਾ ਧੜੇ ਦੀ ਹੈ। ਜਿਨ੍ਹਾਂ ਦੇ ਵਰਕਰਾਂ ਵੱਲੋ ਸੋਸ਼ਲ ਮੀਡੀਆ ਦੇ ਜਰੀਏ ਆਪਣੇ ਵਲਵਲੇ ਜਾਹਿਰ ਕੀਤੇ ਜਾ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਸ੍ਰ ਇਕਬਾਲ ਸਿੰਘ ਝੂੰਦਾ ਨੂੰ ਆਪਣਾ ਉਮੀਦਵਾਰ ਬਣਾ ਕੇ ਵੋਟਰਾਂ ਦੀ ਤਿੱਕੜੀ ਵਿਚ ਉਤਰਨ ਲਈ ਭੇਜਿਆ ਹੈ। ਪਰ ਉਹ ਆਪ ਲੋਕ ਸਭਾ ਹਲਕਾ ਸ੍ਰੀ ਫਤਹਿਗੜ੍ਹ ਸਾਹਿਬ ਨਾਲ ਸਬੰਧਤ ਹਨ ਜਿਨ੍ਹਾਂ ਦਾ ਆਪਣਾ ਨਿੱਜੀ ਹਲਕਾ ਅਮਰਗੜ੍ਹ ਸੰਗਰੂਰ ਪਾਰਲੀਮੈਂਟ ਦਾ ਹਿੱਸਾ ਨਹੀਂ ਹੈ। ਇਸ ਕਰਕੇ ਵੀ ਉਹਨਾਂ ਨੂੰ ਆਪਣੀ ਨਿੱਜੀ ਕਈ ਹਜਾਰ ਵੋਟ ਤੋਂ ਸੱਖਣੇ ਰਹਿਣਾ ਪਵੇਗਾ।ਖਾਲਿਸਤਾਨ ਦੀ ਸਿਆਸਤ ਕਰਨ ਵਾਲੇ ਬਜ਼ੁਰਗ ਆਗੂ ਸ੍ਰ ਸਿਮਰਨਜੀਤ ਸਿੰਘ ਮਾਨ ਜੋਕਿ ਪਿਛਲੇ ਸਮੇਂ ਵਿੱਚ ਪੰਜਾਬੀ ਗਾਇਕ ਸਿੱਧੂ ਮੂਸੇਵਾਲ਼ਾ ਅਤੇ ਦੀਪ ਸਿੱਧੂ ਦੀ ਬੇਵਕਤੀ ਮੌਤ ਕਾਰਣ ਆਪ ਸਰਕਾਰ ਨਾਲ ਨਾਰਾਜ ਵੋਟ ਬੈਂਕ ਨੂੰ ਖਿੱਚਣ ਵਿਚ ਸਫ਼ਲ ਰਹੇ ਸਨ। ਉਹਨਾਂ ਭਾਈ ਅਮ੍ਰਿਤਪਾਲ ਸਿੰਘ, ਹਰਦੀਪ ਸਿੰਘ ਨਿੱਝਰ, ਅਮਰੀਕ ਸਿੰਘ ਖੰਡਾ ਵਰਗੇ ਨੌਜਵਾਨਾਂ ਦੀ ਗੱਲ ਵੀ ਚੁੱਕੀ ਹੈ ਪਰ ਵੋਟਰਾਂ ਵਿਚ ਇਸਦਾ ਕੀ ਪ੍ਰਭਾਵ ਹੈ ਇਹ ਦੇਖਣਾ ਹੋਵੇਂਗਾ।ਐਤਕੀ ਸੁਖਪਾਲ ਸਿੰਘ ਖਹਿਰਾ ਨਾਲ ਸੈਮੀ ਫਾਈਨਲ ਵਿੱਚ ਸਰੇਆਮ ਭਿੜਦੇ ਦਿਖਾਈ ਦਿੰਦੇ ਹਨ। ਜੇਕਰ ਬਾਗੀ ਤਬੀਅਤ ਵਾਲੀ ਵੋਟ ਖਹਿਰਾ ਖਿੱਚਣ ਵਿਚ ਕਾਮਯਾਬ ਹੋ ਗਏ ਤਾਂ ਮਾਨ ਲਈ ਦਿੱਲੀ ਦੂਰ ਹੋ ਸਕਦੀ ਹੈ।ਕਾਂਗਰਸ ਨੂੰ ਪੰਜਾਬ ਦੀ ਸੱਤਾ ਵਿਚ ਵਾਪਸੀ ਲਈ ਬੇਸ਼ੱਕ ਹਰ ਹਲਕੇ ਵਿੱਚ ਚੰਗੇ ਉਮੀਦਵਾਰਾਂ ਦੀ ਅਗਵਾਈ ਮਿਲੀ ਹੈ। ਪਰ ਪਾਰਟੀ ਦੀ ਅੰਦਰੂਨੀ ਫੁੱਟ ਵੀ ਜੱਗ ਜ਼ਾਹਿਰ ਹੈ। ਖਹਿਰਾ ਹਲਕਾ ਸੰਗਰੂਰ ਚ ਵੋਟਰਾਂ ਨੂੰ ਮਿਲਣ ਤੋਂ ਪਹਿਲਾਂ ਆਪਣੀਆਂ ਨੂੰ ਵਿਸਵਾਸ ਚ ਲੈਕੇ ਚੱਲਣ ਦੀ ਕੋਸਿਸ ਕਰਦੇ ਨਜ਼ਰ ਆ ਰਹੇ ਹਨ। ਕਾਂਗਰਸ ਦੇ ਹਰ ਹਲਕੇ ਵਿੱਚ ਦੋ ਜਾ ਇਸ ਤੋਂ ਵੱਧ ਧੜੇ ਹਨ ਜੋ ਇੱਕ ਦੂਜੇ ਨੂੰ ਵਿਰੋਧੀਆਂ ਵਾਂਗ ਟੱਕਰਦੇ ਹਨ।ਅਜਿਹੇ ਵਿਚ ਹੀ ਕਾਂਗਰਸ ਕਈ ਵਾਰੀ ਪਛੜਦੀ ਨਜਰ ਆਈ ਹੈ।ਮੌਜੂਦਾ ਸਰਕਾਰ ਦੇ ਵਲੋ ਨੌਜਵਾਨ ਖੇਡ ਮੰਤਰੀ ਸ੍ਰ ਗੁਰਮੀਤ ਸਿੰਘ ਹੇਅਰ (ਮੀਤ ਹੇਅਰ) ਨੂੰ ਮੈਦਾਨ ਵਿਚ ਉਤਾਰਨ ਨਾਲ ਮੁਕਾਬਲਾ ਸਖ਼ਤ ਬਣ ਗਿਆ ਹੈ। ਖੇਡ ਮੰਤਰੀ ਮੀਤ ਹੇਅਰ ਨੇ ਬੇਸ਼ਕ ਪੰਜਾਬ ਦੀ ਖੇਡ ਨੀਤੀ ਵਿਚ ਵੱਡੇ ਸੁਧਾਰ ਕੀਤੇ ਹਨ। ਪਰ ਕਬੱਡੀ ਖੇਡ ਜਗਤ ਉਹਨਾਂ ਨਾਲ ਇੱਕ ਦੋ ਘਟਨਾਵਾਂ ਨੂੰ ਇਨਸਾਫ ਦੀ ਰੌਸ਼ਨੀ ਤੱਕ ਨਾ ਲੈਕੇ ਜਾਣ ਕਾਰਣ ਨਾਰਾਜ ਵੀ ਹੈ। ਜਿਵੇਂ ਕਿ ਪ੍ਰਸਿੱਧ ਕਬੱਡੀ ਖਿਡਾਰੀ ਸਵ ਸੰਦੀਪ ਸਿੰਘ ਸੰਧੂ ਨੰਗਲ ਅੰਬੀਆ ਦੀ ਮੌਤ ਬਾਰੇ ਸਰਕਾਰ ਤੇ ਖੇਡ ਵਿਭਾਗ ਪੰਜਾਬ ਨੇ ਕੋਈ ਇਨਸਾਫ ਵੱਲ ਲੋਕਾਂ ਨੂੰ ਯਕੀਨ ਦਿਵਾਉਣ ਵਾਲਾ ਕਦਮ ਨਹੀਂ ਪੁੱਟਿਆ। ਜਲੰਧਰ ਚੋਣ ਸਮੇਂ ਪਰਿਵਾਰ ਨੂੰ ਵਿਸਵਾਸ ਲੈਕੇ ਸਿਰਫ ਸਿਆਸਤ ਹੀ ਖੇਡੀ ਗਈ ਹੈ। ਬਰਨਾਲਾ ਜ਼ਿਲ੍ਹੇ ਨਾਲ ਸਬੰਧਤ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਪੰਮਾ ਠੀਕਰੀਵਾਲ, ਰਾਜਾ ਰਾਏਸਰ, ਮੀਤਾ ਚੀਮਾ ਜੋਧਪੁਰ, ਵਜੀਰਾ ਅਮਲਾ ਸਿੰਘ ਆਦਿ ਨੂੰ ਇਕ ਲੜਾਈ ਦੌਰਾਨ ਪਰਚਿਆਂ ਵਿਚ ਜੇਲ੍ਹ ਸੁੱਟ ਦੇਣ ਨਾਲ ਬਰਨਾਲਾ ਜ਼ਿਲ੍ਹੇ ਦੇ ਕਬੱਡੀ ਪ੍ਰੇਮੀਆਂ ਵਿੱਚ ਕਾਫ਼ੀ ਨਾਰਾਜ਼ਗੀ ਹੈ। ਪਰ ਸੂਬੇ ਵਿਚ ਸਰਕਾਰ ਹੋਣ ਕਾਰਣ ਮੀਤ ਹੇਅਰ ਦੀ ਸਥਿਤੀ ਚੰਗੀ ਬਣੀ ਹੋਈ ਹੈ। ਆਮ ਵਰਕਰਾਂ ਤੋਂ ਦੂਰੀ ਬਣਾ ਚੁੱਕੇ ਆਪ ਲੀਡਰ ਆਮ ਆਦਮੀ ਪਾਰਟੀ ਲਈ ਪਿਛਲੀਆਂ ਚੋਣਾਂ ਦੇ ਮੁਕਾਬਲੇ ਇਸ ਵਾਰ ਸਖ਼ਤ ਚੁਣੌਤੀਆਂ ਦਾ ਸਾਹਮਣਾ ਕਰਨਗੇ।ਆਜ਼ਾਦ ਉਮੀਦਵਾਰ ਸ੍ਰ ਬਲਵਿੰਦਰ ਸਿੰਘ ਸੇਖੋਂ ਸਾਬਕਾ ਡੀ ਐਸ ਪੀ ਪਿਛਲੇ ਕਈ ਮਹੀਨਿਆਂ ਤੋਂ ਬਰਨਾਲਾ ਸੰਗਰੂਰ ਵਿਚ ਸਰਗਰਮ ਹਨ। ਜੋ ਸਰਕਾਰ ਤੇ ਸਿਸਟਮ ਦੀਆਂ ਵਧੀਕੀਆਂ ਦਾ ਖੁੱਲ ਕੇ ਵਿਰੋਧ ਕਰ ਰਹੇ ਹਨ। ਬਾਗੀ ਸੁਰਾਂ ਅਲਾਪਣ ਵਾਲੇ ਲੋਕਾਂ ਦਾ ਹਲਕਾ ਹੋਣ ਕਾਰਣ ਸੇਖੋਂ ਨੇ ਇਸ ਨੂੰ ਚੁਣਿਆ ਹੈ।ਡਾਕਟਰ ਮੱਖਣ ਸਿੰਘ ਨੂੰ ਬਸਪਾ ਨੇ ਆਪਣਾ ਉਮੀਦਵਾਰ ਬਣਾਇਆ ਹੈ। ਪਿਛਲੇ ਸਮੇਂ ਤੋਂ ਅਕਾਲੀ ਦਲ ਬਾਦਲ ਨਾਲ ਗੱਠਜੋੜ ਚ ਰਹੇ ਬਸਪਾ ਇਸ ਵਾਰੀ ਇਕੱਲੇ ਚੋਣ ਲੜ ਰਹੇ ਹਨ। ਹਮੇਸ਼ਾ ਦੀ ਤਰ੍ਹਾਂ ਦਲਿਤ ਸਮਾਜ ਉੱਤੇ ਦਾਅ ਖੇਡਣ ਵਾਲੀ ਬਸਪਾ ਨੂੰ ਦਲਿਤਾਂ ਦਾ ਕਿੰਨਾ ਸਮਰਥਨ ਮਿਲਦਾ ਹੈ। ਇਹ ਦੇਖਣਾ ਬਾਕੀ ਹੈ। ਦਲਿਤ ਸਮਾਜ ਵੀ ਕਈ ਹਿੱਸਿਆ ਵਿਚ ਵੋਟਰ ਦੇ ਤੌਰ ਤੇ ਵੰਡਿਆ ਜਾਣ ਕਾਰਣ ਬਸਪਾ ਨੂੰ ਸੰਗਰੂਰ ਜਾ ਮਾਲਵਾ ਖਿੱਤੇ ਵਿੱਚ ਵਧੇਰੇ ਸਫਲਤਾ ਮਿਲਦੀ ਨਜ਼ਰ ਨਹੀਂ ਆ ਰਹੀ।ਦੇਸ਼ ਦੀ ਸੱਤਾ ਤੇ ਕਾਬਜ਼ ਭਾਰਤੀ ਜਨਤਾ ਪਾਰਟੀ ਨੂੰ ਜਿੱਥੇ ਅਰਬਨ ਏਰੀਏ ਵਿੱਚ ਸਮਰਥਨ ਮਿਲਦਾ ਦਿਖਾਈ ਦਿੰਦਾ ਹੈ।ਪਰ ਪਿੰਡਾ ਵਿੱਚ ਕਿਸਾਨਾਂ ਵੱਲੋ ਕੀਤੇ ਜਾ ਰਹੇ ਲਗਾਤਾਰ ਵਿਰੋਧ ਕਾਰਣ ਸਥਿਤੀ ਕਮਜੋਰ ਬਣੀ ਹੋਈ ਹੈ। ਫਿਲਹਾਲ ਸੰਗਰੂਰ ਲੋਕ ਸਭਾ ਤੋਂ ਬੀਜੇਪੀ ਵਲੋਂ ਟਿਕਟ ਲਈ ਸਾਬਕਾ ਵਿਧਾਇਕ, ਕਾਰੋਬਾਰੀ, ਉੱਘੇ ਸਮਾਜ ਸੇਵਕ ਅਰਵਿੰਦ ਖੰਨਾ, ਦਮਨ ਬਾਜਵਾ ਸੁਨਾਮ, ਰਣਧੀਰ ਸਿੰਘ ਕਲੇਰ ਆਦਿ ਆਗੂ ਅਗਲੀ ਲਾਈਨ ਵਿੱਚ ਹਨ।ਅਗਲੇ ਦਿਨਾਂ ਵਿਚ ਲ਼ੋਕ ਸਭਾ ਚੋਣਾਂ ਦੀਆਂ ਵਧਦੀਆਂ ਸਰਗਰਮੀਆਂ ਵਿਚ ਕੀ ਬਣਨਾ ਹੈ ਇਹ ਸਮੇਂ ਦੇ ਗਰਭ ਵਿੱਚ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# A massive BJP election campaigning gathering at Amroha, Uttar Pradesh, on 19 April 2024



**India,** the world's most populous country, on 19th April 2024 embarked on a massive parliamentary election to elect the next leader of the nation. Spanning nearly six weeks across seven phases due to its colossal geography, voting concludes on June 1st, with the results expected to be declared on June 4th. Though political observers raise legitimate concerns about the erosion of press and media freedom, India continues to claim the title as the world biggest democracy.

2024 General Election is the 18th since India gained independence from British Rule. Over the years, India's electoral process has been a cornerstone of its democratic ethos, with each election witnessing the participation of a growing electorate, now reaching nearly a billion potential voters within a population of 1.4 billion.

Traditionally dominated by the Indian National Congress (INC) and the formidable presence of the Gandhi dynasty, the political arena has undergone significant transformations in recent elections. Notably, the rise of Narendra Modi and his Bharatiya Janata Party (BJP) characterised by an aggressive Hindu nationalist agenda, has marked something of a paradigm shift in Indian politics. Modi's ascendancy to power in the 2014 elections, propelled by his charismatic leadership and promises of development and a 'Hindu India First' policy, reshaped the contours of political discourse in the country.

ਆਵਾਜ਼ਿ ਕੌਮ AWAZE QAUM International Newspaper & WEB TV

However, PM Modi's tenure has not been devoid of controversies. Widespread concerns continue to be expressed over the perceived drift of the BJP towards right-wing Hindu majoritarianism, raising alarms about the erosion of India's secular fabric and the marginalization of minority communities. In response, the BJP claim to be the true and only national party that remains committed to 'secular' India and that their assertion of Hindu identity is not based on religion but a common cultural heritage. Commonly referred to as 'Hindutva, this claim is associated with a political ideology that was first developed by the Rashtriya Swayamsevak Sangh (RSS), which was founded in 1925 and continues to be closely aligned with the BJP.

In this evolving political milieu, against the backdrop of the decline of the INC party and the anti-corruption campaign that was led by the social activist Anna Hazare in 2011, the emergence of the Aam Aadmi Party (AAP) has been a significant, particularly in Punjab, Delhi and Northern India states. Founded on the principles of anti-corruption and inclusive governance, the AAP, led by former bureaucrat turned anti-corruption activist Arvind Kejriwal, made a notable entry into the political fray. The party's electoral debut in the 2013 Delhi Assembly elections stunned observers as it secured a significant mandate, propelling Kejriwal to the Chief Minister's office.


The AAP's governance model in Delhi, marked by initiatives such as Mohalla Clinics for healthcare and subsidized utilities, garnered both praise and criticism. However, its anti-corruption stance and pro-poor policies resonated with a segment of voters disillusioned with traditional politics. Yet, the current imprisonment of Arvind Kejriwal amidst allegations of defamation adds a layer of complexity to AAP's narrative. While supporters decry it as a witch-hunt, critics question the party's claims of transparency, underscoring the challenges it faces in navigating the political landscape during a crucial electoral period.

In Punjab, the political scenario is characterized by a multi-cornered contest involving several key players, including the INC, the Shiromani Akali Dal (SAD), the AAP, and the BJP. Historically, Punjab has been a battleground for the INC and the SAD, with both parties vying for supremacy. However, in recent years, the AAP has emerged as a formidable contender, particularly in urban areas, capitalizing on issues such as corruption and governance.

The prospects of the main political parties in Punjab, and parts of the nation outside the traditional Hindi belt, namely, namely Haryana, Himachal Pradesh, Madhya Pradesh, Rajasthan and Uttar Pradesh, are intricately intertwined with evolving socio-political dynamics and regional aspirations. Factors such as agrarian distress, youth unemployment, drug addition and outward migration and alliances are expected to influence voter sentiments.

Additionally, though not as significant as expat Panjabis seem to think, Panthic concerns linked to the ongoing imprisonment of Sikh political prisoners, long term grievances related to Punjab's river waters and economic development are likely to feature amongst the hustings. In this regard, the rapidly declining Shiromani Akali Dal led by Sukhbir Singh Badal are characteristically expected to claim the mantle of being the only true Panthic party.

Whilst some political observers argue that the BJP popularity has peaked and can only decline, with a commensurate resurgence of the INC, others argue that Modi and his BJP are on course for a landslide third term in power. Whether the predicable victory will be because of popularity or, as critics suggest, the BJP corruptly deploying institutions and resources of the state, only time will tell. No doubt we will get some answers to this question over the coming weeks.



**Gurnam Singh**

S. Gurnam Singh is an academic activist dedicated to human rights, liberty, equality, social and environmental justice. He is an Associate Professor of Sociology at University of Warwick, UK. He can be contacted at Gurnam.singh.1@warwick.ac.uk

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243